ਸੰਪਰਕ : 99998-89104 ਸਾਲ : 16 ਅੰਕ : 163 ਪੇਜ : 12 ਮਿਤੀ : 15 ਜੂਨ, 2026 ਦਿਨ : ਸੋਮਵਾਰ ₹ 2 epaper.onlinejagran.com facebook.com/janjagranpunjab

ਜਨ ਜਾਗਰਣ ਟੀ.ਵੀ ਪੰਜਾਬ ਦੇਖਣ ਲਈ ਹੇਠਾਂ ਦਿੱਤੇ ਫੇਸਬੁੱਕ ਅਕਾਊਂਟ 'ਤੇ ਜਾਓ
ਜਨ ਜਾਗਰਣ TV ਪੰਜਾਬ
Facebook.com/janjagranpunjab

ਜਨ-ਜਨ ਦੀ ਅਵਾਜ਼ ਜਲੰਧਰ ਤੋਂ ਪ੍ਰਕਾਸ਼ਿਤ

# ਜਨ ਜਾਗਰਣ

Daily Jan Jagran, Punjab RNI : PUNPUN/ 2011/ 44547
janjagranpunjab@gmail.com ਪੰਜਾਬ ਐਡੀਸ਼ਨ ਜਲੰਧਰ - ਦਿੱਲੀ - ਚੰਡੀਗੜ੍ਹ

ਰੋਜ਼ਾਨਾ 'ਜਨ ਜਾਗਰਣ' ਨੂੰ ਪੰਜਾਬ ਦੇ ਵੱਖ - ਵੱਖ ਸਟੇਸ਼ਨਾਂ ਤੋਂ ਪੱਤਰਕਾਰਾਂ ਦੀ ਲੋੜ ਹੈ।
ਈ ਮੇਲ - janjagranpunjab1@gmail.com
ਸੰਪਰਕ : 8360452008




# ਫਰਾਂਸ 'ਚ ਮਿਲੇ ਮੋਦੀ ਤੇ ਮੈਕਰੋਨ

## 'ਭਾਰਤ ਇਨੋਵੇਟਸ 2026' ਦਾ ਕੀਤਾ ਉਦਘਾਟਨ




ਨਵੀਂ ਦਿੱਲੀ, 14 ਜੂਨ (ਜਨ ਜਾਗਰਣ ਬਿਊਰੋ)-: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਫਰਾਂਸ ਦੇ ਨੀਸ ਸ਼ਹਿਰ 'ਚ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਮੈਕਰੋਨ ਨੇ ਪੀ ਐਮ ਮੋਦੀ ਦਾ ਨਿੱਘਾ ਸਵਾਗਤ ਕੀਤਾ। ਦੋਵਾਂ ਨੇਤਾਵਾਂ ਨੇ ਇਕ-ਦੂਜੇ ਨੂੰ ਗਲੇ ਲਗਾਇਆ। ਇਸ ਤੋਂ ਬਾਅਦ ਉਨ੍ਹਾਂ ਨੇ ਮਿਲ ਕੇ 'ਭਾਰਤ ਇਨੋਵੇਟਸ 2026' ਪ੍ਰੋਗਰਾਮ ਦਾ ਉਦਘਾਟਨ ਕੀਤਾ। ਇਹ ਪ੍ਰੋਗਰਾਮ ਭਾਰਤ, ਫਰਾਂਸ ਅਤੇ ਦੁਨੀਆ ਦੇ ਹੋਰ ਦੇਸ਼ਾਂ ਦੇ ਸਟਾਰਟਅੱਪਸ, ਨਿਵੇਸ਼ਕਾਂ ਅਤੇ ਵੈਂਚਰ ਕੈਪੀਟਲ ਫੰਡਾਂ ਨੂੰ ਇਕ ਮੰਚ 'ਤੇ ਲਿਆਉਣ ਲਈ ਆਯੋਜਿਤ ਕੀਤਾ ਜਾ ਰਿਹਾ ਹੈ। ਭਾਰਤ ਇਨੋਵੇਟਸ 2026 ਸੰਮੇਲਨ 14 ਜੂਨ ਤੋਂ 16 ਜੂਨ ਤੱਕ ਤਿੰਨ ਦਿਨਾਂ ਤੱਕ ਚੱਲੇਗਾ। ਇਸ ਨੂੰ ਭਾਰਤ-ਫਰਾਂਸ 'ਈਅਰ ਆਫ ਇਨੋਵੇਸ਼ਨ' ਦਾ ਇਕ ਅਹਿਮ ਆਯੋਜਨ ਮੰਨਿਆ ਜਾ ਰਿਹਾ ਹੈ। ਇਸ ਦਾ ਮਕਸਦ ਨਵੀਂ ਤਕਨੀਕ, ਇਨੋਵੇਸ਼ਨ ਅਤੇ ਕਾਰੋਬਾਰੀ ਭਾਈਵਾਲੀ ਨੂੰ ਉਤਸ਼ਾਹਿਤ ਕਰਨਾ ਹੈ। ਇਹ ਪ੍ਰੋਗਰਾਮ ਦਰਸਾਉਂਦਾ ਹੈ ਕਿ ਭਾਰਤ ਅਤੇ ਫਰਾਂਸ ਵਿਚਕਾਰ ਤਕਨੀਕ ਅਤੇ ਨਵੀਨਤਾ ਦੇ ਖੇਤਰ ਵਿੱਚ ਸਹਿਯੋਗ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਇਸ ਆਯੋਜਨ 'ਚ ਭਾਰਤ ਦੇ 120 ਤੋਂ ਵੱਧ ਡੀਪ-ਟੈਕ ਸਟਾਰਟਅੱਪਸ ਹਿੱਸਾ ਲੈ ਰਹੇ ਹਨ। ਇਸ ਤੋਂ ਇਲਾਵਾ 15 ਤੋਂ ਵੱਧ ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਤੇ ਖੋਜ ਸੰਸਥਾਵਾਂ ਵੀ ਸ਼ਾਮਲ ਹਨ। ਇਨ੍ਹਾਂ 'ਚ ਭਾਰਤੀ ਤਕਨਾਲੋਜੀ ਸੰਸਥਾਨ ਵਰਗੇ ਵੱਕਾਰੀ ਸੰਸਥਾਨ ਵੀ ਸ਼ਾਮਲ ਹਨ। ਸੰਮੇਲਨ ਦਾ ਮਕਸਦ ਭਾਰਤੀ ਸਟਾਰਟਅੱਪਸ ਤੇ ਖੋਜ ਸੰਸਥਾਵਾਂ ਨੂੰ ਦੁਨੀਆ ਭਰ ਦੇ ਨਿਵੇਸ਼ਕਾਂ, ਉਦਯੋਗ ਜਗਤ ਦੇ ਮਾਹਿਰਾਂ ਤੇ ਵਿਦਿਅਕ ਸੰਸਥਾਵਾਂ ਨਾਲ ਜੋੜਨਾ ਹੈ। ਇਸ ਨਾਲ ਭਾਰਤੀ ਕੰਪਨੀਆਂ ਤੇ ਨੌਜਵਾਨਾਂ ਨੂੰ ਨਵੇਂ ਨਿਵੇਸ਼, ਤਕਨੀਕੀ ਸਹਿਯੋਗ ਅਤੇ ਵਿਸ਼ਵ ਪੱਧਰੀ ਮੌਕੇ ਮਿਲਣ ਦੀ ਉਮੀਦ ਹੈ। ਪ੍ਰੋਗਰਾਮ ਵਿੱਚ ਭਵਿੱਖ ਦੀਆਂ ਤਕਨੀਕਾਂ 'ਤੇ ਖਾਸ ਧਿਆਨ ਦਿੱਤਾ ਜਾਵੇਗਾ। ਇਨ੍ਹਾਂ ਵਿੱਚ ਐਡਵਾਂਸ ਕੰਪਿਊਟਿੰਗ, ਸੈਮੀਕੰਡਕਟਰ, ਪੁਲਾੜ ਤਕਨੀਕ, ਰੱਖਿਆ ਖੇਤਰ ਦੀਆਂ ਨਵੀਆਂ ਤਕਨੀਕਾਂ, ਬਾਇਓਟੈਕਨਾਲੋਜੀ, ਹੈਲਥਕੇਅਰ ਅਤੇ ਜਲਵਾਯੂ ਪਰਿਵਰਤਨ ਨਾਲ ਜੁੜੀਆਂ ਤਕਨੀਕਾਂ ਸ਼ਾਮਲ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਇਹ ਸੰਮੇਲਨ ਭਾਰਤ ਲਈ ਆਪਣੀ ਤਕਨੀਕੀ ਸਮਰੱਥਾ ਦੁਨੀਆ ਦੇ ਸਾਹਮਣੇ ਦਿਖਾਉਣ ਅਤੇ ਅੰਤਰਰਾਸ਼ਟਰੀ ਨਿਵੇਸ਼ ਨੂੰ ਆਕਰਸ਼ਿਤ ਕਰਨ ਦਾ ਵੱਡਾ ਮੌਕਾ ਹੈ। ਇਸ ਦੌਰੇ ਦੌਰਾਨ ਮੋਦੀ ਅਤੇ ਮੈਕਰੋਨ ਦੀ ਦੁਵੱਲੀ ਬੈਠਕ ਵੀ ਹੋਵੇਗੀ। ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਹਾਲ ਹੀ ਵਿੱਚ 'ਸਪੈਸ਼ਲ ਗਲੋਬਲ ਸਟ੍ਰੈਟੇਜਿਕ ਪਾਰਟਨਰਸ਼ਿਪ' ਦਾ ਦਰਜਾ ਦਿੱਤਾ ਗਿਆ ਹੈ ਅਤੇ ਉਸ ਤੋਂ ਬਾਅਦ ਇਹ ਦੋਵਾਂ ਨੇਤਾਵਾਂ ਦੀ ਪਹਿਲੀ ਸਿਖਰ ਸੰਮੇਲਨ ਬੈਠਕ ਹੈ।

# ਬਾਗੀ ਸੰਸਦ ਮੈਂਬਰਾਂ ਦੀ ਸਪੀਕਰ ਨਾਲ ਮੁਲਾਕਾਤ ਤੋਂ ਪਹਿਲਾਂ ਸਾਇਨੀ ਘੋਸ਼ ਅਤੇ ਮਾਲਾ ਰਾਏ ਦਿੱਲੀ ਪਹੁੰਚੀਆਂ

ਕੋਲਕਾਤਾ, 14 ਜੂਨ (ਜਨ ਜਾਗਰਣ ਬਿਊਰੋ)-ਤ੍ਰਿਣਮੂਲ ਕਾਂਗਰਸ ਦੇ ਅੰਦਰ ਚੱਲ ਰਹੀ



ਸਿਆਸੀ ਉਥਲ-ਪੁਥਲ ਹੋਰ ਡੂੰਘੀ ਹੁੰਦੀ ਜਾ ਰਹੀ ਹੈ। ਪਾਰਟੀ ਦੇ ਬਾਗੀ ਸੰਸਦ ਮੈਂਬਰਾਂ ਵੱਲੋਂ ਲੋਕ ਸਭਾ ਸਪੀਕਰ ਨਾਲ ਮੁਲਾਕਾਤ ਕਰਕੇ ਅਸਲੀ ਤ੍ਰਿਣਮੂਲ 'ਤੇ ਆਪਣਾ ਦਾਅਵਾ ਪੇਸ਼ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਸਿਲਸਿਲੇ ਵਿੱਚ ਐਤਵਾਰ ਨੂੰ ਪਾਰਟੀ ਦੀਆਂ ਪ੍ਰਮੁੱਖ ਆਗੂ ਅਤੇ ਸੰਸਦ ਮੈਂਬਰ ਸਾਇਨੀ ਘੋਸ਼ ਅਤੇ ਮਾਲਾ ਰਾਏ ਦਿੱਲੀ ਪਹੁੰਚ ਚੁੱਕੀਆਂ ਹਨ। ਦੂਜੇ ਪਾਸੇ, ਟੀਐਮਸੀ ਦੀ ਮੁੱਖ ਲੀਡਰਸ਼ਿਪ ਨੇ ਇਸ ਕਾਰਵਾਈ ਦਾ ਵਿਰੋਧ ਕਰਦਿਆਂ ਸਪਸ਼ਟ ਕਿਹਾ ਹੈ ਕਿ ਕਾਨੂੰਨ ਮੁਤਾਬਕ ਸਦਨ ਦੇ ਅੰਦਰ ਕਿਸੇ ਵੱਖਰੇ ਸੰਸਦੀ ਸਮੂਹ ਨੂੰ ਮਾਨਤਾ ਦੇਣ ਦਾ ਕੋਈ ਪ੍ਰਬੰਧ ਨਹੀਂ ਹੈ। ਇਸ ਸਿਆਸੀ ਸੰਕਟ ਦਰਮਿਆਨ ਤ੍ਰਿਣਮੂਲ ਕਾਂਗਰਸ ਨੇ ਪਾਰਟੀ ਦੇ ਸੰਗਠਨ ਵਿੱਚ ਫੇਰਬਦਲ ਕਰ ਦਿੱਤਾ ਹੈ। ਪਾਰਟੀ ਹਾਈਕਮਾਂਡ ਨੇ ਕਾਰਵਾਈ ਕਰਦੇ ਹੋਏ ਸਾਇਨੀ ਘੋਸ਼, ਮਾਲਾ ਰਾਏ ਅਤੇ ਬੰਦੋਪਾਧਿਆਏ ਨੂੰ ਪਾਰਟੀ ਦੇ ਅਹਿਮ ਅਤੇ ਮੁੱਖ ਅਹੁਦਿਆਂ ਤੋਂ ਹਟਾ ਦਿੱਤਾ ਹੈ। ਸੂਤਰਾਂ ਮੁਤਾਬਕ ਦਿੱਲੀ ਪਹੁੰਚੇ ਇਹ ਬਾਗੀ ਸੰਸਦ ਮੈਂਬਰ ਐਤਵਾਰ ਨੂੰ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਨਾਲ ਵੀ ਇੱਕ ਅਹਿਮ ਮੁਲਾਕਾਤ ਕਰ ਸਕਦੇ ਹਨ, ਜਿਸ ਕਾਰਨ ਸੂਬੇ ਦੀ ਸਿਆਸਤ ਗਰਮਾ ਗਈ ਹੈ। ਦਿੱਲੀ ਦੇ ਹਵਾਈ ਅੱਡੇ 'ਤੇ ਪਹੁੰਚਣ ਤੋਂ ਬਾਅਦ ਦੋਵਾਂ ਮਹਿਲਾ ਸੰਸਦ ਮੈਂਬਰਾਂ ਨੇ ਮੀਡੀਆ ਦੇ ਸਵਾਲਾਂ ਤੋਂ ਪੂਰੀ ਤਰ੍ਹਾਂ ਦੂਰੀ ਬਣਾਈ ਰੱਖੀ। ਜਦੋਂ ਪੱਤਰਕਾਰਾਂ ਨੇ ਇਸ ਸਿਆਸੀ ਹਲਚਲ ਬਾਰੇ ਪੁੱਛਣਾ ਚਾਹਿਆ ਤਾਂ ਮਾਲਾ ਰਾਏ ਅਤੇ ਸਾਇਨੀ ਘੋਸ਼ ਨੇ ਕੋਈ ਵੀ ਬਿਆਨ ਦੇਣ ਤੋਂ ਨਾਂਹ ਕਰ ਦਿੱਤੀ। ਮੀਡੀਆ ਨਾਲ ਗੱਲ ਕਰਨ ਤੋਂ ਇਨਕਾਰ ਕਰਦਿਆਂ ਘੋਸ਼ ਨੇ ਤਿੱਖੇ ਲਹਿਜੇ ਵਿੱਚ ਕਿਹਾ, "ਮੈਂ ਤੁਹਾਡੇ ਸਵਾਲਾਂ ਦਾ ਜਵਾਬ ਦੇਣ ਲਈ ਪਾਬੰਦ ਨਹੀਂ ਹਾਂ, ਮੈਂ ਸਿਰਫ਼ ਆਪਣੇ ਹਲਕੇ ਦੇ ਲੋਕਾਂ ਨੂੰ ਜਵਾਬਦੇਹ ਹਾਂ ਅਤੇ ਉਨ੍ਹਾਂ ਨੂੰ ਹੀ ਜਵਾਬ ਦੇਵਾਂਗੀ।"

# ਨਗਰ ਨਿਗਮ ਦੀ ਜਿੱਤ ਦੀ ਖੁਸ਼ੀ ਵਿੱਚ 'ਆਪ' ਵੱਲੋਂ ਰੋਡ ਸ਼ੋਅ

## ਅਰਵਿੰਦ ਕੇਜਰੀਵਾਲ, ਭਗਵੰਤ ਮਾਨ, ਅਮਨ ਅਰੋੜਾ; ਮਨੀਸ਼ ਸਸੋਦੀਆ, ਮਲਵਿੰਦਰ ਕੰਗ, ਕੁਲਵੰਤ ਸਿੰਘ ਕਰ ਰਹੇ ਹਨ ਰੋਡ ਸ਼ੋਅ ਦੀ ਅਗਵਾਈ



ਮੁਹਾਲੀ, 14 ਜੂਨ (ਜਨ ਜਾਗਰਣ ਬਿਊਰੋ) ਮੁਹਾਲੀ ਨਗਰ ਨਿਗਮ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਦੀ ਖੁਸ਼ੀ ਵਿੱਚ ਆਮ ਆਦਮੀ ਪਾਰਟੀ ਵੱਲੋਂ ਰੋਡ ਸ਼ੋਅ ਕੀਤਾ ਜਾ ਰਿਹਾ ਹੈ। ਇਹ ਰੋਡ ਸ਼ੋਅ ਸ਼ਾਮੀ 6 ਵਜੇ ਮੁਹਾਲੀ ਦੇ ਸੈਕਟਰ 78 ਦੇ ਪਿੰਡ ਸੁਹਾਣਾ ਨੇੜਿਓਂ ਆਰੰਭ ਹੋਇਆ। ਰੋਡ ਸ਼ੋਅ ਦੀ ਅਗਵਾਈ ਆਪ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ, ਮਨੀਸ਼ ਸਿਸੋਦੀਆ, ਅਮਨ ਅਰੋੜਾ, ਵਿਧਾਇਕ ਕੁਲਵੰਤ ਸਿੰਘ, ਮੁਹਾਲੀ ਦੇ ਮੇਅਰ ਸਰਬਜੀਤ ਸਿੰਘ ਕਰ ਰਹੇ ਹਨ। ਇਹ ਰੋਡ ਸ਼ੋਅ ਪਿੰਡ ਸੁਹਾਣਾ ਦੀ ਫਿਰਨੀ ਉੱਤੋਂ ਘੁੰਮੇਗਾ। ਪ੍ਰਸ਼ਾਸਨ ਵੱਲੋਂ ਰੋਡ ਸ਼ੋਅ ਦੀ ਤਿਆਰੀ ਲਈ ਰਾਤੋ ਰਾਤ ਪਿੰਡ ਦੀ ਫਿਰਨੀ ਉੱਤੇ ਪ੍ਰੀਮਿਕਸ ਪਾਈ ਗਈ ਹੈ ਅਤੇ ਸਫਾਈ ਕੀਤੀ ਗਈ ਹੈ। ਸਮੁੱਚੇ ਖੇਤਰ ਨੂੰ ਆਮ ਆਦਮੀ ਪਾਰਟੀ ਦੇ ਝੰਡਿਆਂ, ਸਵਾਗਤੀ ਗੇਟਾਂ ਨਾਲ ਸਜਾਇਆ ਗਿਆ ਹੈ। ਪਾਰਟੀ ਦੇ ਵੱਡੀ ਗਿਣਤੀ ਵਿੱਚ ਵਰਕਰ ਇਸ ਮੌਕੇ ਮੌਜੂਦ ਹਨ ਅਤੇ ਰੋਡ ਸ਼ੋਅ ਵਾਲੀ ਥਾਂ ਨੇੜਲੇ ਘਰਾਂ ਅਤੇ ਦੁਕਾਨਾਂ ਤੇ ਹੋਰ ਕਾਰੋਬਾਰੀ ਅਦਾਰਿਆਂ ਉੱਤੇ ਵੀ ਲੋਕ ਪਾਰਟੀ ਦੇ ਝੰਡੇ ਚੁੱਕ ਕੇ ਰੋਡ ਸ਼ੋਅ ਕੱਢ ਰਹੇ ਆਗੂਆਂ ਦਾ ਸਵਾਗਤ ਕਰ ਰਹੇ ਹਨ। ਪਿੰਡ ਦੇ ਕਈ ਵਸਨੀਕਾਂ ਨੇ ਰੋਡ ਸ਼ੋਅ ਤੋਂ ਪਹਿਲਾਂ ਸਬੰਧਤ ਥਾਵਾਂ ਤੋਂ ਲੰਘਦੀਆਂ ਵਾਈ ਫਾਈ ਦੀਆਂ ਤਾਰਾਂ ਨੂੰ ਕੱਟ ਕੇ ਪਾਸੇ ਕਰਨ ਦਾ ਵੀ ਦੋਸ਼ ਲਾਇਆ ਹੈ।

## ਈਥੇਨੌਲ ਵਾਲੇ ਪੈਟਰੋਲ ਨਾਲ ਵਾਹਨਾਂ ਦੀ ਸਮਰੱਥਾ ਨੂੰ ਕੋਈ ਖਤਰਾ ਨਹੀਂ : ਗਡਕਰੀ

ਜਲੰਧਰ, 14 ਜੂਨ (ਜਨ ਜਾਗਰਣ ਬਿਊਰੋ)- ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨੇ ਸਪੱਸ਼ਟ ਕੀਤਾ ਹੈ ਕਿ ਪੈਟਰੋਲ ਵਿਚ ਈਥੇਨੌਲ ਮਿਲਾਉਣ ਨਾਲ ਕਿਸੇ ਵੀ ਵਾਹਨ ਦੀ ਸਮਰੱਥਾ ਨੂੰ ਕੋਈ ਖ਼ਤਰਾ ਨਹੀਂ ਅਤੇ ਈਥੇਨੌਲ ਖ਼ਿਲਾਫ਼ ਇਹ ਮੁਹਿੰਮ ਪੈਟਰੋਲੀਅਮ ਪਦਾਰਥਾਂ ਦੀ ਦਰਾਮਦ ਕਰਨ ਵਾਲੀ ਉਸ ਲਾਬੀ ਵੱਲੋਂ ਚਲਾਈ ਜਾ ਰਹੀ ਹੈ, ਜਿਸ ਨੂੰ ਪੈਟਰੋਲ ਵਿਚ ਈਥੇਨੌਲ ਮਿਲਾਉਣ ਕਾਰਨ 24 ਹਜ਼ਾਰ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। 'ਜਗ ਬਾਣੀ' ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਨਿਤਿਨ ਗਡਕਰੀ ਨੇ ਕਿਹਾ ਕਿ ਉਹ ਖ਼ੁਦ 100 ਫ਼ੀਸਦੀ ਬਾਇਓ-ਈਥੇਨੌਲ ਵਾਲੀ ਕਾਰ ਦੀ ਵਰਤੋਂ ਕਰ ਰਹੇ ਹਨ ਅਤੇ ਉਨ੍ਹਾਂ ਦੀ ਕਾਰ ਨੂੰ ਇਸ ਨਾਲ ਕੋਈ ਨੁਕਸਾਨ ਨਹੀਂ ਹੋਇਆ, ਸਗੋਂ ਇਸ ਈਂਧਨ ਦੀ ਵਰਤੋਂ ਨਾਲ ਉਹ ਚੌਗਿਰਦੇ ਨੂੰ ਵੀ ਸੁਰੱਖਿਅਤ ਕਰ ਰਹੇ ਹਨ। ਨਿਤਿਨ ਗਡਕਰੀ ਨੇ ਕਿਹਾ ਕਿ ਪੈਟਰੋਲ ਵਿਚ ਈਥੇਨੌਲ ਦੀ ਬਲੈਂਡਿੰਗ ਕਰਨ ਨਾਲ ਇਕ ਵਿੱਤੀ ਸਾਲ ਵਿਚ ਲੱਗਭਗ 24 ਹਜ਼ਾਰ ਕਰੋੜ ਰੁਪਏ ਦੀ ਵਿਦੇਸ਼ੀ ਕਰੰਸੀ ਦੀ ਬੱਚਤ ਹੋਈ ਹੈ ਅਤੇ ਜੇਕਰ ਇਸ ਪੈਸੇ ਨਾਲ ਕੱਚੇ ਤੇਲ ਦੀ ਦਰਾਮਦ ਕੀਤੀ ਜਾਂਦੀ ਤਾਂ ਦੇਸ਼ ਨੂੰ 24 ਹਜ਼ਾਰ ਕਰੋੜ ਦੀ ਵਿਦੇਸ਼ੀ ਕਰੰਸੀ ਦਾ ਨੁਕਸਾਨ ਹੁੰਦਾ, ਜਿਸ ਕਾਰਨ ਇਹੀ ਕੰਪਨੀਆਂ ਹੁਣ ਈਥੇਨੌਲ ਖ਼ਿਲਾਫ਼ ਗੁੰਮਰਾਹਕੁੰਨ ਪ੍ਰਚਾਰ ਕਰ ਰਹੀਆਂ ਹਨ।

# ਨਾਇਬ ਸੈਣੀ ਨੇ 346ਵੇਂ ਰਾਸ਼ਨ ਤੇ ਸਹਾਇਤਾ ਵੰਡ ਸਮਾਰੋਹ 'ਚ ਕੀਤੀ ਸ਼ਿਰਕਤ

ਲੁਧਿਆਣਾ, 14 ਜੂਨ (ਜਨ ਜਾਗਰਣ ਬਿਊਰੋ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇੱਥੇ ਆਯੋਜਿਤ 346ਵੇਂ ਮਾਸਿਕ ਵਿਧਵਾ ਰਾਸ਼ਨ ਅਤੇ ਸਹਾਇਤਾ ਵੰਡ ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਲੁਧਿਆਣਾ ਦੇ ਗਿਆਨ ਸਥਲ ਮੰਦਿਰ 'ਚ ਆਯੋਜਿਤ ਇਸ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਸ਼ਹੀਦ ਲਾਲਾ ਜਗਤ ਨਾਰਾਇਣ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਦੇਸ਼ ਭਗਤੀ ਅਤੇ ਸੇਵਾ ਲਈ ਸਮਰਪਿਤ ਕਰ ਦਿੱਤੀ ਸੀ। ਉਨ੍ਹਾਂ ਕਿਹਾ ਕਿ ਲਾਲਾ ਜਗਤ ਨਾਰਾਇਣ ਨਿਸ਼ਕਾਮ ਸੇਵਾ ਸੰਮਤੀ ਪਿਛਲੇ 346 ਮਹੀਨਿਆਂ ਤੋਂ ਨਿਰੰਤਰ ਸਮਾਜ ਸੇਵਾ ਦੇ ਕਾਰਜ ਕਰ ਰਹੀ ਹੈ। ਸਮਾਰੋਹ ਦੌਰਾਨ ਮੁੱਖ ਮੰਤਰੀ ਨੇ ਜੰਮੂ-ਕਸ਼ਮੀਰ 'ਚ ਅੱਤਵਾਦ ਪੀੜਤਾਂ ਲਈ 64ਵੇਂ ਰਾਹਤ ਸਮੱਗਰੀ ਦੇ ਟਰੱਕ ਨੂੰ ਵੀ ਰਵਾਨਾ ਕੀਤਾ। ਉਨ੍ਹਾਂ ਦੱਸਿਆ ਕਿ ਇਸ ਸੇਵਾ ਕਾਰਜ ਦੀ ਸ਼ੁਰੂਆਤ ਸਾਲ 1997 'ਚ ਜਗਦੀਸ਼ ਬਜਾਜ ਜੀ ਨੇ



ਕੀਤੀ ਸੀ। ਸੰਸਥਾ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਹੁਣ ਤੱਕ 1 ਲੱਖ 65 ਹਜ਼ਾਰ ਤੋਂ ਵੱਧ ਵਿਧਵਾਵਾਂ ਨੂੰ ਰਾਸ਼ਨ ਵੰਡਿਆ ਗਿਆ ਹੈ। ਕੋਰੋਨਾ ਕਾਲ ਦੌਰਾਨ ਸੰਸਥਾ ਨੇ ਘਰ-ਘਰ ਜਾ ਕੇ ਰਾਸ਼ਨ ਪਹੁੰਚਾਇਆ। 385 ਦਿਵਿਆਂਗਾਂ ਨੂੰ ਸਾਈਕਲ ਅਤੇ 1 ਲੱਖ 15 ਹਜ਼ਾਰ ਤੋਂ ਵੱਧ ਔਰਤਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਗਈਆਂ। 25 ਹਜ਼ਾਰ ਤੋਂ ਵੱਧ ਬੱਚਿਆਂ ਨੂੰ ਕੰਪਿਊਟਰ ਸਿੱਖਿਆ ਪ੍ਰਦਾਨ ਕੀਤੀ ਗਈ ਹੈ।

ਹਰਿਆਣਾ ਸਰਕਾਰ ਦੀਆਂ ਜਨ-ਕਲਿਆਣਕਾਰੀ ਯੋਜਨਾਵਾਂ ਮੁੱਖ ਮੰਤਰੀ ਨੇ ਦੱਸਿਆ ਕਿ ਹਰਿਆਣਾ ਵਿੱਚ ਵੀ ਔਰਤਾਂ ਅਤੇ ਧੀਆਂ ਲਈ ਕਈ ਅਹਿਮ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। 'ਦੀਨਦਿਆਲ ਲਾਡੋ ਲਕਸ਼ਮੀ ਯੋਜਨਾ' ਤਹਿਤ ਔਰਤਾਂ ਨੂੰ 2100 ਰੁਪਏ ਪ੍ਰਤੀ ਮਹੀਨਾ ਅਤੇ 'ਹਰ ਘਰ ਹਰ ਗ੍ਰਹਿਣੀ ਯੋਜਨਾ' ਤਹਿਤ ਸਿਰਫ਼ 500 ਰੁਪਏ ਵਿੱਚ ਗੈਸ ਸਿਲੰਡਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਧੀਆਂ ਦੀ ਸਿੱਖਿਆ ਲਈ 81 ਕਾਲਜ ਖੋਲ੍ਹੇ ਗਏ ਹਨ ਅਤੇ ਪੋਸਟ ਗ੍ਰੈਜੂਏਸ਼ਨ ਤੱਕ ਮੁਫ਼ਤ ਸਿੱਖਿਆ ਦਿੱਤੀ ਜਾ ਰਹੀ ਹੈ।

# 30 ਕਿਲੋਗ੍ਰਾਮ ਹੈਰੋਇਨ ਬਰਾਮਦਗੀ ਮਾਮਲਾ: ਨਾਬਾਲਗ ਸਮੇਤ ਦੋ ਸਾਥੀ ਗ੍ਰਿਫ਼ਤਾਰ, 5 ਕਿਲੋ ਹੋਰ ਹੈਰੋਇਨ ਬਰਾਮਦ

## ਦੁਬਈ-ਅਧਾਰਤ ਤਸਕਰ ਸਰਹੱਦ ਪਾਰੋਂ ਹੈਰੋਇਨ ਦੀ ਸਪਲਾਈ ਵਿੱਚ ਸਹਾਇਤਾ ਕਰ ਰਿਹਾ ਸੀ: ਡੀਜੀਪੀ ਗੌਰਵ ਯਾਦਵ



ਚੰਡੀਗੜ੍ਹ/ਅੰਮ੍ਰਿਤਸਰ, 14 ਜੂਨ (ਜਨ ਜਾਗਰਣ ਬਿਊਰੋ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ 30 ਕਿਲੋਗ੍ਰਾਮ ਹੈਰੋਇਨ ਬਰਾਮਦਗੀ ਮਾਮਲੇ ਵਿੱਚ ਇੱਕ ਹੋਰ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਵੱਖ-ਵੱਖ ਆਪਰੇਸ਼ਨਾਂ ਦੌਰਾਨ ਇੱਕ ਨਾਬਾਲਗ ਸਮੇਤ ਦੋ ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਇਸ ਮਾਮਲੇ ਵਿੱਚ 5.041 ਕਿਲੋ ਹੋਰ ਹੈਰੋਇਨ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਭਿਸ਼ੇਕ ਉਰਫ਼ ਅਭੀ ਉਰਫ਼ ਭਿੰਡੀ (25) ਵਾਸੀ ਛੇਹਰਟਾ, ਅੰਮ੍ਰਿਤਸਰ ਅਤੇ ਇੱਕ ਨਾਬਾਲਗ ਵਜੋਂ ਹੋਈ ਹੈ। ਮੁਲਜ਼ਮ ਅਭਿਸ਼ੇਕ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਸ ਵਿਰੁੱਧ ਅਸਲਾ ਐਕਟ, ਐਨਡੀਪੀਐਸ ਐਕਟ, ਲੁੱਟ-ਖੋਹ ਅਤੇ ਹਮਲਾ ਨਾਲ ਸਬੰਧਤ ਅਪਰਾਧਾਂ ਤਹਿਤ ਕਈ ਮਾਮਲੇ ਦਰਜ ਹਨ। ਇਹ ਗ੍ਰਿਫ਼ਤਾਰੀ ਵੀਰਵਾਰ ਨੂੰ ਛੇ ਵਿਅਕਤੀਆਂ - ਗੌਤਮ, ਕਬੀਰ ਉਰਫ਼ ਕਾਕੂ, ਸਮੀਰ ਉਰਫ਼ ਸਭਰਵਾਲ, ਗੁਰਪ੍ਰੀਤ ਉਰਫ਼ ਕੀਦਾ ਅਤੇ ਦੋ ਨਾਬਾਲਗਾਂ - ਨੂੰ 30.045 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਤੋਂ ਕੁਝ ਦਿਨ ਬਾਅਦ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਮੁਲਜ਼ਮ ਦੁਬਈ ਸਥਿਤ ਇੱਕ ਤਸਕਰ ਜੋ ਸਰਹੱਦ ਪਾਰੋਂ ਹੈਰੋਇਨ ਦੀ ਖੇਪ ਦੀ ਸਪਲਾਈ ਵਿੱਚ ਸਹਾਇਤਾ ਕਰ ਰਿਹਾ ਸੀ, ਨਾਲ ਜੁੜੇ ਹੋਏ ਸਨ। ਉਨ੍ਹਾਂ ਦੱਸਿਆ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਸਾਥੀਆਂ ਦੀ ਪਛਾਣ ਕਰਨ, ਵਿੱਤੀ ਲੈਣ-ਦੇਣ ਦਾ ਪਤਾ ਲਗਾਉਣ ਅਤੇ ਸੰਭਾਵਿਤ ਹਵਾਲਾ ਲਿੰਕਾਂ ਦਾ ਪਤਾ ਲਗਾਉਣ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਵੱਡੇ ਮਾਮਲੇ ਦੀ ਜਾਂਚ ਦੌਰਾਨ ਸਥਾਪਿਤ ਕੀਤੇ ਗਏ ਅਗਲੇ-ਪਿਛਲੇ ਸਬੰਧਾਂ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਮੁਲਜ਼ਮ ਕਬੀਰ ਉਰਫ਼ ਕਾਕੂ ਦੇ ਖੁਲਾਸੇ ਰਾਹੀਂ ਉਸ ਦੇ ਕਬਜ਼ੇ ਵਿੱਚੋਂ 2.006 ਕਿਲੋਗ੍ਰਾਮ ਹੋਰ ਹੈਰੋਇਨ ਬਰਾਮਦ ਕੀਤੀ ਅਤੇ ਉਸਦੇ ਦੋ ਸਾਥੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦੱਸਿਆ ਕਿ ਇੱਕ ਹੋਰ ਆਪਰੇਸ਼ਨ ਦੌਰਾਨ, ਪੁਲਿਸ ਟੀਮਾਂ ਨੂੰ ਵੰਸ਼ਦੀਪ ਸਿੰਘ ਨਾਮਕ ਇਸ ਮਾਡਿਊਲ ਦੇ ਇੱਕ ਸੰਚਾਲਕ, ਜਿਸਦੀ ਪਛਾਣ ਗ੍ਰਿਫ਼ਤਾਰ ਮੁਲਜ਼ਮ ਅਭਿਸ਼ੇਕ ਵੱਲੋਂ ਕੀਤੀ ਗਈ ਹੈ, ਨਾਲ ਹਾਦਸਾ ਵਾਪਰਨ ਬਾਰੇ ਜਾਣਕਾਰੀ ਮਿਲੀ।






# ਸੂਬੇ ’ਚ ਅਜਿਹੀ ਸਰਕਾਰ ਬਣੇ ਜੋ ਨਿੱਜੀ ਫਾਇਦੇ ਤੋਂ ਉੱਪਰ ਉਠ ਕੇ ਪੰਜਾਬ ਬਾਰੇ ਸੋਚੇ : ਮਨੀਸ਼ ਤਿਵਾੜੀ

## ਕਿਹਾ, ਮਾਨ ਸਰਕਾਰ ਨੇ ਪੰਜਾਬ ’ਤੇ ਚੜ੍ਹਾ ਦਿਤਾ ਹੈ 4.47 ਲੱਖ ਕਰੋੜ ਰੁਪਏ ਦਾ ਕਰਜ਼ਾ

ਜਨ ਜਾਗਰਣ ਬਿਊਰੋ

**ਲੁਧਿਆਣਾ (ਕੁਲਵਿੰਦਰ ਸਿੰਘ ਸਲੇਮ ਟਾਬਰੀ) :** ਸਾਬਕਾ ਕੇਂਦਰੀ ਮੰਤਰੀ ਅਤੇ ਚੰਡੀਗੜ੍ਹ ਤੋਂ ਲੋਕਸਭਾ ਮੈਂਬਰ ਮਨੀਸ਼ ਤਿਵਾੜੀ ਨੇ ਕਿਹਾ ਕਿ ਸੂਬੇ ਵਿੱਚ ਅਗਲੀ ਵਾਰ ਅਜਿਹੀ ਸਰਕਾਰ ਬਣੇ, ਜੋ ਆਪਣੇ ਨਿੱਜੀ ਫਾਇਦੇ ਤੋਂ ਉੱਪਰ ਉਠ ਕੇ ਪੰਜਾਬ ਦੇ ਬਾਰੇ ਸੋਚੇ। ਸ੍ਰੀ ਮੁਨੀਸ਼ ਤਿਵਾੜੀ ਮੈਂਬਰ ਪਾਰਲੀਮੈਂਟ ਹਲਕਾ ਪੂਰਬੀ ਦੇ ਪੁਰਾਣੇ ਸੀਨੀਅਰ ਕਾਂਗਰਸੀ ਆਗੂ ਗੁਰਮੇਲ ਸਿੰਘ ਪਹਿਲਵਾਨ ਦੇ ਘਰ ਵਿਸ਼ੇਸ਼ ਮੁਲਾਕਾਤ ਲਈ ਪਹੁੰਚੇ ਮੈਂਬਰ ਪਾਰਲੀਮੈਂਟ ਮਨੀਸ਼ ਤਿਵਾੜੀ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਜਾਬ ਦੇ ਸਾਹਮਣੇ ਕਈ ਗੰਭੀਰ ਚੁਨੌਤੀਆਂ ਹਨ। ਆਪ ਸਰਕਾਰ ਨੇ ਪੰਜਾਬ ਤੇ 4.47 ਲੱਖ ਕਰੋੜ ਰੁਪਏ ਦਾ ਕਰਜਾ ਚੜਾ ਦਿੱਤਾ ਹੈ। ਸਰਕਾਰ ਨੂੰ ਪਿਛਲੇ ਕਰਜੇ ਦਾ ਵਿਆਜ ਚੁਕਾਉਣ ਲਈ ਵੀ ਕਰਜਾ ਹੀ ਲੈਣਾ ਪੈਂਦਾ ਹੈ। ਸੂਬੇ ਦੇ 84 ਫੀਸਦੀ ਕਿਸਾਨਾਂ ਕੋਲ ਢਾਈ ਤੋਂ ਤਿੰਨ ਏਕੜ ਜਮੀਨ ਹੀ ਬਚੀ ਹੈ। 1980 ਤੋਂ ਹੁਣ ਤੱਕ ਧਰਤੀ ਦਾ ਭੂਜਲ ਪੱਧਰ 20 ਮੀਟਰ ਤੱਕ ਹੇਠਾਂ ਡਿੱਗ ਚੁੱਕਾ ਹੈ। ਆਇਲੈਟਸ ਦਾ ਕੰਮ ਵੀ ਬੰਦ ਹੋ ਗਿਆ ਹੈ, ਕਿਉਂਕਿ ਕਈ ਦੇਸ਼ਾਂ ਨੇ ਨਿਯਮ ਐਨੇ ਸਖਤ ਕਰ ਦਿੱਤੇ ਹਨ ਕਿ ਓਥੇ ਜਾਣਾ ਅਤੇ ਸਰਵਾਈਵ ਕਰਨਾ ਮੁਸ਼ਕਿਲ ਹੋ ਗਿਆ ਹੈ। ਕਾਨੂੰਨ ਵਿਵਸਥਾ ਪੂਰੀ ਤਰਾਂ ਖਰਾਬ ਹੋ ਚੁੱਕੀ ਹੈ। ਪਾਕਿਸਤਾਨ ਦੀ ਦਖਲਅੰਦਾਜੀ ਸੀਮਾ ਪਾਰ ਤੋਂ ਆਉਣ ਵਾਲੇ ਡਰੋਨ ਅਤੇ ਲਗਾਤਾਰ ਵਧ ਰਿਹਾ ਨਸ਼ਾ ਪੰਜਾਬ ਲਈ ਵੱਡੀਆਂ ਚੁਨੌਤੀਆਂ ਹਨ। ਇਸ ਕਰਕੇ ਪੰਜਾਬ ਨੂੰ ਇਸ ਵੇਲੇ ਅਜਿਹੀ ਸਰਕਾਰ ਦੀ ਲੋੜ ਹੈ, ਜਿਸਦੇ ਸਾਹਮਣੇ ਪੰਜਾਬ ਨੂੰ ਮੁੜ ਵਿਕਾਸ ਦੀ ਲੀਹਾਂ ਤੇ ਲਿਆਉਣਾ ਮੁੱਖ ਏਜੰਡਾ ਹੋਵੇ। ਉਹਨਾਂ ਕਿਹਾ ਕਿ ਪਿਛਲੇ ਸਾਲਾਂ ਵਿੱਚ ਪੰਜਾਬ ਵਿੱਚ ਕੋਈ ਨਵੀਂ ਇੰਡਸਟਰੀ ਨਹੀਂ ਲੱਗੀ। ਜਦਕਿ ਗੁਜਰਾਤ, ਮਹਾਂਰਾਸ਼ਟਰ ਤੇ ਕਰਨਾਟਕ ਵਰਗੇ ਰਾਜਾਂ ਵਿੱਚ ਇੰਡਸਟਰੀ ਲਗਾਤਾਰ ਵਧ ਰਹੀ ਹੈ। ਪੰਜਾਬ ਵਿੱਚ ਅਜਿਹੀ ਸੂਝਵਾਨ ਸਰਕਾਰ ਆਉਣੀ ਚਾਹੀਦੀ ਹੈ, ਜੋ 60 ਮਹੀਨਿਆਂ ਵਿੱਚ ਸੂਬੇ ਨੂੰ ਵਿਕਾਸ ਦੀਆਂ ਲੀਹਾਂ ਤੇ ਲੈ ਆਵੇ। ਮਨੀਸ਼ ਤਿਵਾੜੀ ਨੇ ਕਿਹਾ ਕਿ ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰ ਜੇਕਰ ਉਹਨਾਂ ਦੀ ਸੋਚ ਵਿਕਾਸਪੱਖੀ ਨਹੀਂ ਹੈ ਤਾਂ ਸਰਕਾਰ ਬਦਲਣ ਦਾ ਕੋਈ ਲਾਭ ਨਹੀਂ ਹੈ। ਪੰਜਾਬ ਨੂੰ ਕਾਂਗਰਸ ਦੀ ਮਜਬੂਤ ਸਰਕਾਰ ਦੀ ਲੋੜ ਹੈ। ਤਾਂ ਜੋ ਪੰਜਾਬ ਫਿਰ ਤੋਂ ਰੰਗਲਾ ਪੰਜਾਬ ਬਣ ਸਕੇ।ਇਸ ਤੋਂ ਪਹਿਲਾਂ ਸੀਨੀਅਰ ਕਾਂਗਰਸੀ ਆਗੂ ਸਰਦਾਰ ਗੁਰਮੇਲ ਸਿੰਘ ਪਹਿਲਵਾਨ ਦੇ ਗ੍ਰਹਿ ਪੁਜਣ ਤੇ ਸ੍ਰੀ ਮੁਨੀਸ਼ ਤਿਵਾੜੀ ਨੂੰ ਕਾਂਗਰਸ ਦੇ ਸਾਬਕਾ ਬਲਾਕ ਪ੍ਰਧਾਨ ਸੰਜੇ ਸ਼ਰਮਾ, ਸੰਨੀ ਪਹੂਜਾ, ਹਰਜਿੰਦਰ ਸਿੰਘ ਰਾਧੇ ਸਵਿਟਸ, ਸੁਰਿੰਦਰ ਸਿੰਘ ਮਾਸਕੋ,ਜੰਗ ਸਿੰਘ, ਉਂਕਾਰ ਸਿੰਘ ਬੱਗਾ, ਸੁਨੀਲ ਕੁਮਾਰ, ਪ੍ਰਤਾਪ ਸਿੰਘ, ਤੇ ਰੋਸ਼ਨ ਸਿੰਘ ਨੇ ਫੂਲਾਂ ਦਾਂ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਜੀ ਆਇਆਂ ਕਿਹਾ ਗਿਆ ।



### ਹਲਕਾ ਪੂਰਬੀ ’ਚ ਬਹੁਤ ਕੰਮ ਕਰਨ ਦੀ ਲੋੜ : ਗੁਰਮੇਲ ਪਹਿਲਵਾਨ

ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਪਹਿਲਵਾਨ ਨੇ ਕਿਹਾ ਕਿ ਹਲਕਾ ਪੂਰਬੀ ਵਿੱਚ ਬਹੁਤ ਕੰਮ ਕਰਨ ਦੀ ਲੋੜ ਹੈ। ਇਸ ਵੇਲੇ ਰਜਿਸਟਰੀਆਂ ਦਾ ਕੰਮ ਪੂਰੀ ਤਰਾਂ ਠੱਪ ਪਿਆ ਹੈ। ਵਪਾਰੀਆਂ ਤੇ ਉਦਯੋਗਪਤੀਆਂ ਨੂੰ ਗੈਂਗਸਟਰਾਂ ਦੇ ਫਿਰੌਤੀਆਂ ਲਈ ਫੋਨ ਆ ਰਹੇ ਹਨ। ਇੱਥੋਂ ਤੱਕ ਕਿ ਆਮ ਆਦਮੀ ਪਾਰਟੀ ਦੇ ਵੱਡੇ ਆਗੂਆਂ ਨੂੰ ਵੀ ਅਜਿਹੇ ਹੀ ਫੋਨ ਆ ਰਹੇ ਹਨ। ਹਲਕਾ ਪੂਰਬੀ ਵਿਕਾਸ ਦੇ ਮਾਮਲੇ ਵਿੱਚ ਬਹੁਤ ਪਿੱਛੇ ਹਨ। ਉਹਨਾਂ ਕਿਹਾ ਕਿ ਉਹ ਲਗਾਤਾਰ ਹਲਕਾ ਪੂਰਬੀ ਵਿੱਚ ਕੰਮ ਕਰ ਰਹੇ ਹਨ। ਲੋਕ ਚਾਹੁੰਦੇ ਹਨ ਕਿ ਪੰਜਾਬ ਵਿੱਚ ਹੁਣ ਕਾਂਗਰਸ ਦੀ ਸਰਕਾਰ ਬਣੇ। ਤਾਂ ਜੋ ਪੰਜਾਬ ਫਿਰ ਤੋਂ ਵਿਕਾਸ ਦੀਆਂ ਲੀਹਾਂ ਤੇ ਚੜ ਸਕੇ। ਉਹਨਾਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਰਾਹੋਂ ਰੋਡ ਦੀ ਖਸਤਾ ਹਾਲਤ ਦੀ ਲੜਾਈ ਲੜ ਰਹੇ ਹਨ, ਪਰ ਸਰਕਾਰ ਦੇ ਕੰਨਾਂ ਤੇ ਜੂੰ ਨਹੀਂ ਰੇਂਗ ਰਹੀ। ਨਸ਼ਿਆਂ ਦੀ ਰੋਕਥਾਮ ਸੰਬੰਧੀ ਗੁਰਮੇਲ ਪਹਿਲਵਾਨ ਨੇ ਕਿਹਾ ਕਿ ਇੱਕਲਾ ਪ੍ਰਸ਼ਾਸਨ ਇਸਨੂੰ ਨਹੀਂ ਰੋਕ ਸਕਦਾ, ਇਸਦੇ ਲਈ ਆਮ ਲੋਕਾਂ ਦੇ ਸਹਿਯੋਗ ਦੀ ਲੋੜ ਹੈ। ਹਲਕਾ ਪੂਰਬੀ ਤੋਂ ਚੋਣ ਲੜਨ ਸੰਬੰਧੀ ਗੁਰਮੇਲ ਪਹਿਲਵਾਨ ਨੇ ਕਿਹਾ ਕਿ ਪਾਰਟੀ ਹਾਈਕਮਾਨ ਨੇ ਤਿੰਨ ਮੈਂਬਰੀ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਹੈ, ਜੋ ਹਲਕਾ ਪੱਧਰ ਤੇ ਜਾ ਕੇ ਪਾਰਟੀ ਦੇ ਵਰਕਰਾਂ ਨੂੰ ਮਿਲ ਕੇ ਆਪਣੀ ਸਰਵੇ ਰਿਪੋਰਟ ਤਿਆਰ ਕਰੇਗੀ ਅਤੇ ਉਸ ਰਿਪੋਰਟ ਦੇ ਆਧਾਰ ਤੇ ਹੀ ਪਾਰਟੀ ਉਮੀਦਵਾਰ ਤੈਅ ਕਰੇਗੀ।

# ਭਾਰਤੀ ਜਨਤਾ ਪਾਰਟੀ ’ਚ ਸੈਂਕੜੇ ਵਰਕਰਾਂ ਦਾ ਸਵਾਗਤ, ਆਮ ਆਦਮੀ ਪਾਰਟੀ ਦੇ ਆਗੂ ਭਾਜਪਾ ’ਚ ਸ਼ਾਮਲ ਹੋਏ



ਜਨ ਜਾਗਰਣ ਬਿਊਰੋ

**ਚੰਡੀਗੜ੍ਹ :** ਅੱਜ ਭਾਜਪਾ ਚੰਡੀਗੜ੍ਹ ਵਿਖੇ ਸੂਬਾ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਦੀ ਮੌਜੂਦਗੀ ਵਿੱਚ ਆਯੋਜਿਤ ਮੈਂਬਰਸ਼ਿਪ ਮੁਹਿੰਮ ਦੌਰਾਨ ਆਮ ਆਦਮੀ ਪਾਰਟੀ ਦੇ ਕਈ ਪ੍ਰਮੁੱਖ ਆਗੂ ਭਾਜਪਾ ਵਿੱਚ ਸ਼ਾਮਲ ਹੋਏ। ਇਸ ਮੌਕੇ ’ਤੇ, ਆਮ ਆਦਮੀ ਪਾਰਟੀ (ਆਪ) ਦੇ ਕਈ ਪ੍ਰਮੁੱਖ ਆਗੂ, ਜਿਨ੍ਹਾਂ ਵਿੱਚ ‘ਆਪ’ ਪੂਰਵਾਂਚਲ ਸੈੱਲ ਦੇ ਜਨਰਲ ਸਕੱਤਰ ਵੀਰੇਂਦਰ ਵੀਰੂ, ਕੁਲਵਿੰਦਰ ਯਾਦਵ ਅਤੇ ਕਈ ਹੋਰ ਅਹੁਦੇਦਾਰ ਅਤੇ ਵਰਕਰ ਸ਼ਾਮਲ ਸਨ, ਆਪਣੇ ਸਮਰਥਕਾਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਏ। ਰਾਮਦਰਾਵਸੀ, ਨਿਸ਼ਾਂਤ ਕੁਮਾਰ, ਸ਼ਕਤੀ ਕੁਮਾਰ, ਵਿਕਾਸ ਕੁਮਾਰ ਅੰਸਾਰੀ, ਦਲੀਪ ਕੁਮਾਰ, ਕੁਲਦੀਪ ਕੁਮਾਰ ਅਤੇ ਰਾਮਸੂਰਤ ਸਿੰਘ ਨੇ ਵੀ ‘ਆਪ’ ਛੱਡ ਕੇ ਭਾਜਪਾ ਪਰਿਵਾਰ ਵਿੱਚ ਸ਼ਾਮਲ ਹੋਣ ਦੇ ਆਪਣੇ ਫੈਸਲੇ ਦਾ ਐਲਾਨ ਕੀਤਾ ਇਸ ਤੋਂ ਇਲਾਵਾ, ਸੁਨੀਲ ਸ਼ਰਮਾ, ਜਿਨ੍ਹਾਂ ਨੇ ਸਾਲਾਂ ਤੋਂ ਸੈਕਟਰ 17 ਰਾਮਲੀਲਾ ਪ੍ਰਦਰਸ਼ਨ ਵਿੱਚ ਰਾਵਣ ਦੀ ਭੂਮਿਕਾ ਨਿਭਾ ਕੇ ਆਪਣੀ ਵੱਖਰੀ ਪਛਾਣ ਬਣਾਈ ਹੈ, ਵੀ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਏ। ਰਾਜ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਨੇ ਸਾਰੇ ਨਵੇਂ ਸ਼ਾਮਲ ਮੈਂਬਰਾਂ ਦਾ ਪਾਰਟੀ ਦੀ ਪੱਗ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ, ਦੇਸ਼ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ, ਸੁਸ਼ਾਸਨ ਅਤੇ ਭਾਰਤੀ ਜਨਤਾ ਪਾਰਟੀ ਦੀ ਰਾਸ਼ਟਰਵਾਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ, ਵੱਖ-ਵੱਖ ਰਾਜਨੀਤਿਕ ਪਾਰਟੀਆਂ ਅਤੇ ਸਮਾਜਿਕ ਸੰਗਠਨਾਂ ਦੇ ਲੋਕ ਵੱਡੀ ਗਿਣਤੀ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਨਵੇਂ ਵਰਕਰਾਂ ਦੇ ਸ਼ਾਮਲ ਹੋਣ ਨਾਲ ਸੰਗਠਨ ਹੋਰ ਮਜ਼ਬੂਤ ? ?ਹੋਵੇਗਾ ਅਤੇ ਬੂਥ ਪੱਧਰ ’ਤੇ ਵੀ ਭਾਜਪਾ ਦਾ ਸਮਰਥਨ ਅਧਾਰ ਮਜ਼ਬੂਤ ? ?ਹੋਵੇਗਾ। ਇਸ ਮੌਕੇ ’ਤੇ, ਸਾਰੇ ਨਵੇਂ ਸ਼ਾਮਲ ਮੈਂਬਰਾਂ ਨੇ ਸੰਗਠਨ ਦੀ ਵਿਚਾਰਧਾਰਾ ਨੂੰ ਜਨਤਾ ਤੱਕ ਫੈਲਾਉਣ ਅਤੇ ਵਿਕਸਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਲਈ ਕੰਮ ਕਰਨ ਦਾ ਪ੍ਰਣ ਲਿਆ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਭਾਜਪਾ ਅਧਿਕਾਰੀ, ਵਰਕਰ ਅਤੇ ਸਮਰਥਕ ਮੌਜੂਦ ਸਨ।

# ਜੀਐਮਸੀਐਚ 32 ਦੇ ਆਊਟਸੋਰਸ ਕੀਤੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਮੰਗ, ਐਮਪੀ ਤਿਵਾੜੀ ਨੇ ਹੱਲ ਦਾ ਭਰੋਸਾ ਦਿਤਾ

ਜਨ ਜਾਗਰਣ ਬਿਊਰੋ



**ਚੰਡੀਗੜ੍ਹ :** ਜੀਐਮਸੀਐਚ-32 ਠੇਕੇਦਾਰ ਵਰਕਰ ਯੂਨੀਅਨ ਦੇ ਸਾਬਕਾ ਪ੍ਰਧਾਨ ਸੁਰੇਸ਼ ਕੁਮਾਰ ਯਾਦਵ, ਦਿਨੇਸ਼ ਰਾਵਤ ਅਤੇ ਸਮਾਜ ਸੇਵਕ ਅਤੇ ਸਾਬਕਾ ਪ੍ਰੈਸ ਸਕੱਤਰ ਵਿਕਰਮ ਸਿੰਘ ਦੀ ਅਗਵਾਈ ਵਿੱਚ ਲਗਭਗ 20-25 ਸਾਲਾਂ ਤੋਂ ਜੀਐਮਸੀਐਚ-32, ਚੰਡੀਗੜ੍ਹ ਵਿਖੇ ਸੇਵਾ ਨਿਭਾ ਰਹੇ ਆਊਟਸੋਰਸ ਕੀਤੇ ਸਮੂਹ 3 ਅਤੇ 4 ਕਰਮਚਾਰੀਆਂ ਦਾ ਇੱਕ ਵਫ਼ਦ ਅੱਜ ਚੰਡੀਗੜ੍ਹ ਦੇ ਮਾਨਯੋਗ ਸੰਸਦ ਮੈਂਬਰ ਸ਼੍ਰੀ ਮਨੀਸ਼ ਤਿਵਾੜੀ ਨੂੰ ਮਿਲਿਆ। ਵਫ਼ਦ ਵਿੱਚ ਸ਼ਰਵਣ ਕੁਮਾਰ, ਸੁਚਿਤ ਆਰੀਆ ਅਤੇ ਪ੍ਰਮੋਦ ਕੁਮਾਰ ਵੀ ਸ਼ਾਮਲ ਸਨ। ਵਿਕਰਮ ਸਿੰਘ ਨੇ ਕਿਹਾ ਕਿ ਸਾਰੀਆਂ ਰਾਜ ਸਰਕਾਰਾਂ ਆਪਣੇ ਕਰਮਚਾਰੀਆਂ ਨੂੰ ਰੈਗੂਲਰ ਕਰ ਰਹੀਆਂ ਹਨ, ਅਤੇ ਮਾਨਯੋਗ ਸੁਪਰੀਮ ਕੋਰਟ ਨੇ ਇਹ ਵੀ ਨਿਰਦੇਸ਼ ਦਿੱਤਾ ਹੈ ਕਿ ਸਥਾਈ ਤੌਰ ’ਤੇ ਕੰਮ ਕਰ ਰਹੇ ਹਸਪਤਾਲਾਂ ਦੇ ਕਰਮਚਾਰੀਆਂ ਨੂੰ ਵੀ ਰੈਗੂਲਰ ਕੀਤਾ ਜਾਵੇ। ਦਿਨੇਸ਼ ਰਾਵਤ ਅਤੇ ਸੁਰੇਸ਼ ਕੁਮਾਰ ਯਾਦਵ ਨੇ ਕਰਮਚਾਰੀਆਂ ਦੇ ਹਿੱਤ ਵਿੱਚ ਇੱਕ ਸੁਰੱਖਿਅਤ ਨੀਤੀ ਦੀ ਮੰਗ ਕੀਤੀ ਤਾਂ ਜੋ ਸਾਰੇ ਕਰਮਚਾਰੀ ਮਨ ਦੀ ਸ਼ਾਂਤੀ ਨਾਲ ਕੰਮ ਕਰ ਸਕਣ। ਸੁਰੇਸ਼ ਕੁਮਾਰ ਯਾਦਵ ਨੇ ਕਿਹਾ ਕਿ ਸਥਾਈ ਤੌਰ ’ਤੇ ਕੰਮ ਕਰਨ ਵਾਲੇ ਹਸਪਤਾਲ ਵਿੱਚ ਇੱਕ ਠੇਕਾ ਪ੍ਰਣਾਲੀ ਦੀ ਕੋਈ ਲੋੜ ਨਹੀਂ ਹੈ। ਜੀਐਮਸੀਐਚ-32 ਵਿਖੇ ਆਊਟਸੋਰਸ ਕੀਤੇ ਕਰਮਚਾਰੀ ਨਿਯਮਤ ਕਰਮਚਾਰੀਆਂ ਵਾਂਗ ਹੀ ਕੰਮ ਕਰ ਰਹੇ ਹਨ। ਅਜਿਹੀ ਸੰਸਥਾ ਵਿੱਚ ਠੇਕਾ ਕਰਮਚਾਰੀਆਂ ਨੂੰ ਨਿਯੁਕਤ ਕਰਨਾ ਗੈਰ-ਸੰਵਿਧਾਨਕ ਹੈ। ਇੱਕ ਸੁਰੱਖਿਅਤ ਨੀਤੀ ਤਹਿਤ ਸੇਵਾਵਾਂ ਨੂੰ ਨਿਯਮਤ ਕਰਨਾ: ਸਾਰੇ ਪੈਰਾਮੈਡਿਕਸ, MLT, DEO, ਸਟਾਫ, ਵਾਰਡ ਅਟੈਂਡੈਂਟ, ਸੈਨੀਟੇਸ਼ਨ ਵਰਕਰ ਅਤੇ ਹੋਰ ਆਊਟਸੋਰਸ ਕੀਤੇ ਕਰਮਚਾਰੀ ਜਿਨ੍ਹਾਂ ਨੇ 10-15 ਸਾਲ ਦੀ ਤਸੱਲੀਬਖਸ਼ ਸੇਵਾ ਪੂਰੀ ਕਰ ਲਈ ਹੈ, ਨੂੰ ਸਿੱਧੇ ਪ੍ਰਸ਼ਾਸਨ ਅਧੀਨ ਨਿਯਮਤ ਕੀਤਾ ਜਾਣਾ ਚਾਹੀਦਾ ਹੈ। ਪੰਜਾਬ ਅਤੇ ਹਰਿਆਣਾ ਵਰਗੇ ਗੁਆਂਢੀ ਰਾਜ ਆਊਟਸੋਰਸ ਕੀਤੇ ਕਰਮਚਾਰੀਆਂ ਲਈ ਇੱਕ ਸੁਰੱਖਿਅਤ ਨੀਤੀ ਵਿਕਸਤ ਕਰ ਰਹੇ ਹਨ, ਪਰ ਚੰਡੀਗੜ੍ਹ ਕੋਲ ਪੁਰਾਣੇ ਆਊਟਸੋਰਸ ਕੀਤੇ ਕਰਮਚਾਰੀਆਂ ਲਈ ਕੋਈ ਨੀਤੀ ਨਹੀਂ ਹੈ। ਵਫ਼ਦ ਨੇ ਦੱਸਿਆ ਕਿ ਕਾਨੂੰਨੀ ਯਾਦ ਵਿਭਾਗ ਪਹਿਲਾਂ ਹੀ ਵਾਰਡ ਅਟੈਂਡੈਂਟਾਂ ਨੂੰ ਬੋਨਸ ਲਈ ਜੀਐਮਸੀਐਚ-32ਕਰਮਚਾਰੀ ਘੋਸ਼ਿਤ ਕਰ ਚੁੱਕਾ ਹੈ, ਜਿਸ ਨਾਲ ਪ੍ਰਸ਼ਾਸਨ ਨਾਲ ਉਨ੍ਹਾਂ ਦਾ ਸਿੱਧਾ ਸਬੰਧ ਸਥਾਪਤ ਹੋ ਰਿਹਾ ਹੈ। ਇਸ ਤੋਂ ਇਲਾਵਾ, ਸੇਵਾ ਪ੍ਰਦਾਤਾਵਾਂ ਨੂੰ 3.85% ਕਮਿਸ਼ਨ ਦੇਣ ਨਾਲ ਸਰਕਾਰੀ ਮਾਲੀਏ ਵਿੱਚ ਕਰੋੜਾਂ ਰੁਪਏ ਦਾ ਨੁਕਸਾਨ ਹੋ ਰਿਹਾ ਹੈ। ਸੰਸਦ ਮੈਂਬਰ ਸ਼੍ਰੀ ਮਨੀਸ਼ ਤਿਵਾੜੀ ਨੇ ਕਰਮਚਾਰੀਆਂ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਇਸ ਮੁੱਦੇ ਨੂੰ ਚੰਡੀਗੜ੍ਹ ਯੂਟੀ ਪ੍ਰਸ਼ਾਸਨ ਕੋਲ ਪਹਿਲ ਦੇ ਆਧਾਰ ’ਤੇ ਉਠਾਉਣਗੇ ਅਤੇ ਜੇਕਰ ਲੋੜ ਪਈ ਤਾਂ ਸੰਸਦ ਵਿੱਚ ਉਠਾਉਣਗੇ। ਉਨ੍ਹਾਂ ਕਿਹਾ ਕਿ ਇਸ ਮੁੱਦੇ ’ਤੇ ਜਲਦੀ ਹੀ ਇੱਕ ਹੋਰ ਮੀਟਿੰਗ ਕੀਤੀ ਜਾਵੇਗੀ। ਜੀਐਮਸੀਐਚ ਕੰਟਰੈਕਟਰ ਵਰਕਰਜ਼ ਯੂਨੀਅਨ ਦੇ ਸਾਬਕਾ ਪ੍ਰੈਸ ਸਕੱਤਰ ਵਿਕਰਮ ਸਿੰਘ ਨੇ ਧੰਨਵਾਦ ਪ੍ਰਗਟ ਕਰਦਿਆਂ ਕਿਹਾ: ’ਪਿਛਲੇ ਡੇਢ ਦਹਾਕੇ ਤੋਂ, ਅਸੀਂ ਆਪਣੇ ਮੌਲਿਕ ਅਧਿਕਾਰਾਂ ਲਈ ਲੜ ਰਹੇ ਹਾਂ। ਅੱਜ, ਜਿਸ ਸੰਵੇਦਨਸ਼ੀਲਤਾ ਨਾਲ ਮਾਣਯੋਗ ਸੰਸਦ ਮੈਂਬਰ ਨੇ ਸਾਡੀਆਂ ਸ਼ਿਕਾਇਤਾਂ ਸੁਣੀਆਂ ਅਤੇ ਸਾਨੂੰ ਸਥਾਈ ਹੱਲ ਦਾ ਭਰੋਸਾ ਦਿੱਤਾ, ਉਸ ਨੇ ਸਾਰੇ ਕਰਮਚਾਰੀਆਂ ਨੂੰ ਨਵੀਂ ਉਮੀਦ ਦਿੱਤੀ ਹੈ। ਇਹ ਸਿਰਫ਼ ਤਨਖਾਹ ਜਾਂ ਰੁਜ਼ਗਾਰ ਦਾ ਸਵਾਲ ਨਹੀਂ ਹੈ, ਸਗੋਂ ਉਨ੍ਹਾਂ ਹਜ਼ਾਰਾਂ ਪਰਿਵਾਰਾਂ ਦੇ ਮਾਣ ਅਤੇ ਭਵਿੱਖ ਦਾ ਸਵਾਲ ਹੈ ਜੋ 20-25 ਸਾਲਾਂ ਤੋਂ ਸ਼ੋਸ਼ਣ ਦਾ ਸਾਹਮਣਾ ਕਰ ਰਹੇ ਹਨ।

# ਇਟਾਵਾ ਪਿੰਡ ’ਚ ਐਮਪੀ ਫੰਡਾਂ ਦੀ ਵਰਤੋਂ ਕਰਕੇ ਲਗਾਏ ਗਏ ਸੀਸੀਟੀਵੀ ਕੈਮਰੇ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨਗੇ

ਜਨ ਜਾਗਰਣ ਬਿਊਰੋ




**ਚੰਡੀਗੜ੍ਹ :** ਇਟਾਵਾ ਪਿੰਡ ਵਿੱਚ, ਮਾਨਯੋਗ ਸੰਸਦ ਮੈਂਬਰ ਸ਼੍ਰੀ ਮਨੀਸ਼ ਤਿਵਾੜੀ ਦੇ ਐਮਪੀਐਲਏਡੀਐਸ ਫੰਡਾਂ ਦੀ ਵਰਤੋਂ ਕਰਕੇ ਗਲੀਆਂ, ਚੌਕਾਂ ਅਤੇ ਮੁੱਖ ਸੜਕਾਂ ’ਤੇ ਲਗਾਏ ਗਏ ਸੀਸੀਟੀਵੀ ਕੈਮਰੇ ਅੱਜ ਉਦਘਾਟਨ ਕੀਤੇ ਗਏ। ਕੈਮਰਿਆਂ ਦੀ ਸਥਾਪਨਾ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਫੈਲ ਗਿਆ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਸ ਨਾਲ ਇਲਾਕੇ ਵਿੱਚ ਸੁਰੱਖਿਆ ਪ੍ਰਣਾਲੀ ਮਜ਼ਬੂਤ ਹੋਵੇਗੀ ਅਤੇ ਅਪਰਾਧ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਿਆ ਜਾਵੇਗਾ। ਆਪਣੇ ਸੰਬੋਧਨ ਵਿੱਚ, ਸੰਸਦ ਮੈਂਬਰ ਸ਼੍ਰੀ ਮਨੀਸ਼ ਤਿਵਾੜੀ ਨੇ ਪਿੰਡ ਵਾਸੀਆਂ ਨੂੰ ਇਸ ਮਹੱਤਵਪੂਰਨ ਪ੍ਰੋਜੈਕਟ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਪਿਛਲੇ ਦੋ ਸਾਲਾਂ ਦੌਰਾਨ, ਉਨ੍ਹਾਂ ਨੇ ਲੋਕ ਸਭਾ ਵਿੱਚ ਚੰਡੀਗੜ੍ਹ ਅਤੇ ਖੇਤਰ ਦੀਆਂ ਸਮੱਸਿਆਵਾਂ ਅਤੇ ਜਨਤਕ ਹਿੱਤਾਂ ਨਾਲ ਸਬੰਧਤ 122 ਤੋਂ ਵੱਧ ਮੁੱਦੇ ਉਠਾਏ ਹਨ। ਉਨ੍ਹਾਂ ਕਿਹਾ ਕਿ ਜਨਤਕ ਸੁਰੱਖਿਆ, ਵਿਕਾਸ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ? ?ਕਰਨਾ ਉਨ੍ਹਾਂ ਦੀ ਤਰਜੀਹ ਹੈ, ਅਤੇ ਉਹ ਅਜਿਹੇ ਜਨਤਕ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਂਦੇ ਰਹਿਣਗੇ। ਸ੍ਰੀ ਤਿਵਾੜੀ ਨੇ ਸ੍ਰੀ ਕੁਮਾਰ ਮੈਡੀਕੋਜ਼ ’ਤੇ ਹਾਲ ਹੀ ਵਿੱਚ ਹੋਈ ਗੋਲੀਬਾਰੀ ਦੀ ਘਟਨਾ ਦੀ ਸਖ਼ਤ ਨਿੰਦਾ ਕੀਤੀ ਅਤੇ ਕਿਹਾ ਕਿ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਸਬੰਧ ਵਿੱਚ ਮਾਨਯੋਗ ਪ੍ਰਸ਼ਾਸਕ ਅਤੇ ਸਬੰਧਤ ਅਧਿਕਾਰੀਆਂ ਨਾਲ ਗੱਲ ਕੀਤੀ ਹੈ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਇਸ ਤੋਂ ਬਾਅਦ, ਚੰਡੀਗੜ੍ਹ ਕਾਂਗਰਸ ਦੇ ਪ੍ਰਧਾਨ ਸ੍ਰੀ ਐਚ.ਐਸ. ਲੱਕੀ ਨੇ ਕਿਹਾ ਕਿ ਕੌਂਸਲਰ ਅਤੇ ਸਾਬਕਾ ਡਿਪਟੀ ਮੇਅਰ ਸ੍ਰੀ ਜਸਬੀਰ ਸਿੰਘ ਬੰਟੀ ਇੱਕ ਗਤੀਸ਼ੀਲ, ਮਿਹਨਤੀ ਅਤੇ ਸਮਰਪਿਤ ਜਨਤਕ ਪ੍ਰਤੀਨਿਧੀ ਹਨ ਜੋ ਵਸਨੀਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਇਟਾਵਾ ਪਿੰਡ ਸਮੇਤ ਪੂਰੇ ਖੇਤਰ ਵਿੱਚ ਵਿਕਾਸ ਕਾਰਜਾਂ ਨੇ ਨਵੀਂ ਗਤੀ ਪ੍ਰਾਪਤ ਕੀਤੀ ਹੈ, ਅਤੇ ਵਿਕਾਸ ਦੀ ਇਹ ਗਤੀ ਭਵਿੱਖ ਵਿੱਚ ਵੀ ਜਾਰੀ ਰਹੇਗੀ। ਉਨ੍ਹਾਂ ਲੋਕਾਂ ਨੂੰ ਇਲਾਕੇ ਦੇ ਵਿਕਾਸ ਲਈ ਇੱਕਜੁੱਟ ਹੋਣ ਅਤੇ ਸਹਿਯੋਗ ਕਰਨ ਦੀ ਅਪੀਲ ਕੀਤੀ। ਪਿੰਡ ਵਾਸੀਆਂ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਚੋਰੀ ਦੀਆਂ ਘਟਨਾਵਾਂ ਅਤੇ ਸਮਾਜ ਵਿਰੋਧੀ ਅਨਸਰਾਂ ਦੀਆਂ ਗਤੀਵਿਧੀਆਂ ਨੇ ਲੋਕਾਂ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ। ਹੁਣ, ਸੀਸੀਟੀਵੀ ਕੈਮਰੇ ਹਰ ਗਤੀਵਿਧੀ ’ਤੇ ਨਜ਼ਰ ਰੱਖ ਸਕਣਗੇ, ਜੋ ਚੋਰੀਆਂ, ਭੰਨਤੋੜ ਅਤੇ ਹੋਰ ਅਪਰਾਧਿਕ ਘਟਨਾਵਾਂ ਦੀ ਜਾਂਚ ਵਿੱਚ ਸਹਾਇਤਾ ਕਰਨਗੇ, ਅਤੇ ਦੋਸ਼ੀਆਂ ਦੀ ਪਛਾਣ ਕਰਨਾ ਆਸਾਨ ਬਣਾ ਦੇਣਗੇ। ਇਸ ਮੌਕੇ, ਸਮਾਜ ਸੇਵਕ ਸ੍ਰੀ ਤਰਲੋਚਨ ਸਿੰਘ ਬੰਟੀ ਨੇ ਕਿਹਾ ਕਿ ਇਲਾਕਾ ਕੌਂਸਲਰ ਅਤੇ ਸਾਬਕਾ ਡਿਪਟੀ ਮੇਅਰ ਸ੍ਰੀ ਜਸਬੀਰ ਸਿੰਘ ਬੰਟੀ ਦੀ ਅਗਵਾਈ ਹੇਠ, ਇਟਾਵਾ ਪਿੰਡ ਲਗਾਤਾਰ ਵਿਕਾਸ ਕਰ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ, ਪਿੰਡ ਵਿੱਚ ਬੁਨਿਆਦੀ ਢਾਂਚੇ ਦਾ ਮਹੱਤਵਪੂਰਨ ਵਿਸਥਾਰ ਹੋਇਆ ਹੈ, ਜਿਸਦੇ ਨਤੀਜੇ ਵਜੋਂ ਇਟਾਵਾ ਨੇ ਇੱਕ ਆਧੁਨਿਕ ਅਤੇ ਵਿਕਸਤ ਪਿੰਡ ਵਜੋਂ ਆਪਣੀ ਪਛਾਣ ਸਥਾਪਿਤ ਕੀਤੀ ਹੈ। ਸੀਸੀਟੀਵੀ ਕੈਮਰੇ ਲਗਾਉਣਾ ਵੀ ਇਸ ਵਿਕਾਸ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਪ੍ਰੋਗਰਾਮ ਦੌਰਾਨ, ਸੈਕਟਰ 36 ਦੇ ਪ੍ਰਧਾਨ ਸ੍ਰੀ ਪਰਮਜੀਤ ਸਿੰਘ ਅਤੇ ਸ੍ਰੀ ਅਰੁਣ ਅਗਰਵਾਲ ਨੇ ਐਮਪੀ ਫੰਡ ਦੀ ਵਰਤੋਂ ਕਰਕੇ ਆਪਣੇ ਖੇਤਰਾਂ ਵਿੱਚ ਸੀਸੀਟੀਵੀ ਕੈਮਰੇ ਲਗਾਉਣ ਦਾ ਪ੍ਰਸਤਾਵ ਰੱਖਿਆ। ਸੈਕਟਰ 42 ਦੇ ਪ੍ਰਤੀਨਿਧੀ ਸ੍ਰੀ ਰਾਜਕੁਮਾਰ ਸ਼ਰਮਾ ਨੇ ਵੀ ਆਪਣੇ ਖੇਤਰ ਵਿੱਚ ਇਸੇ ਤਰ੍ਹਾਂ ਦੀਆਂ ਸੁਰੱਖਿਆ ਪ੍ਰਣਾਲੀਆਂ ਨੂੰ ਮਜ਼ਬੂਤ ? ?ਕਰਨ ਦਾ ਪ੍ਰਸਤਾਵ ਪੇਸ਼ ਕੀਤਾ। ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਬਜ਼ੁਰਗ ਨਾਗਰਿਕ, ਔਰਤਾਂ, ਨੌਜਵਾਨ ਅਤੇ ਸਮਾਜਿਕ ਸੰਗਠਨਾਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਮੌਜੂਦ ਲੋਕਾਂ ਨੇ ਐਮਪੀ ਸ੍ਰੀ ਮਨੀਸ਼ ਤਿਵਾੜੀ ਅਤੇ ਕੌਂਸਲਰ ਸ੍ਰੀ ਜਸਬੀਰ ਸਿੰਘ ਬੰਟੀ ਦਾ ਪਿੰਡ ਦੀ ਸੁਰੱਖਿਆ ਅਤੇ ਵਿਕਾਸ ਲਈ ਉਨ੍ਹਾਂ ਦੇ ਕੰਮ ਲਈ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਡਿਪਟੀ ਮੇਅਰ ਸ੍ਰੀ ਤਰੁਣ ਮਹਿਤਾ, ਸ੍ਰੀ ਦਿਲਾਵਰ ਸਿੰਘ, ਸ੍ਰੀ ਯਾਦਵਿੰਦਰ ਮਹਿਤਾ, ਸ੍ਰੀ ਰਾਜਕੁਮਾਰ ਸ਼ਰਮਾ, ਸ੍ਰੀ ਤਰਲੋਚਨ ਸਿੰਘ ਬੰਟੀ, ਸ੍ਰੀ ਮਲਕੀਤ ਸਿੰਘ, ਸ੍ਰੀ ਕੁਲਬੀਰ ਸਿੰਘ, ਸ੍ਰੀ ਪਿਆਰ ਸਿੰਘ, ਸ੍ਰੀ ਪਵਨ ਸਿੰਘ, ਸ੍ਰੀ ਬਲਜੀਤ ਸਿੰਘ ਸਮੇਤ ਕਈ ਪਤਵੰਤਿਆਂ ਨੇ ਪਿੰਡ ਵਾਸੀਆਂ ਨੂੰ ਸੀਸੀਟੀਵੀ ਕੈਮਰੇ ਲਗਾਉਣ ’ਤੇ ਵਧਾਈ ਦਿੱਤੀ। ਪਿੰਡ ਵਾਸੀਆਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਸੀਸੀਟੀਵੀ ਕੈਮਰੇ ਲਗਾਉਣ ਨਾਲ ਨਾ ਸਿਰਫ਼ ਸੁਰੱਖਿਆ ਪ੍ਰਣਾਲੀ ਵਿੱਚ ਸੁਧਾਰ ਹੋਵੇਗਾ ਬਲਕਿ ਲੋਕਾਂ ਵਿੱਚ ਵਿਸ਼ਵਾਸ ਅਤੇ ਸੁਰੱਖਿਅਤ ਵਾਤਾਵਰਣ ਦੀ ਭਾਵਨਾ ਨੂੰ ਵੀ ਮਜ਼ਬੂਤੀ ਮਿਲੇਗੀ।



# ਫਗਵਾੜਾ ਦੇ ਮਾਨਾ ਰਾਮ ਬੋਲੀ ਮੰਦਰ ਵਿਖੇ ਹੋਇਆ ਰਾਮਾਇਣ ਦਾ ਪਾਠ

## ਵਿਸ਼ਵ ਸ਼ਾਂਤੀ ਲਈ ਪ੍ਰਾਰਥਨਾਵਾਂ ਨਾਲ ਰਾਮਾਇਣ ਦੇ ਪਾਠ ਦਾ ਪਾਇਆ ਭੋਗ : ਬਲਵੰਤ ਰਾਏ ਧੀਮਾਨ

ਜਨ ਜਾਗਰਣ ਬਿਊਰੋ



ਫਗਵਾੜਾ ਦੇ ਚਾਹਲ ਨਗਰ ਵਿੱਚ ਸਥਿਤ ਮੰਦਿਰ ਮਾਨਾ ਰਾਮ ਬਾਊਲੀ ਵਿਖੇ ਸ਼੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਦੇ ਮੌਕੇ 'ਤੇ ਮੌਜੂਦ ਪ੍ਰਧਾਨ ਬਲਵੰਤ ਰਾਏ ਧੀਮਾਨ, ਪੰਡਿਤ ਸ਼ਿਵਨਾਰਾਇਣ ਸ਼ਰਮਾ ਅਤੇ ਹੋਰ।

**ਫਗਵਾੜਾ(ਹਰਮੇਸ਼ ਸਰੋਆ) :** ਫਗਵਾੜਾ ਦੇ ਚਾਹਲ ਨਗਰ ਚੌਕ ਵਿਖੇ ਸਥਿਤ ਮਾਨਾ ਰਾਮ ਬੋਲੀ ਮੰਦਰ ਵਿਖੇ ਪੁਰਸ਼ੋਤਮ ਮਹੀਨੇ ਦੇ ਸ਼ੁਭ ਮੌਕੇ 'ਤੇ ਸ਼ ?ਰੀ ਰਾਮਾਇਣ ਜੀ ਦੇ ਪਾਠ ਦਾ ਆਯੋਜਨ ਸ਼ਰਧਾ ਅਤੇ ਭਗਤੀ ਨਾਲ ਕੀਤਾ ਗਿਆ। ਮੰਦਰ ਮਾਨਾ ਰਾਮ ਸੁਧਾਰ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਵਿਸ਼ਵਕਰਮਾ ਮੰਦਰ, ਫਗਵਾੜਾ ਦੇ ਸਾਬਕਾ ਪ੍ਰਧਾਨ ਬਲਵੰਤ ਰਾਏ ਧੀਮਾਨ ਦੀ ਪ੍ਰਧਾਨਗੀ ਹੇਠ ਹੋਏ ਇਸ ਧਾਰਮਿਕ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਿੱਸਾ ਲਿਆ, ਜਿਨ੍ਹਾਂ ਨੇ ਭਗਵਾਨ ਸ਼੍ਰੀ ਰਾਮ ਦੇ ਆਦਰਸ਼ਾਂ ਨੂੰ ਯਾਦ ਕੀਤਾ ਅਤੇ ਧਾਰਮਿਕ ਲਾਭ ਪ੍ਰਾਪਤ ਕੀਤਾ। ਪਾਠ ਦੇ ਅੰਤ 'ਤੇ, ਇੱਕ ਰਸਮੀ ਭੇਟ ਕੀਤੀ ਗਈ, ਅਤੇ ਵਿਸ਼ਵ ਸ਼ਾਂਤੀ, ਮਨੁੱਖੀ ਭਲਾਈ ਅਤੇ ਦੇਸ਼ ਦੀ ਖੁਸ਼ਹਾਲੀ ਲਈ ਵਿਸ਼ੇਸ਼ ਪ੍ਰਾਰਥਨਾਵਾਂ ਕੀਤੀਆਂ ਗਈਆਂ। ਇਸ ਮੌਕੇ, ਮੰਦਰ ਪਰਿਸਰ ਭਗਤੀ ਭਰੇ ਮਾਹੌਲ ਨਾਲ ਭਰ ਗਿਆ, ਅਤੇ ਸ਼ਰਧਾਲੂਆਂ ਨੇ ਭਜਨਾਂ ਅਤੇ ਕੀਰਤਨਾਂ ਵਿੱਚ ਵੀ ਹਿੱਸਾ ਲਿਆ। ਇਸ ਮੌਕੇ 'ਤੇ ਮੰਦਰ ਦੇ ਮੈਨੇਜਰ ਬਲਵੰਤ ਰਾਏ ਧੀਮਾਨ ਨੇ ਦੱਸਿਆ ਕਿ ਪੁਰਸ਼ੋਤਮ ਮਹੀਨੇ ਦਾ ਵਿਸ਼ੇਸ਼ ਧਾਰਮਿਕ ਮਹੱਤਵ ਹੈ। ਇਸ ਮਹੀਨੇ ਦੌਰਾਨ ਕੀਤੀਆਂ ਜਾਂਦੀਆਂ ਧਾਰਮਿਕ ਗਤੀਵਿਧੀਆਂ, ਪ੍ਰਾਰਥਨਾਵਾਂ ਅਤੇ ਦਾਨ-ਪੁੰਨ ਨਾਲ ਵਿਸ਼ੇਸ਼ ਫਲ ਪ੍ਰਾਪਤ ਹੁੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਮਾਇਣ ਦਾ ਪਾਠ ਸਾਨੂੰ ਮਰਿਆਦਾ ਪੁਰੁਸ਼ੋਤਮ ਭਗਵਾਨ ਸ਼੍ਰੀ ਰਾਮ ਦੇ ਆਦਰਸ਼ਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਦਾ ਹੈ। ਬਲਵੰਤ ਰਾਏ ਧੀਮਾਨ ਨੇ ਦੱਸਿਆ ਕਿ ਪਾਠ ਦੌਰਾਨ ਵਿਸ਼ਵ ਸ਼ਾਂਤੀ, ਆਪਸੀ ਭਾਈਚਾਰੇ ਅਤੇ ਸਮਾਜ ਵਿੱਚ ਖੁਸ਼ਹਾਲੀ ਲਈ ਪ੍ਰਾਰਥਨਾਵਾਂ ਕੀਤੀਆਂ ਗਈਆਂ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਦਾ ਸਹਿਯੋਗ ਅਤੇ ਪ੍ਰੋਗਰਾਮ ਵਿੱਚ ਭਾਗੀਦਾਰੀ ਲਈ ਧੰਨਵਾਦ ਕੀਤਾ। ਇਸ ਮੌਕੇ ਸੂਰਜ ਧੀਮਾਨ, ਪ੍ਰੇਮਦੀਪ ਚੱਗਰ, ਕਮਲ ਕਨੌਜੀਆ, ਤਰੁਣ ਦੁੱਗਲ, ਗੋਵਰਧਨ ਬੱਸੀ, ਰਾਜ ਕੁਮਾਰ ਜੰਬੂ, ਅਮਿਤ ਗੋਗਨਾ, ਅੰਕੁਸ਼ ਧੀਮਾਨ, ਵਿਸ਼ਾਲ ਭੋਗਲ, ਅਮਰ ਸ਼ਰਮਾ, ਪੰਡਿਤ ਸ਼ਿਵਨਾਰਾਇਣ ਸ਼ਰਮਾ, ਦੀਪਕ ਸਹਿਦੇਵ, ਰਵਿੰਦਰ ਮੱਲਨ, ਭੰਡਾਰੀ, ਮੰਦਰ ਕਮੇਟੀ ਦੇ ਮੈਂਬਰ, ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਅਤੇ ਇਲਾਕੇ ਦੇ ਵਸਨੀਕ ਮੌਜੂਦ ਸਨ।

# ਸ਼੍ਰੀ ਕ੍ਰਿਸ਼ਨ ਵੈਲਫੇਅਰ ਸੁਸਾਇਟੀ, ਫਗਵਾੜਾ ਨੇ ਮਹੀਨਾਵਾਰ ਮੁਫ਼ਤ ਬਲੱਡ ਸ਼ੂਗਰ ਚੈੱਕਅਪ ਕੈਂਪ ਦਾ ਆਯੋਜਨ

## ਸੁਸਾਇਟੀ ਦੇ ਪ੍ਰਧਾਨ ਰਮਨ ਸ਼ਰਮਾ ਦੀ ਨਿਗਰਾਨੀ ਹੇਠ ਲਗਾਏ ਮੁਫ਼ਤ ਬਲੱਡ ਸ਼ੂਗਰ ਚੈੱਕਅੱਪ ਕੈਂਪ 'ਚ 48 ਮਰੀਜ਼ਾਂ ਨੇ ਖੂਨ ਦੀ ਜਾਂਚ

ਜਨ ਜਾਗਰਣ ਬਿਊਰੋ




ਫਗਵਾੜਾ ਦੇ ਖੇੜਾ ਰੋਡ 'ਤੇ ਸ਼੍ਰੀ ਕ੍ਰਿਸ਼ਨ ਵੈਲਫੇਅਰ ਸੁਸਾਇਟੀ ਫਗਵਾੜਾ ਵੱਲੋਂ ਆਯੋਜਿਤ ਮਾਸਿਕ ਮੁਫ਼ਤ ਸ਼ੂਗਰ ਚੈੱਕਅੱਪ ਕੈਂਪ ਵਿੱਚ ਸੁਸਾਇਟੀ ਦੇ ਪ੍ਰਧਾਨ ਰਮਨ ਸ਼ਰਮਾ ਅਤੇ ਹੋਰ ਹਾਜ਼ਰ ਸਨ।

**ਫਗਵਾੜਾ (ਐੱਸਐੱਸ ਲਾਡੀ) :** ਸ਼੍ਰੀ ਕ੍ਰਿਸ਼ਨ ਵੈਲਫੇਅਰ ਸੋਸਾਇਟੀ, ਫਗਵਾੜਾ ਨੇ ਅਸ਼ੋਕ ਕੁਮਾਰ ਸ਼ਰਮਾ ਅਤੇ ਸ਼ਸ਼ੀ ਪਾਲ ਸ਼ਰਮਾ ਦੀ ਅਗਵਾਈ ਹੇਠ ਐਤਵਾਰ ਨੂੰ ਸੱਤਿਅਮ ਲੈਬਾਰਟਰੀ, ਖੇੜਾ ਰੋਡ, ਫਗਵਾੜਾ ਵਿਖੇ ਸਵੇਰੇ 7 ਵਜੇ ਇੱਕ ਮਹੀਨਾਵਾਰ ਮੁਫ਼ਤ ਬਲੱਡ ਸ਼ੂਗਰ ਚੈੱਕਅੱਪ ਕੈਂਪ ਦਾ ਆਯੋਜਨ ਕੀਤਾ। ਡਾ. ਮਨੀਸ਼ ਕਾਲੀਆ ਅਤੇ ਉਨ੍ਹਾਂ ਦੀ ਟੀਮ ਨੇ ਸੁਸਾਇਟੀ ਦੇ ਪ੍ਰਧਾਨ ਰਮਨ ਸ਼ਰਮਾ ਦੀ ਨਿਗਰਾਨੀ ਹੇਠ ਲਗਾਏ ਗਏ ਮੁਫ਼ਤ ਬਲੱਡ ਸ਼ੂਗਰ ਚੈੱਕਅੱਪ ਕੈਂਪ ਵਿੱਚ 48 ਮਰੀਜ਼ਾਂ ਦੇ ਖੂਨ ਦੀ ਜਾਂਚ ਕੀਤੀ। ਪ੍ਰਧਾਨ ਰਮਨ ਸ਼ਰਮਾ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸ਼ੂਗਰ ਇੱਕ ਆਮ ਬਿਮਾਰੀ ਬਣ ਗਈ ਹੈ, ਪਰ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਸਮੇਂ ਸਿਰ ਟੈਸਟ ਕਰਵਾਉਣਾ ਬਹੁਤ ਜ਼ਰੂਰੀ ਹੈ। ਰੋਜ਼ਾਨਾ ਸੈਰ ਅਤੇ ਕਸਰਤ ਜ਼ਰੂਰੀ ਹੈ। ਆਪਣੇ ਆਲੇ-ਦੁਆਲੇ ਸਫਾਈ ਬਣਾਈ ਰੱਖੋ। ਸਾਫ਼ ਪਾਣੀ ਪੀਓ ਅਤੇ ਜੰਕ ਫੂਡ ਤੋਂ ਬਚੋ। ਆਪਣੀ ਖੁਰਾਕ ਵਿੱਚ ਤਲੇ ਹੋਏ ਭੋਜਨ ਦੀ ਵਰਤੋਂ ਘਟਾਓ। ਡਾਕਟਰ ਦੀ ਸਲਾਹ ਤੋਂ ਬਿਨਾਂ ਕੋਈ ਵੀ ਦਵਾਈ ਨਾ ਲਓ। ਇਸ ਤਰ੍ਹਾਂ ਦੇ ਖਾਣੇ ਤੋਂ ਪਰਹੇਜ਼ ਕਰਕੇ ਤੁਸੀਂ ਇਸ ਬਿਮਾਰੀ ਤੋਂ ਬਚ ਸਕਦੇ ਹੋ। ਚੇਅਰਮੈਨ ਰੂਪੇਸ਼ ਧੀਰ ਨੇ ਕਿਹਾ ਕਿ ਇਹ ਕੈਂਪ ਹਰ ਮਹੀਨੇ ਦੇ ਦੂਜੇ ਐਤਵਾਰ ਨੂੰ ਲਗਾਇਆ ਜਾਂਦਾ ਹੈ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਇਸ ਕੈਂਪ ਦਾ ਲਾਭ ਉਠਾਉਣ ਦੀ ਅਪੀਲ ਕੀਤੀ। ਇਸ ਮੌਕੇ ਸੰਸਥਾ ਦੇ ਵਾਈਸ ਚੇਅਰਮੈਨ ਡਾ. ਵਿਨੈ ਗੇਰਾ, ਯੋਗੇਸ਼ ਅਗਰਵਾਲ, ਗੌਰਵ ਚੋਪੜਾ, ਸੰਜੀਵ ਗੁਪਤਾ, ਵਾਈਸ ਪ੍ਰਧਾਨ ਚੰਦਨ ਮਹਿਰਾ, ਸੁਖਵਿੰਦਰ ਰਾਣਾ, ਹਰਸ਼ਿਤ ਗੁਪਤਾ, ਰੂਪੇਸ਼ ਧੀਰ, ਕੇਵਲ ਕ੍ਰਿਸ਼ਨ ਸ਼ਰਮਾ ਆਦਿ ਵੀ ਮੌਜੂਦ ਸਨ।

# ਜੇਐੱਮਜੇਐੱਸ ਫਾਊਂਡੇਸ਼ਨ ਨੇ ਇੰਟਰਨਸ਼ਿਪ ਪ੍ਰੋਗਰਾਮ 'ਤੇ ਇੱਕ ਵਿਸ਼ੇਸ਼ ਸੈਸ਼ਨ ਦਾ ਆਯੋਜਨ ਕੀਤਾ



**ਚੰਡੀਗੜ੍ਹ (ਜਨ ਜਾਗਰਣ ਬਿਊਰੋ) :** ਜੈ ਮਧੂਸੂਦਨ ਜੈ ਸ਼੍ਰੀ ਕ੍ਰਿਸ਼ਨ ਫਾਊਂਡੇਸ਼ਨ ਰਾਸ਼ਟਰੀ ਸਿੱਖਿਆ ਨੀਤੀ ਦੇ ਤਹਿਤ ਅੰਡਰਗ੍ਰੈਜੂਏਟ ਵਿਦਿਆਰਥੀਆਂ ਲਈ ਇੱਕ ਇੰਟਰਨਸ਼ਿਪ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕਰ ਰਹੀ ਹੈ। ਇਹ ਪ੍ਰੋਗਰਾਮ 1 ਜੂਨ ਨੂੰ ਸ਼ੁਰੂ ਹੋਇਆ ਸੀ ਅਤੇ 28 ਜੂਨ ਤੱਕ ਜਾਰੀ ਰਹੇਗਾ, ਜਿਸ ਨਾਲ ਵਿਦਿਆਰਥੀਆਂ ਨੂੰ 60 ਤੋਂ 120 ਘੰਟੇ ਦੀ ਵਿਹਾਰਕ ਸਿਖਲਾਈ ਅਤੇ ਖੇਤਰੀ ਅਨੁਭਵ ਪ੍ਰਦਾਨ ਕੀਤਾ ਜਾਵੇਗਾ। ਫਾਊਂਡੇਸ਼ਨ ਦੇ ਸੰਸਥਾਪਕ ਨਿਰਦੇਸ਼ਕ ਅਤੇ ਇੱਕ ਵਾਤਾਵਰਣ ਕਾਰਕੁਨ ਪ੍ਰਭੂਨਾਥ ਸ਼ਾਹੀ ਨੇ ਦੱਸਿਆ ਕਿ ਪੀਜੀਜੀਸੀ ਸੈਕਟਰ 46, ਡੀਏਵੀ ਕਾਲਜ ਸੈਕਟਰ 10, ਅਤੇ ਕਾਮਰਸ ਕਾਲਜ ਸੈਕਟਰ 50, ਚੰਡੀਗੜ੍ਹ ਤੋਂ 15 ਇੰਟਰਨ ਇਸ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਹਨ। ਇੰਟਰਨਸ਼ਿਪ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਣ ਸੁਰੱਖਿਆ ਅਤੇ ਪ੍ਰਬੰਧਨ, ਖੁਰਾਕ ਅਤੇ ਪੋਸ਼ਣ, ਕੁਦਰਤੀ ਇਲਾਜ, ਯੋਗਾ ਅਤੇ ਧਿਆਨ, ਜਨਤਕ ਪ੍ਰਸ਼ਾਸਨ ਅਤੇ ਸਮਾਜਿਕ ਕਾਰਜਾਂ ਵਿੱਚ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਹੈ। ਇੰਟਰਨਸ਼ਿਪ ਪ੍ਰੋਗਰਾਮ ਵਿੱਚ ਜਾਗਰੂਕਤਾ ਲੈਕਚਰ, ਵਰਕਸ਼ਾਪਾਂ, ਮਾਹਿਰਾਂ ਨਾਲ ਗੱਲਬਾਤ ਅਤੇ ਚੰਡੀਗੜ੍ਹ ਵਿੱਚ ਵੱਖ-ਵੱਖ ਪ੍ਰੋਜੈਕਟ ਸਾਈਟਾਂ ਦੇ ਵਿਦਿਅਕ ਦੌਰੇ ਸ਼ਾਮਲ ਹਨ।

## ਲੁਧਿਆਣਾ 'ਚ ਕੈਂਟਰ ਤੇ ਟਰਾਲੇ ਦੀ ਸਿੱਧੀ ਟੱਕਰ 'ਚ ਮੌਤ

**ਰਾਏਕੋਟ (ਜਨ ਜਾਗਰਣ ਬਿਊਰੋ) :** ਲੁਧਿਆਣਾ-ਬਠਿੰਡਾ ਮਾਰਗ 'ਤੇ ਰਾਏਕੋਟ ਸ਼ਹਿਰ ਦੇ ਬਾਹਰਵਾਰ ਅੱਜ ਤੜਕੇ ਲਗਪਗ ਚਾਰ ਵਜੇ ਟਰਾਲੇ ਅਤੇ ਕੈਂਟਰ ਦੀ ਆਹਮੋ-ਸਾਹਮਣੇ ਟੱਕਰ ਹੋ ਗਈ, ਜਿਸ ਵਿੱਚ ਕੈਂਟਰ ਚਾਲਕ ਦੀ ਮੌਕੇ 'ਤੇ ਹੀ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਤੜਕੇ ਲਗਪਗ 4 ਵਜੇ ਇਕ ਕੈਂਟਰ ਲੁਧਿਆਣਾ ਤੋਂ ਬਰਨਾਲਾ-ਬਠਿੰਡਾ ਵੱਲ ਜਾ ਰਿਹਾ ਸੀ। ਰਾਏਕੋਟ ਨੇੜੇ ਅਚਾਨਕ ਕੈਂਟਰ ਚਾਲਕ ਸੰਦੀਪ ਸਿੰਘ ਨੂੰ ਨੀਂਦ ਆ ਗਈ ਅਤੇ ਉਸ ਦੇ ਕੈਂਟਰ ਦਾ ਸੰਤੁਲਨ ਵਿਗੜ ਗਿਆ ਅਤੇ ਕੈਂਟਰ ਸਾਹਮਣੇ ਤੋਂ ਆ ਰਹੇ ਟਰਾਲੇ ਨਾਲ ਸਿੱਧਾ ਜਾ ਟਕਰਾਇਆ। ਇਸ ਹਾਦਸੇ ਦੌਰਾਨ ਕੈਂਟਰ ਚਾਲਕ ਸੰਦੀਪ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਦਾ ਪਤਾ ਲੱਗਣ 'ਤੇ ਥਾਣਾ ਸਿਟੀ ਰਾਏਕੋਟ ਦੀ ਪੁਲੀਸ ਮੌਕੇ 'ਤੇ ਪਹੁੰਚੀ। ਉਨ੍ਹਾਂ ਨੇ ਰਾਹਗੀਰਾਂ ਦੀ ਮਦਦ ਨਾਲ ਮ੍ਰਿਤਕ ਸੰਦੀਪ ਸਿੰਘ ਦੀ ਲਾਸ਼ ਨੂੰ ਸਥਾਨਕ ਸਿਵਲ ਹਸਪਤਾਲ ਪਹੁੰਚਾਇਆ ਅਤੇ ਹਾਦਸੇ ਦੌਰਾਨ ਜ਼ਖ਼ਮੀ ਹੋਏ ਵਿਅਕਤੀਆਂ ਨੂੰ ਵੀ ਇਲਾਜ ਲਈ ਸਿਵਲ ਹਸਪਤਾਲ ਦਾਖ਼ਲ ਕਰਵਾਇਆ। ਇਸ ਮਾਰਗ 'ਤੇ ਆਵਾਜਾਈ ਜ਼ਿਆਦਾ ਹੋਣ ਅਤੇ ਹਾਦਸੇ ਤੋਂ ਬਾਅਦ ਸੜਕ 'ਤੇ ਲੰਮਾ ਜਾਮ ਲੱਗ ਗਿਆ। ਪੁਲੀਸ ਨੇ ਹਾਦਸਾਗ੍ਰਸਤ ਵਾਹਨਾਂ ਨੂੰ ਸੜਕ ਤੋਂ ਪਾਸੇ ਕਰਵਾ ਕੇ ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਮਾਰਗ 'ਤੇ ਆਵਾਜਾਈ ਬਹਾਲ ਕਰਵਾਈ। ਰਾਏਕੋਟ ਪੁਲੀਸ ਨੇ ਇਸ ਘਟਨਾ ਦੇ ਸਬੰਧ ਵਿੱਚ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਖ਼ੂਨ ਗਰੁਪਾਂ ਦੀ ਪਹਿਚਾਣ ਦੇ ਖੋਜੀ ਦਾ ਜਨਮਦਿਨ ਹੈ ਵਿਸ਼ਵ ਖ਼ੂਨਦਾਤਾ ਦਿਵਸ

## ਹਿੰਦੁਸਤਾਨ ਵੈਲਫ਼ੇਅਰ ਬਲੱਡ ਡੋਨਰਜ਼ ਵਲੋਂ ਖ਼ੂਨਦਾਨ ਕੈਂਪ ਦਾ ਆਯੋਜਨ

ਜਨ ਜਾਗਰਣ ਬਿਊਰੋ




**ਫਗਵਾੜਾ (ਹਰਮੇਸ਼ ਸਰੋਆ) :** ਖ਼ੂਨਦਾਨ ਖੇਤਰ ਦੀ ਪ੍ਰਮੁੱਖ ਸਮਾਜ ਸੇਵੀ ਸੰਸਥਾ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ ਕਲੱਬ (ਰਜਿ ) ਫਗਵਾੜਾ ਵੱਲੋਂ ਏਵਨ ਸਾਈਕਲ ਲੁਧਿਆਣਾ, ਮੇਰਾ ਯੁਵਾ ਭਾਰਤ ਅਤੇ ਯੁਵਕ ਸੇਵਾਵਾਂ ਪੰਜਾਬ ਕਪੂਰਥਲਾ ਦੇ ਸਹਿਯੋਗ ਨਾਲ ਵਿਸ਼ਵ ਖ਼ੂਨਦਾਤਾ ਦਿਵਸ ਨੂੰ ਸਮਰਪਿਤ ਇੱਕ ਸਵੈਇੱਛੁਕ ਖ਼ੂਨਦਾਨ ਕੈਂਪ ਦਾ ਆਯੋਜਨ ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ, ਫਗਵਾੜਾ ਵਿਖੇ ਆਯੋਜਿਤ ਕੀਤਾ ਗਿਆ । ਕਲੱਬ ਦੇ ਸਾਬਕਾ ਪ੍ਰਧਾਨ ਵਿਕਰਮ ਗੁਪਤਾ ਅਤੇ ਜਨਰਲ ਸਕੱਤਰ ਵਿਤਿਨ ਪੁਰੀ ਦੀ ਅਗਵਾਈ ਵਿੱਚ ਆਯੋਜਿਤ ਇਸ ਕੈਂਪ ਵਿੱਚ ਯੂਥ ਆਗੂ ਸਾਹਬੀ ਗਿਰਨ, ਸਾਹਹੀ ਅਠੌਲੀ, ਪਿੰਡ ਭੁੱਲਾਰਾਈ ਦੇ ਸਰਪੰਚ ਰਜਤ ਭਨੋਟ ਅਤੇ ਸਮਾਜ ਸੇਵੀ ਰਾਜਨ ਸ਼ਰਮਾ ਦੀ ਮਿਹਨਤ ਸਦਕਾ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਸਮਾਜ ਸੇਵੀਆਂ ਨੇ ਉਤਸ਼ਾਹ ਨਾਲ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਸਕੂਲ ਮੈਨੇਜਰ ਸੁਰਿੰਦਰ ਚੋਪੜਾ, ਰਮੇਸ਼ ਸਚਦੇਵਾ ਨੇ ਸਮੂਹ ਖ਼ੂਨਦਾਨੀਆਂ ਨੂੰ ਵਧਾਈ ਦਿੱਤੀ । ਖ਼ੂਨਦਾਨ ਕੈਂਪ ਵਿੱਚ ਵਿਸ਼ੇਸ਼ ਰੂਪ ਵਿੱਚ ਪਹੁੰਚੇ ਹਲਕਾ ਇੰਚਾਰਜ ਡਾਕਟਰ ਰਾਜ ਕੁਮਾਰ ਚੱਬੇਵਾਲ ਅਤੇ ਮੇਅਰ ਰਾਮਪਾਲ ਉੱਪਲ ਨੇ ਖ਼ੂਨਦਾਨ ਸੇਵਾ ਨੂੰ ਮਨੁੱਖਤਾ ਦੀ ਮਹਾਨ ਸੇਵਾ ਦੱਸਦਿਆਂ ਨੌਜਵਾਨਾਂ ਨੂੰ ਨਿਯਮਿਤ ਰੂਪ ਵਿੱਚ ਖ਼ੂਨਦਾਨ ਕਰਨ ਦੀ ਅਪੀਲ ਕੀਤੀ । ਕਲੱਬ ਦੇ ਜਨਰਲ ਸਕੱਤਰ ਵਿਤਿਨ ਪੁਰੀ ਅਤੇ ਮੀਤ ਪ੍ਰਧਾਨ ਹਰਜਿੰਦਰ ਗੋਗਨਾ ਨੇ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸੇਵਾ ਹੈ, ਜਿਸ ਨਾਲ ਅਨੇਕਾਂ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇੱਕ ਯੂਨਿਟ ਖ਼ੂਨ ਤਿੰਨ ਤੱਕ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਵਿੱਚ ਸਹਾਇਕ ਹੋ ਸਕਦਾ ਹੈ। ਸੀਨੀਅਰ ਮੈਂਬਰ ਜਰਨੈਲ ਸਿੰਘ ਬਸਰਾ ਨੇ ਦੱਸਿਆ ਕਿ ਇਹ ਦਿਨ ਖ਼ੂਨ ਗਰੁੱਪਾਂ ਦੀ ਖੋਜ ਕਰਨ ਵਾਲੇ ਵਿਗਿਆਨੀ ਕਾਰਲ ਲੈਂਡਸਟਾਇਨਰ ਦੇ ਜਨਮਦਿਨ ਨੂੰ ਸਮਰਪਿਤ ਹੈ ਅਤੇ ਵਿਸ਼ਵ ਸਿਹਤ ਸੰਗਠਨ ਵਲੋਂ ਇਸ ਸਾਲ ਦੀ ਥੀਮ ਇੱਕ ਬੂੰਦ ਮਾਨਵਤਾ ਲਈ-ਖ਼ੂਨਦਾਨ ਕਰੋ ਜ਼ਿੰਦਗੀ ਬਚਾਓ ਸਬੰਧੀ ਜਾਣਕਾਰੀ ਦਿੱਤੀ । ਸਾਹਬੀ ਗਿਰਨ , ਸਰਪੰਚ ਰਜਤ ਭਨੋਟ ਅਤੇ ਰਾਜਨ ਸ਼ਰਮਾ ਨੇ ਨੌਜਵਾਨਾਂ ਨੂੰ ਨਿਯਮਿਤ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਿਹਤਮੰਦ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖ਼ੂਨਦਾਨ ਕਰਕੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਪ੍ਰੋਜੈਕਟ ਡਾਇਰੈਕਟਰਾਂ ਪ੍ਰੇਮ ਗੁਪਤਾ ਅਤੇ ਕੁਸ਼ ਵਢੇਰਾ ਨੇ ਦੱਸਿਆ ਕਿ ਵਿਸ਼ਵ ਖ਼ੂਨਦਾਤਾ ਦਿਵਸ ਹਰ ਸਾਲ 14 ਜੂਨ ਨੂੰ ਮਨਾਇਆ ਜਾਂਦਾ ਹੈ ਤਾਂ ਜੋ ਸਵੈਇੱਛੁਕ ਖ਼ੂਨਦਾਤਾਵਾਂ ਦਾ ਸਨਮਾਨ ਕੀਤਾ ਜਾ ਸਕੇ ਅਤੇ ਲੋਕਾਂ ਨੂੰ ਸੁਰੱਖਿਅਤ ਖ਼ੂਨਦਾਨ ਲਈ ਜਾਗਰੂਕ ਕੀਤਾ ਜਾ ਸਕੇ। ਕੈਂਪ ਦੌਰਾਨ 107 ਖ਼ੂਨਦਾਤਾਵਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਅੰਤ ਵਿੱਚ ਕਲੱਬ ਦੇ ਸਾਬਕਾ ਪ੍ਰਧਾਨ ਵਿਕਰਮ ਗੁਪਤਾ ਨੇ ਸਕੂਲ ਪ੍ਰਬੰਧਕ ਕਮੇਟੀ, ਸਹਿਯੋਗੀ ਸੰਸਥਾਵਾਂ, ਸਮਾਜ ਸੇਵੀਆਂ ਅਤੇ ਖ਼ੂਨਦਾਤਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰਹਿਣਗੇ ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖ਼ੂਨ ਉਪਲਬਧ ਕਰਵਾਇਆ ਜਾ ਸਕੇ । ਇਸ ਮੌਕੇ ਅਜੇ ਅਗਰਵਾਲ, ਰਣਵੀਰ ਪਰਮਾਰ, ਨਰੇਸ਼ ਕੋਹਲੀ, ਨੀਰਜ ਬਖਸ਼ੀ, ਪ੍ਰਭਜੋਤ ਸਿੰਘ, ਰਾਕੇਸ਼ ਵਢੇਰਾ, ਅਸ਼ਵਨੀ ਸ਼ਰਮਾ, ਡਾਕਟਰ ਅੰਜੂ ਸ਼ਰਮਾ, ਨੰਦ ਕਿਸ਼ੋਰ ਸ਼ਰਮਾ, ਡਾਕਟਰ ਯਸ਼ ਚੋਪੜਾ, ਲਕਸ਼ੇ ਭੱਲਾ, ਲਵ ਵਢੇਰਾ, ਹਰਮਿੰਦਰ ਸਿੰਘ ਕੁੰਦੀ ਹਾਜ਼ਰ ਸਨ ।

# ਚੰਡੀਗੜ੍ਹ 'ਚ ਗੋਲੀਬਾਰੀ ਦੀ ਘਟਨਾ ਤੋਂ ਬਾਅਦ ਚੌਕਸੀ ਵਧਾਈ

ਜਨ ਜਾਗਰਣ ਬਿਊਰੋ




**ਚੰਡੀਗੜ੍ਹ :** ਚੰਡੀਗੜ੍ਹ ਵਿੱਚ ਪੀ ਜੀ ਆਈ ਨੇੜੇ ਭੀੜ-ਭਾੜ ਵਾਲੇ ਇਲਾਕੇ ਸੈਕਟਰ 11 ਵਿੱਚ ਦੁਪਹਿਰ ਸਮੇਂ ਮੋਟਰਸਾਈਕ ਸਵਾਰ ਨੌਜਵਾਨਾਂ ਵੱਲੋਂ ਮੈਡੀਕਲ ਸਟੋਰ 'ਤੇ ਗੋਲੀਆਂ ਚਲਾਉਣ ਦੀ ਘਟਨਾ ਤੋਂ ਬਾਅਦ ਸ਼ਹਿਰ ਦੇ ਵਪਾਰੀਆਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਘਟਨਾ ਤੋਂ ਬਾਅਦ ਚੰਡੀਗੜ੍ਹ ਪੁਲੀਸ ਨੇ ਸ਼ਹਿਰ ਵਿੱਚ ਚੌਕਸੀ ਵਧਾ ਦਿੱਤੀ ਹੈ, ਜਿਨ੍ਹਾਂ ਵੱਲੋਂ ਸ਼ਹਿਰ ਵਿੱਚ ਦਾਖ਼ਲ ਹੋਣ ਵਾਲੀਆਂ ਅਤੇ ਬਾਹਰ ਜਾਣ ਵਾਲੀਆਂ ਸੜਕਾਂ 'ਤੇ ਨਾਕਾਬੰਦੀ ਕਰ ਦਿੱਤੀ ਹੈ। ਇਸ ਦੌਰਾਨ ਸ਼ਹਿਰ ਵਿੱਚੋਂ ਬਾਹਰ ਜਾਣ ਵਾਲੇ ਨੌਜਵਾਨਾਂ 'ਤੇ ਵਿਸ਼ੇਸ਼ ਤੌਰ 'ਤੇ ਨਜ਼ਰ ਰੱਖੀ ਜਾ ਰਹੀ ਹੈ। ਪੁਲੀਸ ਸ਼ੱਕੀ ਨੌਜਵਾਨਾਂ ਨੂੰ ਰੋਕ ਕੇ ਚੈਕਿੰਗ ਵੀ ਕਰ ਰਹੀ ਹੈ। ਪੁਲੀਸ ਅਧਿਕਾਰੀਆਂ ਮੁਤਾਬਕ ਮਾਮਲੇ ਵਿੱਚ ਸ਼ਾਮਲ ਨੌਜਵਾਨਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਪਿਛਲੇ ਕੁਝ ਸਮੇਂ ਤੋਂ ਗੈਂਗਸਟਰਾਂ ਵੱਲੋਂ ਵਪਾਰੀਆਂ ਤੋਂ ਫਿਰੌਤੀ ਦੀ ਮੰਗ ਕਰਨ ਦੇ ਮਾਮਲੇ ਲਗਾਤਾਰ ਵਧਦੇ ਜਾ ਰਹੇ ਹਨ। ਫਿਰੌਤੀਆਂ ਦੀ ਮੰਗ ਕਾਰਨ ਵਪਾਰੀਆਂ ਵਿੱਚ ਵਧੇਰੇ ਦਹਿਸ਼ਤ ਪਾਈ ਜਾ ਰਹੀ ਹੈ। ਗੈਂਗਸਟਰਾਂ ਵੱਲੋਂ ਪਹਿਲਾਂ ਫਿਰੌਤੀ ਲਈ ਸ਼ਰਾਬ ਕਾਰੋਬਾਰੀ ਅਤੇ ਇਮੀਗ੍ਰੇਸ਼ਨ ਕਾਰੋਬਾਰੀਆਂ ਨੂੰ ਨਿਸ਼ਾਨੇ 'ਤੇ ਲਿਆ ਜਾ ਰਿਹਾ ਸੀ ਪਰ ਹੁਣ ਦਵਾਈ ਵਿਕਰੇਤਾਵਾਂ ਨੂੰ ਵੀ ਘੇਰਿਆ ਜਾ ਰਿਹਾ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸ਼ਹਿਰ ਵਿੱਚ ਵੱਡੀ ਗਿਣਤੀ ਵਪਾਰੀਆਂ ਵੱਲੋਂ ਗੈਂਗਸਟਰਾਂ ਦੇ ਡਰੋਂ ਫਿਰੌਤੀ ਮਾਮਲਿਆਂ ਬਾਰੇ ਪੁਲੀਸ ਨੂੰ ਸ਼ਿਕਾਇਤ ਨਹੀਂ ਕੀਤੀ ਜਾਂਦੀ ਹੈ। ਜ਼ਿਕਰਯੋਗ ਹੈ ਕਿ ਮਾਰਚ ਮਹੀਨੇ ਦੌਰਾਨ ਸੈਕਟਰ 9 ਵਿੱਚ ਮੋਟਰਸਾਈਕਲ ਸਵਾਰ ਨੌਜਵਾਨਾਂ ਵੱਲੋਂ ਮੁੱਲਾਂਪੁਰ ਦੇ ਰਹਿਣ ਵਾਲੇ ਪ੍ਰਾਪਰਟੀ ਡੀਲਰ ਚਰਨਪ੍ਰੀਤ ਸਿੰਘ ਦੀ ਅੰਨ੍ਹੇਵਾਹ ਗੋਲੀਆਂ ਚਲਾ ਕੇ ਹੱਤਿਆ ਕਰ ਦਿੱਤੀ ਸੀ। ਹਾਲਾਂਕਿ ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਵੀ ਪੁਲੀਸ ਨੇ ਕਈ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਇਸ ਤੋਂ ਪਹਿਲਾਂ ਸੈਕਟਰ 32 ਵਿੱਚ ਮੈਡੀਕਲ ਸਟੋਰ 'ਤੇ ਫਿਰੌਤੀ ਲਈ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਸੀ। ਇਸ ਮਾਮਲੇ ਵਿੱਚ ਜਾਂਚ ਕਰਦਿਆਂ ਪੁਲੀਸ ਨੇ ਹਮਲਾਵਰ ਨੂੰ ਗ੍ਰਿਫ਼ਤਾਰ ਵੀ ਕਰ ਲਿਆ ਸੀ। ਇਸ ਤੋਂ ਇਲਾਵਾ ਵੀ ਸ਼ਹਿਰ ਵਿੱਚ ਫਿਰੌਤੀ ਦੀ ਮੰਗ ਸਬੰਧੀ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ, ਜੋ ਪੁਲੀਸ ਦੀ ਕਾਰਵਾਈ 'ਤੇ ਸਵਾਲ ਖੜ੍ਹੇ ਕਰਦੀਆਂ ਹਨ।

# ਲੁਧਿਆਣਾ 'ਚ ਕਾਰ 'ਚੋਂ 15 ਪੇਟੀਆਂ ਨਾਜਾਇਜ਼ ਸ਼ਰਾਬ ਬਰਾਮਦ



ਜਨ ਜਾਗਰਣ ਬਿਊਰੋ

**ਲੁਧਿਆਣਾ :** ਸ਼ਹਿਰ ਵਿੱਚ ਆਬਕਾਰੀ ਵਿਭਾਗ ਅਤੇ ਪੁਲੀਸ ਦੀ ਸਾਂਝੀ ਟੀਮ ਨੇ ਨਸ਼ਾ ਤਸਕਰੀ ਰੋਕਣ ਲਈ ਕਾਰਵਾਈ ਕਰਦਿਆਂ ਕਾਰ 'ਚੋਂ 15 ਪੇਟੀਆਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਹੈ। ਪੁਲੀਸ ਨੇ ਮੌਕੇ ਤੋਂ ਇੱਕ ਤਸਕਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜੋ ਜਗਰਾਉਂ ਦੇ ਪਿੰਡ ਅਜੀਤਵਾਲ ਤੋਂ ਸ਼ਰਾਬ ਲੈ ਕੇ ਇੱਥੇ ਡਲਿਵਰੀ ਦੇਣ ਪਹੁੰਚਿਆ ਸੀ। ਆਬਕਾਰੀ ਵਿਭਾਗ ਅਤੇ ਸਥਾਨਕ ਪੁਲੀਸ ਨੂੰ ਦੇਰ ਰਾਤ ਗੁਪਤ ਸੂਚਨਾ ਮਿਲੀ ਸੀ ਕਿ ਕੁਝ ਤਸਕਰ ਕਾਰ ਵਿੱਚ ਨਾਜਾਇਜ਼ ਸ਼ਰਾਬ ਲੈ ਕੇ ਸਥਾਨਕ ਫ਼ਤਿਹਗੰਜ ਮੁਹੱਲੇ ਵਿੱਚ ਸਪਲਾਈ ਦੇਣ ਆ ਰਹੇ ਹਨ। ਸੂਚਨਾ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਪੁਲੀਸ ਨੇ ਇਲਾਕੇ ਵਿੱਚ ਜਾਲ ਵਿਛਾਇਆ ਅਤੇ ਮੌਕੇ 'ਤੇ ਪਹੁੰਚ ਕੇ ਇੱਕ ਹੌਂਡਾ ਸਿਟੀ ਕਾਰ ਨੂੰ ਘੇਰ ਲਿਆ। ਇਸ ਛਾਪੇਮਾਰੀ ਦੌਰਾਨ ਪੁਲੀਸ ਨੇ ਮੁਲਜ਼ਮ ਸੁਨੀਲ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ, ਜਦੋਂ ਕਿ ਉਸ ਦੇ ਨਾਲ ਮੌਜੂਦ ਹੋਰ ਸਾਥੀ ਫਰਾਰ ਹੋ ਗਏ। ਜਾਣਕਾਰੀ ਅਨੁਸਾਰ ਕਾਰਵਾਈ ਦੌਰਾਨ ਪੁਲੀਸ ਅਤੇ ਐਕਸਾਈਜ਼ ਟੀਮ ਨੂੰ ਉਸ ਵੇਲੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਜਦੋਂ ਜ਼ਬਤ ਕੀਤੀ ਗਈ ਕਾਰ ਦਾ ਲੌਕ ਨਹੀਂ ਖੁੱਲ੍ਹਿਆ। ਪੁਲੀਸ ਮੁਲਾਜ਼ਮ ਰਾਤ ਦੇ 12 ਵਜੇ ਤੋਂ ਲੈ ਕੇ ਅੱਜ ਦੁਪਹਿਰ ਤੱਕ ਕਾਰ ਦਾ ਲੌਕ ਖੋਲ੍ਹਣ ਦੀਆਂ ਕੋਸ਼ਿਸ਼ਾਂ ਕਰਦੇ ਰਹੇ। ਅਖ਼ੀਰ ਦੁਪਹਿਰ 12 ਵਜੇ ਤੋਂ ਬਾਅਦ ਪੁਲੀਸ ਨੇ ਗ੍ਰਿਫ਼ਤਾਰ ਕੀਤੇ ਮੁਲਜ਼ਮ ਸੁਨੀਲ ਤੋਂ ਹੀ ਕਾਰ ਦੀ ਖਿੜਕੀ ਦਾ ਸ਼ੀਸ਼ਾ ਤੁੜਵਾਇਆ ਗਿਆ। ਸ਼ੀਸ਼ਾ ਟੁੱਟਣ ਤੋਂ ਬਾਅਦ ਜਦੋਂ ਕਾਰ ਦੇ ਅੰਦਰੋਂ ਡਿੱਕੀ ਨੂੰ ਖੋਲ੍ਹਿਆ ਗਿਆ ਤਾਂ ਉਸ ਵਿੱਚੋਂ ਵੱਖ-ਵੱਖ ਬ੍ਰਾਂਡਾਂ ਦੀ ਸ਼ਰਾਬ ਦੀਆਂ 15 ਪੇਟੀਆਂ ਬਰਾਮਦ ਹੋਈਆਂ। ਆਬਕਾਰੀ ਇੰਸਪੈਕਟਰ ਨਵਦੀਪ ਸਿੰਘ ਨੇ ਦੱਸਿਆ ਕਿ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਸ਼ਰਾਬ ਅਸਲੀ ਹੈ ਜਾਂ ਨਕਲੀ। ਜਾਂਚ ਅਧਿਕਾਰੀ ਏ ਐੱਸ ਆਈ ਰਾਮਮੂਰਤੀ ਨੇ ਦੱਸਿਆ ਕਿ ਮੁਲਜ਼ਮ ਸੁਨੀਲ ਨੂੰ ਕੋਲੋਂ ਪੁੱਛ-ਪੜਤਾਲ ਕੀਤੀ ਜਾ ਰਹੀ ਹੈ।

# ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਨੇ ਵਾਤਾਵਰਣ ਸੁਰੱਖਿਆ ਵਿਸ਼ੇ 'ਤੇ ਕਰਵਾਇਆ ਵਿਸ਼ੇਸ਼ ਸੈਮੀਨਾਰ

## ਕੁਦਰਤੀ ਸੋਮਿਆਂ ਦੀ ਸਵੱਛਤਾ ਸਮੇਂ ਦੀ ਲੋੜ : ਰਵਿੰਦਰ ਸਿੰਘ ਰਾਏ

ਜਨ ਜਾਗਰਣ ਬਿਊਰੋ



ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਵਲੋਂ ਕਰਵਾਏ ਕੁਦਰਤੀ ਵਾਤਾਵਰਣ ਸੁਰੱਖਿਆ ਸਬੰਧੀ ਸੈਮੀਨਾਰ ਦਾ ਦ੍ਰਿਸ਼।

**ਫਗਵਾੜਾ (ਐੱਸਐੱਸ ਲਾਡੀ) :** ਉਸਾਰੂ ਸਾਹਿਤ ਅਤੇ ਸਾਫ ਸੁਥਰੇ ਸਮਾਜ ਲਈ ਕਾਰਜਸ਼ੀਲ ਸੰਸਥਾ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵਲੋਂ ਵਾਤਾਵਰਣ ਸੁਰੱਖਿਆ ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੇਂਦਰ ਦੇ ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਪੀ.ਆਰ.ਓ. ਓਮ ਪ੍ਰਕਾਸ਼ ਪਾਲ ਦੀ ਅਗਵਾਈ ਹੇਠ ਵਰਿੰਦਰ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਸੰਸਥਾ ਦੇ ਸਮੂਹ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਡਾਇਰੈਕਟਰ ਡਾ. ਐਸ.ਪੀ. ਮਾਨ ਨੇ ਕੁਦਰਤੀ ਵਾਤਾਵਰਣ ਦੀ ਸੁਰੱਖਿਆ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕੁਦਰਤੀ ਸੋਮਿਆਂ ਜਿਵੇਂ ਹਵਾ, ਪਾਣੀ, ਧਰਤੀ, ਦਰਿਆਵਾਂ ਨੂੰ ਪ੍ਰਦੂਸ਼ਣ ਮੁਕਤ ਬਣਾਈ ਰੱਖਣਾ ਸਾਡੇ ਜੀਵਨ ਦੇ ਲਈ ਬਹੁਤ ਜਰੂਰੀ ਹੈ। ਤਾਂ ਕਿ ਮਨੁੱਖ ਅਤੇ ਜੀਵ-ਜੰਤੂ ਸੁਰੱਖਿਅਤ ਮਹਿਸੂਸ ਕਰ ਸਕਣ। ਜਹਿਰੀਲੀ ਹਵਾ ਅਨੇਕਾਂ ਬਿਮਾਰੀਆਂ ਦਾ ਖਤਰਾ ਪੈਦਾ ਕਰਦੀ ਹੈ। ਦਰਿਆਵਾਂ ਦਾ ਜਹਿਰੀਲਾ ਪਾਣੀ ਜੰਗਲੀ ਅਤੇ ਦਰਿਆਈ ਜੀਵਾਂ, ਜੰਤੂਆਂ ਪੰਛੀਆਂ ਲਈ ਘਾਤਕ ਬਣਦਾ ਹੈ ਅਤੇ ਧਰਤੀ ਦੀ ਸਵੱਛਤਾ ਸੁੰਦਰ ਵਾਤਾਵਰਣ ਅਤੇ ਸਾਹਾਂ ਨੂੰ ਸਕੂਨ ਦਿੰਦੀ ਹੈ। ਰਵਿੰਦਰ ਸਿੰਘ ਰਾਏ ਨੇ ਕਿਹਾ ਕਿ ਸਾਨੂੰ ਕੁਦਰਤੀ ਸੋਮਿਆਂ ਦੀ ਸਵੱਛਤਾ ਪ੍ਰਤੀ ਗੰਭੀਰ ਹੋਣ ਦੀ ਲੋੜ ਹੈ ਅਤੇ ਹਵਾ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਹਰਿਆਵਲ ਵਾਲਾ ਸਾਫ ਸੁਥਰਾ ਵਾਤਵਰਣ ਜਿੱਥੇ ਅੱਖਾਂ ਨੂੰ ਸੁਕੂਨ ਦਿੰਦਾ ਹੈ, ਉੱਥੇ ਹੀ ਇਸ ਨਾਲ ਸਰੀਰਕ ਤੇ ਮਾਨਸਿਕ ਵਿਕਾਸ ਸਹੀ ਤਰੀਕੇ ਨਾਲ ਹੁੰਦਾ ਹੈ। ਡਾ. ਸਾਗਰ ਸਿੰਘ ਡਾਇਰੈਕਟਰ ਹੈਲਥ ਨੇ ਕਿਹਾ ਕਿ ਵਿਕਾਸ ਸਬੰਧੀ ਲੋੜਾਂ ਲਈ ਜਿੰਨੇ ਦਰਖ਼ਤ ਵੱਢੇ ਜਾਂਦੇ ਹਨ, ਉਹਨਾਂ ਨਾਲੋਂ ਵੱਧ ਦਰਖ਼ਤ ਲਗਾ ਕੇ ਤਿਆਰ ਕੀਤੇ ਜਾਣੇ ਚਾਹੀਦੇ ਹਨ ਅਤੇ ਚੰਗੀ ਗੱਲ ਹੈ ਕਿ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਵਲੋਂ ਹਰ ਸਾਲ ਵੱਖ-ਵੱਖ ਥਾਵਾਂ ਤੇ ਬੂਟੇ ਲਗਾ ਕੇ ਇਸ ਮੁਹਿਮ ਵਿੱਚ ਵਢਮੁੱਲਾ ਯੋਗਦਾਨ ਪਾਇਆ ਜਾਂਦਾ ਹੈ। ਉਹਨਾਂ ਨੇ ਸਮੂਹ ਪਤਵੰਤਿਆਂ ਦਾ ਪਹੁੰਚਣ ਲਈ ਅਤੇ ਵਢਮੁੱਲੇ ਵਿਚਾਰ ਪੇਸ਼ ਕਰਨ ਲਈ ਤਹਿ ਦਿਲੋਂ ਧੰਨਵਾਦ ਵੀ ਕੀਤਾ। ਇਸ ਦੌਰਾਨ ਫੁੱਲਾਂ ਵਾਲੇ ਅਤੇ ਛਾਂਦਾਰ ਬੂਟੇ ਵੀ ਵੰਡੇ ਗਏ। ਇਸ ਮੌਕੇ ਕੇਂਦਰ ਦੇ ਸੀਨੀਅਰ ਮੀਤ ਪ੍ਰਧਾਨ ਗੁਰਨਾਮ ਸਿੰਘ ਸੈਣੀ, ਪ੍ਰੈਸ ਸਕੱਤਰ ਲਵਪ੍ਰੀਤ ਸਿੰਘ ਰਾਏ, ਖੁਸ਼ਪ੍ਰੀਤ ਕੌਰ ਰਾਏ ਸਮੇਤ ਹੋਰ ਪਤਵੰਤੇ ਹਾਜਰ ਸਨ।

## ਪਬਲਿਕ ਨੋਟਿਸ

**ਬਾ-ਅਦਾਲਤ ਸ੍ਰੀ ਨਾਇਬ ਤਹਿਸੀਲਦਾਰ -ਕਮ-ਏ.ਸੀ ਫਸਟ ਗਰੇਡ ਖੇਮਕਰਨ**
**ਸਬ ਤਹਿਸੀਲ ਖੇਮਕਰਨ ਤਹਿਸੀਲ ਪੱਟੀ ਜਿਲ੍ਹਾ ਤਰਨ ਤਾਰਨ ।**
**ਨੋਟਿਸ:-ਬਨਾਮ ਆਮ ਜਨਤਾ**

ਇਹ ਕਿ ਆਮ ਜਨਤਾ ਨੂੰ ਸੂਚਿਤ ਜਾਦਾ ਹੈ ਕਿ ਇੱਕ ਤਕਸੀਮ ਕੇਸ ਫਾਈਲ ਸਾਡੇ ਦਫਤਰ ਪੇਸ਼ ਹੋਈ ਹੈ ਜਿਸਦਾ ਵੇਰਵਾ ਇਸ ਤਰ੍ਹਾਂ ਹੈ- ਜੋ ਕਿ ਅਨੁਵਾਨ ਬਲਵਿੰਦਰ ਸਿੰਘ ਪੁੱਤਰ ਸ਼ੁਬੇਗ ਸਿੰਘ ਵਾਸੀ ਪਿੰਡ ਠੱਠੀ ਜੈਮਲ ਸਿੰਘ ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਬਨਾਮ ਸਤਨਾਮ ਸਿੰਘ ਆਦਿ ਵਾਸੀਆਨ ਪਿੰਡ ਝੁੱਗੀਆਂ ਨੱਥਾ ਸਿੰਘ ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ। ਜੋ ਕਿ ਤਕਸੀਮ ਅਰਾਜੀ ਮੁਵਾਜੀ 88 ਕਨਾਲ 11 ਮਰਲੇ ਜਿਸਦਾ ਖਾਤਾ ਨੰਬਰ 41/40 ਖਤੌਨੀ ਨੰਬਰ 198 ਤੋਂ 204 ਤੱਕ ਵਾਕਿਆ ਰਕਬਾ ਪਿੰਡ ਝੁੱਗੀਆਂ ਨੱਥਾ ਸਿੰਘ ਸਬ ਤਹਿਸੀਲ ਖੇਮਕਰਨ ਜ਼ਿਲ੍ਹਾ ਤਰਨ ਤਾਰਨ ਇਸ ਕੇਸ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ ਹੈ ਤਾਂ ਮਿਤੀ 24/6/26 ਨੂੰ ਨਾਇਬ ਤਹਿਸੀਲਦਾਰ ਕਮ-ਏ.ਸੀ ਗਰੇਡ-1, ਖੇਮਕਰਨ ਪੇਸ਼ ਹੋ ਕੇ ਦੱਸ ਸਕਦਾ ਹੈ। ਇਸ ਤੋਂ ਬਾਅਦ ਆਸਤਨ ਜਾਂ ਵਕਾਲਤਨ ਹਾਜਰ ਹੋ ਸਕਦਾ ਹੈ। ਬਾਅਦ ਗੁਜਰਨੇ ਮਿਆਦ ਕੋਈ ਉਜਰ ਕਰਨੇ ਗੌਰ ਨਹੀ ਹੋਵੇਗਾ।

ਸਹਾਇਕ ਕੁਲੈਕਟਰ ਦਰਜਾ
ਖੇਮਕਰਨ, ਤਰਨ ਤਾਰਨ

**ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ (ਤਹਿਸੀਲਦਾਰ) ਰਾਮਪੁਰਾ ਫੂਲ ਤਹਿ: ਫੂਲ ਜਿਲ੍ਹਾ ਬਠਿੰਡਾ**
**ਪੱਤਰ ਨੰ:-584 ਰੀਡਰ-2 ਮਿਤੀ:-19/6/2026**
**ਦਰਖਾਸਤ ਵੱਲੋਂ ਨਿਰਭੈ ਸਿੰਘ ਪੁੱਤਰ ਜਗਤਾਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਧਿੰਗੜ ਬਾਬਤ ਮਾਲ ਰਿਕਾਰਡ ਵਿੱਚ ਨਾਮ ਨਿਰਭੈ ਸਿੰਘ ਸਿੱਧੂ ਦਰੁਸਤ ਕਰਵਾਉਣ ਸਬੰਧੀ।**
**ਨੋਟਿਸ ਬਨਾਮ ਜਰਨਲ ਪਬਲਿਕ**
ਸ੍ਰੀ ਨਿਰਭੈ ਸਿੰਘ ਪੁੱਤਰ ਜਗਤਾਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਧਿੰਗੜ ਤਹਿਸੀਲ ਰਾਮਪੁਰਾ ਫੂਲ ਜਿਲ੍ਹਾ ਬਠਿੰਡਾ ਨੇ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਜਮਾਬੰਦੀ ਸਾਲ 2019-2020 ਵਿੱਚ ਮਾਲ ਰਿਕਾਰਡ ਵਿੱਚ ਮੇਰਾ ਨਾਮ ਨਿਰਭੈ ਸਿੰਘ ਪੁੱਤਰ ਜਗਤਾਰ ਸਿੰਘ ਪੁੱਤਰ ਜਰਨੈਲ ਸਿੰਘ ਹੈ ਜੱਦ ਕਿ ਹੋਰਨਾਂ ਦਸਤਾਵੇਜ਼ਾਂ ਵਿੱਚ ਮੇਰਾ ਨਾਮ ਨਿਰਭੈ ਸਿੰਘ ਸਿੱਧੂ ਪੁੱਤਰ ਜਗਤਾਰ ਸਿੰਘ ਪੁੱਤਰ ਜਰਨੈਲ ਸਿੰਘ ਦਰਜ਼ ਹੈ। ਇਹ ਕਿ ਹੁਣ ਮੈਂ ਮਾਲ ਰਿਕਾਰਡ ਵਿੱਚ ਆਪਣਾ ਨਾਮ ਨਿਰਭੈ ਸਿੰਘ ਸਿੱਧੂ ਪੁੱਤਰ ਜਗਤਾਰ ਸਿੰਘ ਪੁੱਤਰ ਜਰਨੈਲ ਸਿੰਘ ਕਰਵਾਉਣਾ ਚਾਹੁੰਦਾ ਹਾਂ। ਇਸ ਲਈ ਇਸ ਨੋਟਿਸ ਰਾਹੀਂ ਉਪਰ ਦਰਜ਼/ਹਰ ਆਮ ਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਉਪਰੋਕਤ ਦਿੱਤੇ ਨਾਮ ਸਬੰਧੀ ਕੋਈ ਇਤਰਾਜ ਵਾ ਉਜਰ ਹੋਵੇ ਤਾਂ ਉਹ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਤੇ 10 ਦਿਨਾਂ ਦੇ ਅੰਦਰ-ਅੰਦਰ ਆਪਣਾ ਉਜਰ ਅਸਾਲਤਨ ਜਾਂ ਵਕਾਲਤਨ ਹਾਜਰ ਅਦਾਲਤ ਆ ਕੇ ਪੇਸ਼ ਕਰ ਸਕਦਾ ਹੈ। ਬਾਅਦ ਗੁਜਰਨੇ ਮਿਆਦ ਕੋਈ ਉਜਰ ਨਹੀ ਸੁਣਿਆ ਜਾਵੇਗਾ। ਅੱਜ ਮਿਤੀ 11-06-2026 ਨੂੰ ਇਹ ਨੋਟਿਸ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ
ਕਮ-ਤਹਿਸੀਲਦਾਰ, ਰਾਮਪੁਰਾ ਫੂਲ।

## Janjagran Punjab Classified

### Tours and Travels

☞ **कैनेडा-ऑस्ट्रेलिया** फ्री वीजा, रहना, खाना, 2 साल का वर्क परमिट। कमाएं 3 लाख महीना। कोई पैसा ना वीजा से पहले ना बाद में। चाहिए हेल्पर, कारपेंटर, मेसन, वैल्डर, प्लम्बर, ड्राइवर, ऑपरेटर, स्टोरकीपर, वेटर, सुपरवाईजर, मैनेजर, कुक इत्यादि। सरकारी रजिस्टर्ड कंपनी से ही अप्लाई करें। **फोन : 73476708**

☞ **वर्क वीजा** कैनेडा, ऑस्ट्रेलिया, कंस्ट्रक्शन/ स्टोर/आईटी कंपनियों में जरूरत : स्टोर कीपर, कम्प्यूटर आपरेटर, फूड पैकर, ड्राईवर, इलेक्ट्रीशियन, प्लम्बर, सिक्योरिटी, गार्ड, वेटर, कुक, नो एडवांस, रहना, खाना, टिकट, बीमा फ्री। एजेंट्स वैलकम। **रूद्राश 9815119633, 9855577523**

☞ **कैनेडा-ऑस्ट्रेलिया** 3 साल का वीजा, फ्री रहना, खाना और टिकट कम्पनी देगी। सैलरी 2 से 3 लाख महीना। हैल्पर, कारपेन्टर, मैसन, प्लम्बर, ड्राईवर, कुक, वेटर, आपरेटर, सुपरवाईजर इत्यादि चाहिये। रजिस्टर्ड कम्पनी से ही अप्लाई करें। **फोन : 7087033731**

☞ **कनाडा, ऑस्ट्रेलिया,** दुबई, कुवैत, सऊदी, रशिया, सिंगापुर, में पढ़े-लिखे और अनपढ़ कारीगरों और हैल्पर की भारी जरूरत। वीजा के पैसे सैलरी से कटवाएं। **फोन : 7710404041**

### Bedhakli Cancel

☞ ਮੈਂ ਅਜਮੇਰ ਸਿੰਘ ਪੁੱਤਰ ਪਾਲ ਸਿੰਘ ਵਾਸੀ ਭਾਈ ਰੂਪਾ ਜ਼ਿਲਾ ਬਠਿੰਡਾ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਦਲਜੀਤ ਸਿੰਘ ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮਿਤੀ 03/07/2025 (ਪੰਜਾਬੀ ਅਖਬਾਰ) ਵਿੱਚ ਇਸ਼ਤਿਹਾਰ ਦੇ ਕੇ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਵਾਇਆ ਸੀ ਪਰ ਹੁਣ ਇਹ ਮੇਰੇ ਕਹਿਣੇ ਵਿੱਚ ਹੈ ਮੈਂ ਇਹ ਬੇਦਖਲੀ ਵਾਪਿਸ ਲੈਣਾ ਹਾਂ ਇਹ ਮੇਰੀ ਸਾਰੀ ਚੱਲ ਅਚੱਲ ਜਾਇਦਾਦ ਦਾ ਵਾਰਿਸ ਹੈ ਇਸ ਨਾਲ ਲੈਣ ਦੇਣ ਕਰਨ ਵਾਲੇ ਦੀ ਜ਼ਿੰਮੇਵਾਰੀ ਮੇਰੀ ਹੋਵੇਗਾ। ਸਬੰਧਤ ਨੋਟ ਕਰਨ

**ਜਨ ਜਾਗਰਣ**
**(ਰਾਸ਼ਟਰੀ ਪੰਜਾਬੀ ਦੈਨਿਕ)**
ਅਖ਼ਬਾਰ ਵਿੱਚ ਵਰਗੀਕ੍ਰਿਤ, ਅਦਾਲਤੀ ਨੋਟਿਸ, ਪਾਸਪੋਰਟ ਵਿੱਚ ਨਾਮ ਬਦਲਣਾ, ਗੁੰਮ ਅਤੇ ਮਿਲਿਆ, ਨਾਮ ਬਦਲਣਾ, ਨਾਮ ਸੁਧਾਰ, ਬੇਦਖਲੀ ਨੋਟਿਸ, ਧਰਮ ਤਬਦੀਲੀ, ਬੈਂਕ ਨੋਟਿਸ ਸਮੇਤ ਹਰ ਕਿਸਮ ਦੀ ਜਾਣਕਾਰੀ ਅਤੇ ਇਸ਼ਤਿਹਾਰ ਪ੍ਰਕਾਸ਼ਿਤ ਕਰਨ ਲਈ ਸੰਪਰਕ ਕਰੋ:-
**ਜਨ ਜਾਗਰਣ ਮੀਡੀਆ ਹਾਊਸ**
ਬਾਬਾ ਸੋਹਨ ਸਿੰਘ ਭਕਨਾ ਭਵਨ, ਪਹਿਲੀ ਮੰਜ਼ਿਲ, ਆਫਿਸ ਨੰਬਰ 5, ਸੈਕਟਰ 29 ਡੀ, ਚੰਡੀਗੜ੍ਹ-160030
E-mail : janjagranpunjab@gmail.com
ਇਸ਼ਤਿਹਾਰਾਂ ਲਈ ਭਾਰਤ ਸਰਕਾਰ, ਹਰਿਆਣਾ ਸਰਕਾਰ, ਪੰਜਾਬ ਸਰਕਾਰ, ਦਿੱਲੀ ਸਰਕਾਰ, ਹਿਮਾਚਲ ਪ੍ਰਦੇਸ਼ ਸਰਕਾਰ, ਉਤਰ ਪ੍ਰਦੇਸ਼, ਰੇਲਵੇ ਵਿਭਾਗ, ਪੰਜਾਬ ਹਰਿਆਣਾ ਹਾਈਕੋਰਟ ਸਮੇਤ ਸਾਰੇ ਸਰਕਾਰੀ ਵਿਭਾਗਾਂ ਦੁਆਰਾ ਮਾਨਤਾ ਪ੍ਰਾਪਤ।

# ਨਸ਼ਾ ਵਿਰੋਧੀ ਦਿਵਸ ਮੌਕੇ ਨਸ਼ਿਆਂ ਖਿਲਾਫ਼ ਵਿਸ਼ਾਲ ਰੈਲੀ ਕੱਢਣ ਦਾ ਕੀਤਾ ਫੈਸਲਾ

## ਸੈਂਕੜੇ ਵਾਹਨਾ ਦੇ ਕਾਫਲੇ ਰਾਹੀਂ ਕੱਢੀ ਜਾਵੇਗੀ ਜਾਗਰੂਕਤਾ ਰੈਲੀ : ਡਾ. ਢਿੱਲੋਂ



ਕੋਟਕਪੂਰਾ,14 ਜੂਨ (ਮੋਹਿਤ ਮਹਿਤਾ) :- ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਲਗਾਤਾਰ ਯਤਨਸ਼ੀਲ ਰਹਿਣ ਵਾਲੀ ਨਿਸ਼ਕਾਮ ਸਮਾਜਸੇਵੀ ਸੰਸਥਾ 'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ 26 ਜੂਨ ਨਸ਼ਾ ਵਿਰੋਧੀ ਦਿਵਸ (ਐਂਟੀ ਡਰੱਗ ਡੇਅ) ਨੂੰ ਨਸ਼ਿਆਂ ਖਿਲਾਫ਼ ਵਿਸ਼ਾਲ ਰੈਲੀ ਦੇ ਰੂਪ ਵਿੱਚ ਮਨਾਉਣ ਦਾ ਫੈਸਲਾ ਕੀਤਾ ਗਿਆ। ਡਾ. ਢਿੱਲੋਂ ਨੇ ਦੱਸਿਆ ਕਿ 26 ਜੂਨ ਦਿਨ ਸ਼ੁੱਕਰਵਾਰ ਨੂੰ ਸਵੇਰੇ ਠੀਕ 8.00 ਵਜੇ ਨਵੀਂ ਦਾਣਾ ਮੰਡੀ ਫਰੀਦਕੋਟ ਵਿਖੇ ਵੱਖ ਵੱਖ ਸਮਾਜਸੇਵੀ ਸੰਸਥਾਵਾਂ/ਜਥੇਬੰਦੀਆਂ ਦੇ ਨੁਮਾਇੰਦੇ ਅਤੇ ਸਮਾਜ ਸੁਧਾਰਕ ਇਕੱਤਰ ਹੋਣਗੇ, ਜਿੱਥੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਹਰ ਬੁਲਾਰਾ ਸਿਰਫ ਨਸ਼ਿਆਂ ਦੀ ਕਰੋਪੀ ਦੇ ਹੱਲ ਲਈ ਆਪਣੇ ਵਿਚਾਰ ਸਾਂਝੇ ਕਰੇਗਾ। ਡਾ. ਢਿੱਲੋਂ ਮੁਤਾਬਿਕ ਉਸ ਤੋਂ ਬਾਅਦ ਨਸ਼ਾ ਵਿਰੋਧੀ ਰੈਲੀ ਵਿੱਚ ਸ਼ਾਮਲ ਕਾਰਾਂ, ਜੀਪਾਂ, ਸਕੂਟਰਾਂ, ਮੋਟਰਸਾਈਕਲਾਂ ਸਮੇਤ ਵੱਖ ਵੱਖ ਕਿਸਮ ਦੇ ਵਾਹਨਾ ਦਾ ਕਾਫਲਾ 9.30 ਵਜੇ ਬੱਤੀਆਂ ਵਾਲਾ ਚੌਕ ਕੋਟਕਪੂਰਾ ਵਿਖੇ ਪੁੱਜੇ ਅਤੇ ਇਸ ਜਗਾ ਵੀ ਵੱਖ ਵੱਖ ਸੰਸਥਾਵਾਂ ਅਤੇ ਜਥੇਬੰਦੀਆਂ ਦੇ ਆਗੂ ਨਸ਼ਾ ਵਿਰੋਧੀ ਦਿਵਸ ਦੀ ਮਹੱਤਤਾ ਅਤੇ ਨਸ਼ਿਆਂ ਦੇ ਮੁਕੰਮਲ ਖਾਤਮੇ ਸਬੰਧੀ ਵਿਚਾਰ ਚਰਚਾ ਕਰਨਗੇ। ਡਾ ਮਨਜੀਤ ਸਿੰਘ ਢਿੱਲੋਂ ਅਤੇ ਪ੍ਰੋ. ਐੱਚ.ਐੱਸ. ਪਦਮ ਨੇ ਦੱਸਿਆ ਕਿ ਬੱਤੀਆਂ ਵਾਲਾ ਚੌਕ ਕੋਟਕਪੂਰਾ ਤੋਂ ਉਕਤ ਕਾਫਲਾ ਨਵੀਂ ਦਾਣਾ ਮੰਡੀ ਬਾਘਾਪੁਰਾਣਾ ਲਈ ਰਵਾਨਾ ਹੋਵੇਗਾ ਅਤੇ ਉੱਥੇ ਪਹੁੰਚ ਕੇ ਵੀ ਨਸ਼ਿਆਂ ਖਿਲਾਫ ਵਿਚਾਰ ਚਰਚਾ ਕਰਨ ਤੋਂ ਬਾਅਦ ਰੈਲੀ ਦੀ ਸਮਾਪਤੀ ਕੀਤੀ ਜਾਵੇਗੀ।ਉਹਨਾ ਦਾਅਵਾ ਕੀਤਾ ਕਿ ਸਾਰੇ ਪ੍ਰੋਗਰਾਮ ਦੌਰਾਨ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਬਠਿੰਡਾ ਰੋਡ ਕੋਟਕਪੂਰਾ ਦਾ ਪੂਰਨ ਸਹਿਯੋਗ ਰਹੇਗਾ।

# ਕੋਟਕਪੂਰਾ ਪੁਲਿਸ ਨੇ ਗੁੰਮ ਹੋਇਆ ਲਾਇਸੈਂਸੀ ਰਿਵਾਲਵਰ ਮਾਲਕ ਨੂੰ ਸੌਂਪਿਆ, ਵਿਅਕਤੀ ਨੇ ਕੀਤਾ ਧੰਨਵਾਦ



ਕੋਟਕਪੂਰਾ, 14 ਜੂਨ (ਮੋਹਿਤ ਮਹਿਤਾ) ਸਥਾਨਕ ਥਾਣਾ ਸਿਟੀ ਪੁਲਿਸ ਨੇ ਬੱਤੀਆਂ ਵਾਲਾ ਚੌਕ ਤੋਂ ਮਿਲੇ ਇੱਕ ਲਾਇਸੈਂਸੀ ਰਿਵਾਲਵਰ ਨੂੰ ਉਸ ਦੇ ਅਸਲੀ ਮਾਲਕ ਦੇ ਹਵਾਲੇ ਕਰ ਦਿੱਤਾ ਹੈ। ਇਸ ਮੌਕੇ ਰਿਵਾਲਵਰ ਦੇ ਮਾਲਕ ਨੇ ਜ਼ਿਲ੍ਹਾ ਪੁਲਿਸ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਜਾਣਕਾਰੀ ਅਨੁਸਾਰ ਪਿੰਡ ਦੀਪ ਸਿੰਘ ਵਾਲਾ ਦੇ ਨਿਵਾਸੀ ਗੁਰਨੈਨ ਸਿੰਘ ਪੁੱਤਰ ਜੰਗੀਰ ਸਿੰਘ ਇੱਕ ਦਿਨ ਪਹਿਲਾਂ ਦਵਾਈ ਲੈਣ ਲਈ ਫਾਜ਼ਿਲਕਾ ਜਾ ਰਹੇ ਸਨ। ਉਹ ਫਰੀਦਕੋਟ ਤੋਂ ਬੱਸ ਰਾਹੀਂ ਕੋਟਕਪੂਰਾ ਪਹੁੰਚੇ ਸਨ। ਇਸ ਦੌਰਾਨ ਬੱਸ ਤੋਂ ਉਤਰਦੇ ਸਮੇਂ ਉਨ੍ਹਾਂ ਦਾ ਲਾਇਸੈਂਸੀ ਰਿਵਾਲਵਰ ਬੱਤੀਆਂ ਵਾਲਾ ਚੌਕ ਵਿੱਚ ਡਿੱਗ ਗਿਆ, ਜਿਸ ਦੀ ਜਾਣਕਾਰੀ ਉਨ੍ਹਾਂ ਨੂੰ ਬਾਅਦ ਵਿੱਚ ਮਿਲੀ। ਇਸੇ ਦੌਰਾਨ ਚੌਕ ਵਿੱਚ ਡਿਊਟੀ 'ਤੇ ਤਾਇਨਾਤ ਟ੍ਰੈਫਿਕ ਪੁਲਿਸ ਮੁਲਾਜ਼ਮਾਂ ਨੂੰ ਇਹ ਰਿਵਾਲਵਰ ਮਿਲਿਆ, ਜਿਨ੍ਹਾਂ ਨੇ ਇਸ ਨੂੰ ਥਾਣਾ ਸਿਟੀ ਕੋਟਕਪੂਰਾ ਵਿਖੇ ਜਮ੍ਹਾਂ ਕਰਵਾ ਦਿੱਤਾ। ਪੁਲਿਸ ਨੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਰਿਕਾਰਡ ਰਾਹੀਂ ਜਾਂਚ ਕਰਕੇ ਰਿਵਾਲਵਰ ਦੇ ਮਾਲਕ ਦੀ ਪਛਾਣ ਕੀਤੀ ਅਤੇ ਅੱਜ ਉਨ੍ਹਾਂ ਨੂੰ ਥਾਣਾ ਸਿਟੀ ਬੁਲਾ ਕੇ ਉਨ੍ਹਾਂ ਦਾ ਰਿਵਾਲਵਰ ਸੌਂਪ ਦਿੱਤਾ। ਇਸ ਮੌਕੇ ਰਿਵਾਲਵਰ ਦੇ ਮਾਲਕ ਨੇ ਦੱਸਿਆ ਕਿ ਕਾਹਲੀ ਕਾਰਨ ਉਨ੍ਹਾਂ ਦਾ ਰਿਵਾਲਵਰ ਡਿੱਗ ਗਿਆ ਸੀ, ਜਿਸ ਦੀ ਜਾਣਕਾਰੀ ਉਨ੍ਹਾਂ ਨੂੰ ਕਈ ਘੰਟਿਆਂ ਬਾਅਦ ਮਿਲੀ। ਕਾਫੀ ਭਾਲ ਕਰਨ ਤੋਂ ਬਾਅਦ ਜਦੋਂ ਉਹ ਕੋਟਕਪੂਰਾ ਪਹੁੰਚੇ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਰਿਵਾਲਵਰ ਪੁਲਿਸ ਦੇ ਕਬਜ਼ੇ ਵਿੱਚ ਹੈ। ਉਨ੍ਹਾਂ ਨੇ ਥਾਣਾ ਸਿਟੀ, ਟ੍ਰੈਫਿਕ ਪੁਲਿਸ ਅਤੇ ਫਰੀਦਕੋਟ ਜ਼ਿਲ੍ਹਾ ਪੁਲਿਸ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਸਬੰਧੀ ਥਾਣਾ ਸਿਟੀ ਦੇ ਐੱਸ.ਐੱਚ.ਓ. ਸੁਖਵਿੰਦਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹਥਿਆਰਾਂ ਨੂੰ ਪੂਰੀ ਸਾਵਧਾਨੀ ਅਤੇ ਜ਼ਿੰਮੇਵਾਰੀ ਨਾਲ ਸੰਭਾਲ ਕੇ ਰੱਖਣ। ਉਨ੍ਹਾਂ ਕਿਹਾ ਕਿ ਜੇਕਰ ਇਹ ਹਥਿਆਰ ਕਿਸੇ ਸ਼ਰਾਰਤੀ ਜਾਂ ਗਲਤ ਅਨਸਰ ਦੇ ਹੱਥ ਲੱਗ ਜਾਂਦਾ ਤਾਂ ਕੋਈ ਵੱਡਾ ਨੁਕਸਾਨ ਹੋ ਸਕਦਾ ਸੀ।

# ਸਤਵੰਤ ਸਿੰਘ ਸ਼ੇਰਗਿੱਲ ਨੇ ਚੌਕੀ ਇੰਚਾਰਜ ਕਾਲਾਝਾੜ ਵਜੋਂ ਅਹੁਦਾ ਸੰਭਾਲਿਆ



ਭਵਾਨੀਗੜ੍ਹ 14 ਜੂਨ (ਕ੍ਰਿਸ਼ਨ ਚੌਹਾਨ)- ਪੁਲਿਸ ਵਿਭਾਗ ਵੱਲੋਂ ਕੀਤੀਆਂ ਗਈਆਂ ਤਬਦੀਲੀਆਂ ਤਹਿਤ ਸਹਾਇਕ ਸਬ-ਇੰਸਪੈਕਟਰ ਏ.ਐੱਸ.ਆਈ ਸਤਵੰਤ ਸਿੰਘ ਸ਼ੇਰਗਿੱਲ ਨੇ ਅੱਜ ਪੁਲਿਸ ਚੌਕੀ ਕਾਲਾਝਾੜ ਦੇ ਨਵੇਂ ਇੰਚਾਰਜ ਵਜੋਂ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਨੇ ਨਿਵਰਤਮਾਨ ਚੌਕੀ ਇੰਚਾਰਜ ਤੋਂ ਚਾਰਜ ਲੈ ਕੇ ਆਪਣੀ ਡਿਊਟੀ ਸ਼ੁਰੂ ਕਰ ਦਿੱਤੀ ਹੈ। ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਏ.ਐੱਸ.ਆਈ ਸ਼ੇਰਗਿੱਲ ਨੇ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣਾ ਅਤੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਰਹੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ, ਚੋਰੀ-ਡਕੈਤੀ ਵਰਗੀਆਂ ਵਾਰਦਾਤਾਂ ਨੂੰ ਰੋਕਣ ਅਤੇ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ। ਇਸ ਦੌਰਾਨ ਉਨਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਅਪਰਾਧ ਦੀ ਸੂਚਨਾ ਤੁਰੰਤ ਪੁਲਿਸ ਨੂੰ ਦੇਣ। ਉਨ੍ਹਾਂ ਭਰੋਸਾ ਦਿੱਤਾ ਕਿ ਪੁਲਿਸ ਹਰ ਸਮੇਂ ਲੋਕਾਂ ਦੀ ਸੇਵਾ ਲਈ ਹਾਜ਼ਰ ਰਹੇਗੀ ਅਤੇ ਸ਼ਿਕਾਇਤਕਰਤਾਵਾਂ ਦੀ ਗੱਲ ਪਹਿਲ ਦੇ ਆਧਾਰ 'ਤੇ ਸੁਣੀ ਜਾਵੇਗੀ।ਇਸ ਮੌਕੇ ਮੋਹਤਬਰ ਵਿਅਕਤੀਆਂ ਨੇ ਨਵ-ਨਿਯੁਕਤ ਚੌਕੀ ਇੰਚਾਰਜ ਨੂੰ ਜੀ ਆਇਆਂ ਆਖਿਆ ਅਤੇ ਪੂਰਨ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ।

# ਜ਼ਿਲ੍ਹੇ 'ਚ ਸਾਉਣੀ ਦੀ ਫਸਲ ਲਈ ਲੋੜੀਂਦੀ ਯੂਰੀਆ ਖਾਦ ਉਪਲਬਧ : ਮੁੱਖ ਖੇਤੀਬਾੜੀ ਅਫਸਰ

ਬਠਿੰਡਾ, 14 ਜੂਨ (ਗਗਨਦੀਪ ਸਿੰਘ) ਮੁੱਖ ਖੇਤੀਬਾੜੀ ਅਫਸਰ, ਡਾ. ਹਰਪ੍ਰੀਤ ਪਾਲ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਉਣ ਵਾਲੀ ਖਰੀਫ਼ ਦੇ ਸੀਜ਼ਨ ਵਿੱਚ ਝੋਨੇ ਦੀ ਫ਼ਸਲ ਲਈ ਜ਼ਿਲ੍ਹੇ ਵਿੱਚ ਯੂਰੀਆ ਖਾਦ ਦੀ ਕੋਈ ਕਮੀ ਨਹੀਂ ਹੈ। ਉਹਨਾਂ ਕਿਹਾ ਕਿ ਕਿਸਾਨਾਂ ਦੀ ਲੋੜ ਨੂੰ ਧਿਆਨ ਵਿੱਚ ਰੱਖਦੇ ਹੋਏ ਸਹਿਕਾਰੀ ਸਭਾਵਾਂ ਅਤੇ ਪ੍ਰਾਈਵੇਟ ਡੀਲਰਾਂ ਕੋਲ ਯੂਰੀਆ ਖਾਦ ਲੋੜੀਂਦੀ ਮਾਤਰਾ ਵਿੱਚ ਉਪਲਬਧਤਾ ਯਕੀਨੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਕੁਝ ਥਾਵਾਂ ਤੋਂ ਯੂਰੀਆ ਖਾਦ ਦੇ ਨਾਲ ਹੋਰ ਉਤਪਾਦਾਂ ਦੀ ਜ਼ਬਰਦਸਤੀ ਟੈਗਿੰਗ ਕਰਨ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ।ਅਜਿਹੇ ਮਾਮਲਿਆਂ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਕੋਈ ਡੀਲਰ ਯੂਰੀਆ ਖਾਦ ਦੀ ਵਿਕਰੀ ਦੇ ਨਾਲ ਕਿਸੇ ਹੋਰ ਖਾਦ, ਕੀਟਨਾਸ਼ਕ ਜਾਂ ਖੇਤੀਬਾੜੀ ਉਤਪਾਦ ਦੀ ਖਰੀਦ ਲਈ ਕਿਸਾਨਾਂ ਨੂੰ ਮਜਬੂਰ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਖਾਦ (ਕੰਟੋਰਲ) ਆਰਡਰ , 1985 ਅਤੇ ਹੋਰ ਸੰਬੰਧਿਤ ਕਾਨੂੰਨੀ ਪ੍ਰਾਵਧਾਨਾਂ ਅਧੀਨ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਜਾਂ ਘਬਰਾਹਟ ਵਿੱਚ ਆ ਕੇ ਯੂਰੀਆ ਖਾਦ ਦਾ ਗੈਰ-ਜ਼ਰੂਰੀ ਸਟਾਕ ਨਾ ਕਰਨ। ਲੋੜ ਅਨੁਸਾਰ ਖਾਦ ਦੀ ਖਰੀਦ ਕਰਨ ਨਾਲ ਸਾਰੇ ਕਿਸਾਨਾਂ ਨੂੰ ਸਮੇਂ ਸਿਰ ਖਾਦ ਦੀ ਉਪਲਬਧਤਾ ਯਕੀਨੀ ਬਣਾਈ ਜਾ ਸਕੇਗੀ।

# ਸਾਬਕਾ ਡੀਆਈਜੀ ਦਲਜੀਤ ਰਾਣਾ ਦੀ ਵਧਦੀ ਸਰਗਰਮੀ ਨੇ ਹਲਕੇ ਦੀ ਸਿਆਸਤ ਵਿੱਚ ਛੇੜੀ ਚਰਚਾ

## ਪਿੰਡ-ਪਿੰਡ ਪਹੁੰਚ ਕੇ ਲੋਕਾਂ ਨਾਲ ਵਧਾ ਰਹੇ ਹਨ ਨੇੜਤਾ, ਸਥਾਨਕ ਵਸਨੀਕ ਹੋਣ ਦਾ ਮਿਲ ਸਕਦਾ ਹੈ ਫਾਇਦਾ



ਸ੍ਰੀ ਆਨੰਦਪੁਰ ਸਾਹਿਬ, 14 ਜੂਨ (ਬੀ ਐੱਸ ਚਾਨਾ) ਪੰਜਾਬ ਪੁਲਿਸ ਦੇ ਸਾਬਕਾ ਡੀਆਈਜੀ (ਜੇਲ੍ਹਾਂ) ਦਲਜੀਤ ਰਾਣਾ ਦੀ ਵਿਧਾਨ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਵਿੱਚ ਵਧ ਰਹੀ ਸਰਗਰਮੀ ਨੇ ਸਿਆਸੀ ਹਲਕਿਆਂ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਚੰਗਰ ਖੇਤਰ ਦੇ ਪਿੰਡ ਦਬੂੜ ਨਾਲ ਸਬੰਧਿਤ ਰਾਣਾ ਦੇ ਲਗਾਤਾਰ ਲੋਕ ਸੰਪਰਕ ਮੁਹਿੰਮ ਚਲਾਉਣ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਨਾਲ ਜੋੜ ਕੇ ਵੇਖਿਆ ਜਾ ਰਿਹਾ ਹੈ। ਜੈਵਲਿਨ ਥਰੋ ਦੇ ਅੰਤਰਰਾਸ਼ਟਰੀ ਖਿਡਾਰੀ ਰਹੇ ਦਲਜੀਤ ਰਾਣਾ ਪੰਜਾਬ ਪੁਲਿਸ ਵਿੱਚ ਵੱਖ-ਵੱਖ ਅਹੁਦਿਆਂ 'ਤੇ ਸੇਵਾਵਾਂ ਨਿਭਾਉਣ ਤੋਂ ਬਾਅਦ ਇਸ ਸਾਲ ਜਨਵਰੀ ਵਿੱਚ ਡੀਆਈਜੀ (ਜੇਲ੍ਹਾਂ) ਦੇ ਅਹੁਦੇ ਤੋਂ ਸੇਵਾਮੁਕਤ ਹੋਏ ਸਨ। ਸੇਵਾਮੁਕਤੀ ਤੋਂ ਬਾਅਦ ਉਨ੍ਹਾਂ ਨੇ ਹਲਕੇ ਦੇ ਪਿੰਡਾਂ ਵਿੱਚ ਆਪਣੀ ਆਵਾਜਾਈ ਅਤੇ ਲੋਕ ਸੰਪਰਕ ਵਿੱਚ ਖਾਸਾ ਵਾਧਾ ਕੀਤਾ ਹੈ। ਉਹ ਨਾ ਸਿਰਫ਼ ਖੇਡ ਮੁਕਾਬਲਿਆਂ ਅਤੇ ਟੂਰਨਾਮੈਂਟਾਂ ਵਿੱਚ ਹਾਜ਼ਰੀ ਭਰ ਰਹੇ ਹਨ, ਸਗੋਂ ਸਮਾਜਿਕ, ਧਾਰਮਿਕ ਅਤੇ ਨਿੱਜੀ ਸਮਾਗਮਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾ ਰਹੇ ਹਨ। ਭਾਵੇਂ ਰਾਣਾ ਜਨਤਕ ਤੌਰ 'ਤੇ ਇਹ ਕਹਿੰਦੇ ਆ ਰਹੇ ਹਨ ਕਿ ਉਨ੍ਹਾਂ ਦਾ ਮੁੱਖ ਉਦੇਸ਼ ਖੇਡਾਂ ਨੂੰ ਉਤਸ਼ਾਹਿਤ ਕਰਨਾ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਹੈ, ਪਰ ਉਨ੍ਹਾਂ ਦੀਆਂ ਗਤੀਵਿਧੀਆਂ ਨੂੰ ਸਿਆਸੀ ਨਜ਼ਰੀਏ ਨਾਲ ਵੀ ਵੇਖਿਆ ਜਾ ਰਿਹਾ ਹੈ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਜਿਸ ਢੰਗ ਨਾਲ ਉਹ ਹਲਕੇ ਦੇ ਹਰ ਵਰਗ ਨਾਲ ਸੰਪਰਕ ਸਥਾਪਤ ਕਰ ਰਹੇ ਹਨ, ਉਸ ਤੋਂ ਉਨ੍ਹਾਂ ਦੀਆਂ ਭਵਿੱਖੀ ਸਿਆਸੀ ਯੋਜਨਾਵਾਂ ਬਾਰੇ ਕਿਆਸ ਲਗਾਏ ਜਾ ਰਹੇ ਹਨ। ਫਿਲਹਾਲ ਦਲਜੀਤ ਰਾਣਾ ਕਿਸੇ ਵੀ ਸਿਆਸੀ ਪਾਰਟੀ ਨਾਲ ਨਹੀਂ ਜੁੜੇ ਹੋਏ। ਹਾਲਾਂਕਿ ਸਿਆਸੀ ਗਲਿਆਰਿਆਂ ਵਿੱਚ ਇਹ ਚਰਚਾ ਜ਼ੋਰਾਂ 'ਤੇ ਹੈ ਕਿ ਉਹ ਵੱਖ-ਵੱਖ ਪ੍ਰਮੁੱਖ ਪਾਰਟੀਆਂ ਦੇ ਆਗੂਆਂ ਨਾਲ ਸੰਪਰਕ ਵਿੱਚ ਹਨ ਅਤੇ ਹਲਕੇ ਦੀ ਸਿਆਸੀ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਰਾਣਾ ਦਾ ਸਬੰਧ ਅਜਿਹੇ ਪਰਿਵਾਰ ਨਾਲ ਹੈ ਜਿਸ ਦੀਆਂ ਰਿਸ਼ਤੇਦਾਰੀਆਂ ਅਤੇ ਸਮਾਜਿਕ ਪਹੁੰਚ ਹਲਕੇ ਦੇ ਵੱਡੀ ਗਿਣਤੀ ਪਿੰਡਾਂ ਤੱਕ ਫੈਲੀ ਹੋਈ ਹੈ ਇਸਤੋਂ ਇਲਾਵਾ ਉਹ ਆਪ ਸਥਾਨਕ ਵਸਨੀਕ ਹਨ। ਇਸ ਕਾਰਨ ਜੇਕਰ ਉਹ ਭਵਿੱਖ ਵਿੱਚ ਚੋਣ ਮੈਦਾਨ ਵਿੱਚ ਉਤਰਦੇ ਹਨ ਤਾਂ ਹਲਕੇ ਦੇ ਮੌਜੂਦਾ ਸਿਆਸੀ ਸਮੀਕਰਨਾਂ 'ਤੇ ਅਸਰ ਪੈਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਹਾਲੇ ਇਹ ਕਹਿਣਾ ਜਲਦਬਾਜ਼ੀ ਹੋਵੇਗੀ ਕਿ ਰਾਣਾ ਚੋਣ ਰਾਜਨੀਤੀ ਵਿੱਚ ਸਰਗਰਮ ਭੂਮਿਕਾ ਨਿਭਾਉਣਗੇ ਜਾਂ ਨਹੀਂ, ਪਰ ਉਨ੍ਹਾਂ ਦੀ ਵਧਦੀ ਲੋਕ ਸਰਗਰਮੀ ਨੇ ਇਹ ਸੰਕੇਤ ਜ਼ਰੂਰ ਦਿੱਤੇ ਹਨ ਕਿ ਆਉਣ ਵਾਲੇ ਸਮੇਂ ਵਿੱਚ ਸ੍ਰੀ ਆਨੰਦਪੁਰ ਸਾਹਿਬ ਹਲਕੇ ਦੀ ਸਿਆਸਤ ਵਿੱਚ ਨਵੇਂ ਸਮੀਕਰਨ ਬਣ ਸਕਦੇ ਹਨ। ਜੇਕਰ ਉਹ ਚੋਣ ਅਖਾੜੇ ਵਿੱਚ ਉਤਰਦੇ ਹਨ ਤਾਂ ਮੌਜੂਦਾ ਸਿਆਸੀ ਮੁਕਾਬਲੇ ਦੀ ਦਿਸ਼ਾ ਅਤੇ ਤਸਵੀਰ ਦੋਵੇਂ ਬਦਲ ਸਕਦੇ ਹਨ।

# ਪਾਵਰ ਕਾਰਪੋਰੇਸ਼ਨ ਦੇ ਆਊਟਸੋਰਸ਼ਡ ਮੁਲਾਜ਼ਮਾਂ ਦਾ ਧਰਨਾ ਚੌਥੇ ਦਿਨ ਵੀ ਲਗਾਤਾਰ ਜਾਰੀ

## ਠੇਕਾ ਮੁਲਾਜ਼ਮ 15 ਜੂਨ ਨੂੰ ਬਿਜਲੀ ਮੰਤਰੀ ਦੀ ਖੰਨਾ ਸਥਿਤ ਰਿਹਾਇਸ ਦਾ ਕਰਨਗੇ ਘਿਰਾਓ: ਕਮੇਟੀ ਆਗੂ



ਸ੍ਰੀ ਮੁਕਤਸਰ ਸਾਹਿਬ 14 ਜੂਨ (ਅਨਮੋਲ / ਦੀਪੰਕਰ): ਪਾਵਰਕਾਮ ਅਤੇ ਟ੍ਰਾਂਸਕੋ ਆਊਟਸੋਰਸ਼ਡ ਮੁਲਾਜ਼ਮ ਤਾਲਮੇਲ ਕਮੇਟੀ (ਪੰਜਾਬ) ਦੇ ਸੱਦੇ ਤੇ ਪਾਵਰ ਕਾਰਪੋਰੇਸ਼ਨ ਦੇ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੇ ਵਿਭਾਗ ਵਿੱਚ ਮਰਜ਼ ਕਰਨ ਦੇ ਫੈਸਲੇ ਨੂੰ ਲਾਗੂ ਕਰਨ ਦੀ ਮੰਗ ਨੂੰ ਲੈਕੇ ਪਰਿਵਾਰਾਂ ਸਮੇਤ ਧਰਨਾ ਲਗਾਤਾਰ ਚੌਥੇ ਦਿਨ ਵੀ ਜਾਰੀ ਰੱਖਿਆ,ਇਸ ਸਮੇਂ ਹਾਜ਼ਿਰ ਤਾਲਮੇਲ ਕਮੇਟੀ ਦੇ ਸੂਬਾਈ ਆਗੂਆਂ ਸਰਕਲ ਪ੍ਰਧਾਨ ਵਰਿੰਦਰਪਾਲ ਸਿੰਘ ਅਤੇ ਅਮਰ ਸਿੰਘ ਮੀਤ ਪ੍ਰਧਾਨ ਸਟੋਰ ਨੇ ਕਿਹਾ ਕਿ ਸਮੁੱਚੇ ਪਾਵਰ ਕਾਰਪੋਰੇਸ਼ਨ ਹਜ਼ਾਰਾਂ ਆਊਟਸੋਰਸ਼ਡ ਠੇਕਾ ਮੁਲਾਜ਼ਮ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ ਤੇ ਵੱਖ-ਵੱਖ ਪੋਸਟਾਂ ਤੇ ਤਨਦੇਹੀ ਨਾਲ਼ ਸੇਵਾਵਾਂ ਦਿੰਦੇ ਆ ਰਹੇ ਹਨ ਅਤੇ ਵਿਭਾਗ ਵਿੱਚ ਪੱਕਾ ਕਰਨ ਅਤੇ ਗੁਜ਼ਾਰੇਯੋਗ ਤਨਖ਼ਾਹ ਨਿਸਚਿਤ ਕਰਨ ਦੀ ਮੰਗ ਨੂੰ ਲੈਕੇ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ। ਪਰ ਪੰਜਾਬ ਸਰਕਾਰ ਅਤੇ ਵਿਭਾਗ ਦੀ ਮੈਨੇਜਮੈਂਟ ਵਿਭਾਗ ਦੇ ਆਊਟਸੋਰਸ਼ਡ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਪੱਕਾ ਕਰਨ ਅਤੇ ਗੁਜ਼ਾਰੇਯੋਗ ਤਨਖ਼ਾਹ ਨਿਸਚਿਤ ਕਰਨ ਤੋਂ ਲਗਾਤਾਰ ਟਾਲਾ ਵੱਟ ਰਹੀ ਹੈ। ਠੇਕਾ ਮੁਲਾਜ਼ਮਾਂ ਦੇ ਸੰਘਰਸ਼ ਦੇ ਦਬਾਅ ਸਦਕਾ ਬਿਜਲੀ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਵਿੱਚ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਵੱਲੋਂ 24 ਮਈ ਨੂੰ ਖੰਨਾ ਵਿਖੇ ਤਾਲਮੇਲ ਕਮੇਟੀ ਦੇ ਸੂਬਾਈ ਆਗੂਆਂ ਨਾਲ਼ ਕੀਤੀ ਪੈਨਲ ਮੀਟਿੰਗ ਵਿੱਚ ਚੋਣ ਜਾਬਤੇ ਉਪਰੰਤ ਵਿਭਾਗ ਦੇ ਆਊਟਸੋਰਸ਼ਡ ਮੁਲਾਜ਼ਮਾਂ ਨੂੰ ਜੂਨ ਮਹੀਨੇ ਦੇ ਪਹਿਲੇ ਹਫ਼ਤੇ ਵਿਭਾਗ ਵਿੱਚ ਮਰਜ਼ ਕਰਨ ਦਾ ਫੈਸਲਾ ਕੀਤਾ ਗਿਆ ਸੀ। ਪਰ ਹੁਣ ਪਾਵਰ ਕਾਰਪੋਰੇਸ਼ਨ ਦੀ ਮੈਨੇਜ਼ਮੈਂਟ ਮੀਟਿੰਗ ਵਿੱਚ ਕੀਤੇ ਲਿਖ਼ਤੀ ਫੈਸਲੇ ਤੋਂ ਭੱਜ ਰਹੀ ਹੈ। ਜਿਸਦੇ ਵਿਰੋਧ ਵਜੋਂ ਪਾਵਰ ਕਾਰਪੋਰੇਸ਼ਨ ਦੇ ਆਊਟਸੋਰਸ਼ਡ ਮੁਲਾਜ਼ਮਾਂ ਵੱਲੋਂ 09 ਜੂਨ ਤੋਂ ਆਪਣੇ-ਆਪਣੇ ਵਿਭਾਗਾਂ ਦੇ ਦਫਤਰਾਂ ਅੱਗੇ ਪਰਿਵਾਰਾਂ ਸਮੇਤ ਸੁਰੂ ਕੀਤਾ ਧਰਨਾ ਲਗਾਤਾਰ ਚੌਥੇ ਦਿਨ ਵੀ ਜਾਰੀ ਰਿਹਾ ਅਤੇ ਪੰਜਾਬ ਸਰਕਾਰ ਅਤੇ ਪਾਵਰਕਮ ਦੀ ਮੈਨੇਜਮੈਂਟ ਦਾ ਪੁਤਲਾ ਫੂਕਿਆ ਅਤੇ ਆਗੂਆਂ ਨੇ ਕਿਹਾ ਕਿ ਜਦ ਤੱਕ ਪਾਵਰ ਕਾਰਪੋਰੇਸ਼ਨ ਦੇ ਸਮੂਹ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਜਾਂਦਾ ਤਦ ਤੱਕ ਧਰਨਾ ਲਗਾਤਾਰ ਜਾਰੀ ਰਹੇਗਾ,ਆਗੂਆਂ ਨੇ ਅਗਲੇ ਸੰਘਰਸ਼ ਐਲਾਨ ਕਰਦਿਆਂ ਕਿਹਾ ਕਿ ਜੇਕਰ 14 ਜੂਨ ਤੱਕ ਮੈਨੇਜਮੈਂਟ ਵੱਲੋਂ ਵਿਭਾਗ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਦਾ ਫੈਸਲਾ ਨਾ ਕੀਤਾ ਤਾਂ ਪਾਵਰ ਕਾਰਪੋਰੇਸ਼ਨ ਦੇ ਸਮੂਹ ਠੇਕਾ ਮੁਲਾਜ਼ਮ ਪਰਿਵਾਰਾਂ ਸਮੇਤ ਬਿਜਲੀ ਮੰਤਰੀ ਦੀ ਖੰਨਾ ਸਥਿਤ ਰਿਹਾਇਸ਼ ਦਾ ਘਿਰਾਓ ਕਰਨਗੇ।

# ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਵੱਲੋਂ ਪਠਾਨਕੋਟ ਦੇ ਵਾਰਡ ਨੰਬਰ 45 ਵਿੱਚ ਡੀਪ ਬੋਰ ਦੇ ਕੰਮ ਦੀ ਸ਼ੁਰੂਆਤ

## 5 ਲੱਖ ਰੁਪਏ ਹੋਣਗੇ ਖ਼ਰਚ

ਪਠਾਨਕੋਟ,14 ਜੂਨ(ਅਮਨਜੀਤ) ਵਿਧਾਨ ਸਭਾ ਹਲਕਾ ਭੋਆ ਅਧੀਨ ਆਉਂਦੇ ਨਗਰ ਨਿਗਮ ਪਠਾਨਕੋਟ ਦੇ ਵਾਰਡ ਨੰਬਰ 45 ਵਿੱਚ ਪੀਣ ਵਾਲੇ ਪਾਣੀ ਦੀ ਕਿੱਲਤ ਨੂੰ ਦੂਰ ਕਰਨ ਲਈ ਅੱਜ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਵੱਲੋਂ 5 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਡੀਪ ਬੋਰ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਐਸ.ਕੇ.ਆਰ ਹਸਪਤਾਲ ਨੇੜਲੇ ਬੁੱਢਾ ਨਗਰ ਖੇਤਰ ਦੇ ਕਰੀਬ 50 ਘਰ ਪੁਰਾਣੇ ਬੋਰ ਦੀ ਨਾਕਾਮੀ ਕਾਰਨ ਪਾਣੀ ਦੀ ਭਾਰੀ ਸਮੱਸਿਆ ਦਾ ਸਾਹਮਣਾ ਕਰ ਰਹੇ ਸਨ। ਵਾਰਡ ਕੌਂਸਲਰ ਹਰੀਸ਼ ਗੋਰਖਾ ਵੱਲੋਂ ਇਹ ਮਾਮਲਾ ਧਿਆਨ ਵਿੱਚ ਲਿਆਉਣ ਮਗਰੋਂ ਤੁਰੰਤ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਇਹ ਪ੍ਰੋਜੈਕਟ ਕੁਝ ਹੀ ਦਿਨਾਂ ਵਿੱਚ ਮੁਕੰਮਲ ਕਰਕੇ ਲੋਕਾਂ ਨੂੰ ਸਾਫ਼ ਪਾਣੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਜਾਵੇਗੀ।ਇਸ ਮੌਕੇ ਕੌਂਸਲਰ ਹਰੀਸ਼ ਗੋਰਖਾ, ਕੌਂਸਲਰ ਬਲਜਿੰਦਰ ਕੌਰ, ਗੋਲਡੀ ਸਰਨਾ, ਕੈਲਾਸ਼ਪਤੀ, ਵਿਕਰਾਂਤ ਚੌਧਰੀ, ਅਵਨੀਤ, ਸੇਠੀ ਧੋਬੜਾ ਸਮੇਤ 'ਆਮ ਆਦਮੀ ਪਾਰਟੀ' ਦੇ ਕਈ ਅਹੁਦੇਦਾਰ ਅਤੇ ਕਾਰਜਕਰਤਾ ਹਾਜ਼ਰ ਸਨ।

# ਬਿੱਲਾਂ ਦਾ ਭੁਗਤਾਨ ਨਾ ਹੋਣ ਦੀ ਸੂਰਤ ਵਿੱਚ ਪੰਜਾਬ ਦਾ ਕੋਈ ਵੀ ਹਸਪਤਾਲ ਕਿਸੇ ਵੀ ਮਰੀਜ ਦੀ ਮ੍ਰਿਤਕ ਦੇਹ ਨੂੰ ਵਾਰਸਾਂ ਨੂੰ ਸੌਂਪਣ ਤੋਂ ਇਨਕਾਰ ਨਹੀ ਕਰ ਸਕੇਗਾ: ਜਤਿੰਦਰ ਸਿੰਘ ਸ਼ੰਟੀ

## ਬੁਢਲਾਡਾ ਤੇ ਸਰਦੂਲਗੜ੍ਹ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ, ਅਧਿਕਾਰੀਆਂ ਨੂੰ ਸਮਾਂਬੱਧ ਨਿਪਟਾਰਾ ਕਰਨ ਦੇ ਆਦੇਸ਼



ਬੁਢਲਾਡਾ/ ਸਰਦੂਲਗੜ੍ਹ/ ਮਾਨਸਾ, 14 ਜੂਨ: ਬਲਜੀਤ ਪਾਲ ਸਮਾਜ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਅਤੇ ਆਮ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ਼੍ਰੀ ਜਤਿੰਦਰ ਸਿੰਘ ਸ਼ੰਟੀ (ਪਦਮ ਸ਼੍ਰੀ ਐਵਾਰਡੀ) ਵੱਲੋਂ ਅੱਜ ਬੁਢਲਾਡਾ ਅਤੇ ਸਰਦੂਲਗੜ੍ਹ ਵਿਖੇ ਨਾਗਰਿਕਾਂ ਨਾਲ ਇੱਕ ਖੁੱਲ੍ਹਾ ਸੰਵਾਦ ਰਚਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਉਨ੍ਹਾਂ ਦੇ ਹੱਲ ਲਈ ਅਧਿਕਾਰੀਆਂ ਨੂੰ ਉਚਿਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਖੁੱਲ੍ਹੇ ਸੰਵਾਦ ਦੌਰਾਨ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਕਮਿਸ਼ਨ ਦੇ ਮੈਂਬਰ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਆਖਿਆ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨਾ ਕਮਿਸ਼ਨ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਬਿਲਾਂ ਦਾ ਭੁਗਤਾਨ ਨਾ ਹੋਣ ਦੀ ਸੂਰਤ ਵਿੱਚ ਪੰਜਾਬ ਦਾ ਕੋਈ ਵੀ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲ ਹੁਣ ਕਿਸੇ ਵੀ ਮਰੀਜ ਦੀ ਮ੍ਰਿਤਕ ਦੇਹ ਨੂੰ ਵਾਰਸਾਂ ਨੂੰ ਸੌਂਪਣ ਤੋਂ ਇਨਕਾਰ ਨਹੀ ਕਰ ਸਕੇਗਾ ਕਿਉ ਕਿ ਪੰਜਾਬ ਸਰਕਾਰ ਵੱਲੋਂ ਬੀਤੀ 9 ਜੂਨ ਨੂੰ ਇਸ ਸਬੰਧੀ ਬਕਾਇਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ ਅਤੇ ਸਮੂਹ ਸਿਵਲ ਸਰਜਨਾਂ ਨੂੰ ਇਨ੍ਹਾਂ ਹੁਕਮਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਮਨੁੱਖੀ ਅਧਿਕਾਰਾਂ ਦੀ ਰਾਖੀ ਵਜੋਂ ਇਸ ਨੋਟੀਫਿਕੇਸ਼ਨ ਨੂੰ ਜਾਰੀ ਕਰਨ ਵਾਲਾ , ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸਾਰੇ ਹਸਪਤਾਲ ਆਪਣੇ ਦਾਖਲਾ ਗੇਟਾਂ ਦੇ ਕੋਲ ਇਸ ਸੂਚਨਾ ਨੂੰ ਦਰਸਾਉਂਦੇ ਨੋਟਿਸ ਬੋਰਡ ਵੀ ਲਗਾਉਣਗੇ ਤਾਂ ਕਿ ਮਰੀਜਾਂ ਦੇ ਵਾਰਸ ਇਸ ਬਾਰੇ ਜਾਣੂ ਹੋ ਸਕਣ। ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਇਹ ਵੀ ਦੱਸਿਆ ਕਿ ਜਲਦੀ ਹੀ ਪੰਜਾਬ ਦੇ ਵੱਡੇ ਜ਼ਿਲ੍ਹਿਆਂ ਵਿੱਚ ਪਾਇਲਟ ਐਂਬੂਲੈਂਸ ਪ੍ਰੋਜੈਕਟ ਲਿਆਂਦਾ ਜਾ ਰਿਹਾ ਹੈ ਜਿਸ ਤਹਿਤ ਅਜਿਹੇ ਗੰਭੀਰ ਰੋਗਾਂ ਜਾਂ ਹਾਦਸਿਆਂ ਦੇ ਪੀੜਤਾਂ ਨੂੰ ਤੁਰੰਤ ਇਲਾਜ ਯਕੀਨੀ ਬਣਾਉਣ ਲਈ ਹੈਲਪ ਲਾਈਨ ਨੰਬਰ 112 ਰਾਹੀਂ ਐਂਬੂਲੈਂਸ ਦੇ ਅੱਗੇ ਪੁਲਿਸ ਪਾਇਲਟ ਗੱਡੀ ਉਪਲਬਧ ਕਰਵਾਈ ਜਾਵੇਗੀ ਤਾਂ ਕਿ ਟਰੈਫਿਕ ਜਾਮ ਵਿੱਚ ਫਸਣ ਕਾਰਨ ਕਿਸੇ ਨੂੰ ਆਪਣੀ ਕੀਮਤੀ ਜਾਨ ਨਾ ਗੁਆਉਣੀ ਪਵੇ। ਪਦਮ ਸ਼੍ਰੀ ਐਵਾਰਡੀ ਸ੍ਰ ਜਤਿੰਦਰ ਸਿੰਘ ਸ਼ੰਟੀ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ ਤਾਂ ਉਹ ਇਸ ਦੀ ਲਿਖਤੀ ਸ਼ਿਕਾਇਤ ਸਬੂਤਾਂ ਸਮੇਤ, ਕਮਿਸ਼ਨ ਦੇ ਵਟਸਐਪ ਹੈਲਪ ਲਾਈਨ ਨੰਬਰ 9855475547 ਉਤੇ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਕਮਿਸ਼ਨ ਕੋਲ ਰੋਜ਼ਾਨਾ ਔਸਤਨ 500 ਦੇ ਕਰੀਬ ਸ਼ਿਕਾਇਤਾਂ ਆ ਰਹੀਆਂ ਹਨ ਜਿਨ੍ਹਾਂ ਦਾ ਤਰਜੀਹੀ ਆਧਾਰ ਉਤੇ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮਾਜ ਦੇ ਹਰ ਵਰਗ, ਖਾਸ ਕਰਕੇ ਗਰੀਬ ਅਤੇ ਲੋੜਵੰਦ ਲੋਕਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਕਿਸੇ ਵੀ ਪੱਧਰ 'ਤੇ ਮਨੁੱਖੀ ਅਧਿਕਾਰਾਂ ਦਾ ਘਾਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸ੍ਰ. ਸ਼ੰਟੀ ਨੇ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਆਮ ਜਨਤਾ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਪੂਰੀ ਪਾਰਦਰਸ਼ਤਾ ਅਤੇ ਹਮਦਰਦੀ ਨਾਲ ਕਰਨ, ਤਾਂ ਜੋ ਕਿਸੇ ਵੀ ਨਾਗਰਿਕ ਨੂੰ ਆਪਣੇ ਹੱਕਾਂ ਲਈ ਖੱਜਲ-ਖੁਆਰ ਨਾ ਹੋਣਾ ਪਵੇ। ਸੰਵਾਦ ਦੌਰਾਨ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਆਪਣੀਆਂ ਸਮੱਸਿਆਵਾਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਜੁੜੇ ਮਾਮਲੇ ਕਮਿਸ਼ਨ ਦੇ ਸਾਹਮਣੇ ਰੱਖੇ, ਜਿਨ੍ਹਾਂ 'ਤੇ ਤੁਰੰਤ ਕਾਰਵਾਈ ਦੇ ਆਦੇਸ਼ ਦਿੱਤੇ ਗਏ। ਇਸ ਦੌਰਾਨ ਲੋਕਾਂ ਨੂੰ ਦੱਸਿਆ ਗਿਆ ਕਿ ਜੇਕਰ ਕਿਸੇ ਵੀ ਥਾਂ 'ਤੇ ਉਨ੍ਹਾਂ ਦੇ ਬੁਨਿਆਦੀ ਹੱਕਾਂ ਨੂੰ ਦਬਾਇਆ ਜਾਂਦਾ ਹੈ, ਤਾਂ ਉਹ ਬਿਨਾਂ ਕਿਸੇ ਡਰ ਦੇ ਸਿੱਧਾ ਮਨੁੱਖੀ ਅਧਿਕਾਰ ਕਮਿਸ਼ਨ ਤੱਕ ਪਹੁੰਚ ਕਰ ਸਕਦੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਨੁੱਖੀ ਅਧਿਕਾਰਾਂ ਨੂੰ ਅੱਖੋਂ-ਪਰੋਖੇ ਕਰਨ ਵਾਲਿਆਂ ਖ਼ਿਲਾਫ਼ ਕਮਿਸ਼ਨ ਵੱਲੋਂ ਸਖ਼ਤ ਰੁਖ਼ ਅਖ਼ਤਿਆਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਮਕਸਦ ਹਰ ਨਾਗਰਿਕ ਨੂੰ ਸਨਮਾਨਜਨਕ ਜੀਵਨ ਅਤੇ ਇਨਸਾਫ਼ ਪ੍ਰਦਾਨ ਕਰਨਾ ਹੈ ਅਤੇ ਅਜਿਹੇ ਖੁੱਲ੍ਹੇ ਸੰਵਾਦ ਆਮ ਲੋਕਾਂ ਅਤੇ ਕਮਿਸ਼ਨ ਵਿਚਾਲੇ ਦੂਰੀ ਨੂੰ ਖ਼ਤਮ ਕਰਦੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਕ੍ਰਿਤਿਕਾ ਗੋਇਲ, ਐਸ.ਪੀ ਮਨਮੋਹਨ ਸਿੰਘ ਔਲਖ, ਉਪ ਮੰਡਲ ਮੈਜਿਸਟਰੇਟ ਗਗਨਦੀਪ ਸਿੰਘ, ਉਪ ਮੰਡਲ ਮੈਜਿਸਟਰੇਟ ਸਰਦੂਲਗੜ੍ਹ ਹਰਜਿੰਦਰ ਸਿੰਘ ਜੱਸਲ ਤੇ ਉਪ ਮੰਡਲ ਮੈਜਿਸਟਰੇਟ ਮਾਨਸਾ ਬਲਜੀਤ ਕੌਰ ਨੇ ਵਿਸ਼ਵਾਸ ਦਿਵਾਇਆ ਕਿ ਲੋਕਾਂ ਨੂੰ ਦਰਪੇਸ਼ ਔਕੜਾਂ ਦਾ ਨਿਪਟਾਰਾ ਸਮੇਂ ਸਿਰ ਕਰਨਾ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਪਦਮ ਸ਼੍ਰੀ ਐਵਾਰਡੀ ਜਤਿੰਦਰ ਸਿੰਘ ਸ਼ੰਟੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਦੀ ਅਗਵਾਈ ਹੇਠ ਜਾਗਰੂਕਤਾ ਰੈਲੀ ਵੀ ਕੀਤੀ ਗਈ ਅਤੇ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣੂ ਕਰਵਾਉਂਦੇ ਹੋਏ ਜਨ ਸਮੂਹ ਨੂੰ ਇਸ ਮੁਹਿੰਮ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਕੋਰ ਗਰੁੱਪ ਮਾਨਸਾ ਦੇ ਸਮੂਹ ਮੈਂਬਰ, ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਸਿਵਲ ਹਸਪਤਾਲ ਮਲੋਟ ਵਿਖੇ ਵੱਡੀ ਸਹੂਲਤ: ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸੀ.ਟੀ. ਸਕੈਨ ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ

ਮਲੋਟ, 14 ਜੂਨ (ਅਨਿਲ ਬਠਲਾ): ਇਲਾਕੇ ਦੇ ਲੋਕਾਂ ਨੂੰ ਬਿਹਤਰ ਅਤੇ ਆਧੁਨਿਕ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਅੱਜ ਸਿਵਲ ਹਸਪਤਾਲ ਮਲੋਟ ਵਿਖੇ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਮਾਨਯੋਗ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਹਸਪਤਾਲ ਵਿੱਚ ਨਵੇਂ ਬਣਨ ਵਾਲੇ ਸੀ.ਟੀ. ਸਕੈਨ ਸੈਂਟਰ ਦਾ ਰਸਮੀ ਤੌਰ 'ਤੇ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪੱਤਰਕਾਰਾਂ ਕਰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮਲੋਟ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਸੀ.ਟੀ. ਸਕੈਨ ਕਰਵਾਉਣ ਲਈ ਪਹਿਲਾਂ ਦੂਰ-ਦੁਰਾਡੇ ਦੇ ਸ਼ਹਿਰਾਂ ਜਾਂ ਨਿੱਜੀ ਸੈਂਟਰਾਂ ਵਿੱਚ ਜਾਣਾ ਪੈਂਦਾ ਸੀ, ਜਿਸ ਨਾਲ ਉਨ੍ਹਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਰਬਾਦ ਹੁੰਦੇ ਸਨ। ਹੁਣ ਸਿਵਲ ਹਸਪਤਾਲ ਵਿੱਚ ਹੀ ਇਹ ਸਹੂਲਤ ਸ਼ੁਰੂ ਹੋਣ ਨਾਲ ਲੋਕਾਂ ਨੂੰ ਸਸਤੀਆਂ ਅਤੇ ਮਿਆਰੀ ਸਿਹਤ ਸੇਵਾਵਾਂ ਘਰ ਦੇ ਨੇੜੇ ਹੀ ਮਿਲ ਸਕਣਗੀਆਂ। ਸਿਵਲ ਸਰਜਨ ਡਾ. ਸੁਨੀਲ ਬਾਂਸਲ ਅਤੇ ਸਿਵਲ ਹਸਪਤਾਲ ਮਲੋਟ ਦੇ ਸੀਨੀਅਰ ਮੈਡੀਕਲ ਅਫ਼ਸਰ (ਛ$+) ਡਾ. ਰਜਿੰਦਰ ਕੁਮਾਰ ਨੇ ਕੈਬਨਿਟ ਮੰਤਰੀ ਜੀ ਦਾ ਹਸਪਤਾਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਅਧਿਕਾਰੀਆਂ ਨੇ ਭਰੋਸਾ ਦਿਵਾਇਆ ਕਿ ਇਸ ਸੈਂਟਰ ਦੇ ਨਿਰਮਾਣ ਕਾਰਜ ਨੂੰ ਜਲਦ ਤੋਂ ਜਲਦ ਮੁਕੰਮਲ ਕਰਵਾ ਕੇ ਇਹ ਸਹੂਲਤ ਜਨਤਾ ਨੂੰ ਸਮਰਪਿਤ ਕਰ ਦਿੱਤੀ ਜਾਵੇਗੀ। ਸਿਵਲ ਸਰਜਨ ਡਾ. ਸੁਨੀਲ ਬਾਂਸਲ ਨੇ ਦੱਸਿਆ ਕਿ ਸੀ.ਟੀ. ਸਕੈਨ ਸੈਂਟਰ ਬਨਣ ਨਾਲ ਮਰੀਜ਼ਾਂ ਨੂੰ ਟੈਸਟਾਂ ਲਈ ਬਾਹਰ ਨਹੀਂ ਭਟਕਣਾ ਪਵੇਗਾ। ਇਸ ਨੀਂਹ ਪੱਥਰ ਸਮਾਗਮ ਦੌਰਾਨ ਸਿਹਤ ਵਿਭਾਗ ਦੇ ਉੱਚ ਅਧਿਕਾਰੀ, ਸਥਾਨਕ ਪ੍ਰਸ਼ਾਸਨ ਅਤੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਅਰਸ਼ ਪੀ.ਏ., ਛਿੰਦਰ ਪੀ.ਏ, ਹਰਮੇਲ ਸਿੰਘ ਐਮ.ਸੀ., ਬਾਵਾ ਐਮ.ਸੀ. ਅਤੇ ਸਿਵਲ ਹਸਪਤਾਲ ਮਲੋਟ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੰਜਾਬ ਸਰਕਾਰ ਵਚਨਬੱਧ: ਰਣਬੀਰ ਸਿੰਘ ਭੁੱਲਰ

## ਵਿਧਾਇਕ ਰਣਬੀਰ ਭੁੱਲਰ ਵੱਲੋਂ ਹਲਕੇ ਦੇ ਵਪਾਰੀਆਂ ਨਾਲ ਕੀਤੀ ਮੀਟਿੰਗ



ਫਿਰੋਜ਼ਪੁਰ, 14 ਜੂਨ (ਪ੍ਰੇਮ ਨਾਥ ਸ਼ਰਮਾ): ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਫਿਰੋਜ਼ਪੁਰ ਛਾਉਣੀ ਵਿਖੇ ਇਲਾਕੇ ਦੇ ਵਪਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਜਿਸ ਦੌਰਾਨ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿੱਚ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਅਰਥਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਵਪਾਰੀਆਂ ਦੀਆਂ ਜਾਇਜ਼ ਮੰਗਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਇਸ ਮੌਕੇ ਵਪਾਰੀਆਂ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ, ਬਾਜ਼ਾਰਾਂ ਵਿਚ ਬੁਨਿਆਦੀ ਸਹੂਲਤਾਂ ਦੇ ਸੁਧਾਰ, ਟਰੈਫਿਕ ਪ੍ਰਬੰਧਨ, ਸੁਰੱਖਿਆ ਪ੍ਰਬੰਧਾਂ ਅਤੇ ਕਾਰੋਬਾਰ ਨਾਲ ਜੁੜੀਆਂ ਹੋਰ ਚੁਣੌਤੀਆਂ ਸਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕ ਭੁੱਲਰ ਨੇ ਭਰੋਸਾ ਦਿਵਾਇਆ ਕਿ ਵਪਾਰੀਆਂ ਵੱਲੋਂ ਉਠਾਏ ਗਏ ਹਰ ਮੁੱਦੇ ਨੂੰ ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਅਤੇ ਵਪਾਰੀਆਂ ਨਾਲ ਲਗਾਤਾਰ ਸੰਵਾਦ ਰਾਹੀਂ ਵਿਕਾਸ ਅਤੇ ਖੁਸ਼ਹਾਲੀ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਯਤਨਸ਼ੀਲ ਹੈ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਵਪਾਰ ਮੰਡਲ ਸੁਖਦੇਵ ਸਿੰਘ ਜੋਸਨ, ਡੀਐਸਪੀ ਸੁਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਪ੍ਰੀਆ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਵਪਾਰ ਮੰਡਲ ਦੇ ਪ੍ਰਧਾਨ ਅਰੋੜਾ ਦਾ ਮਨਾਇਆ ਜਨਮਦਿਨ



ਸ੍ਰੀ ਅਨੰਦਪੁਰ ਸਾਹਿਬ, 14 ਜੂਨ (ਬੀ ਐੱਸ ਚਾਨਾ) ਇਲਾਕੇ ਦੀ ਨਾਮੀ ਤੇ ਜਾਣੀ ਪਛਾਣੀ ਸ਼ਖਸ਼ੀਅਤ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਤੇ ਕੌਂਸਲਰ ਇੰਦਰਜੀਤ ਸਿੰਘ ਅਰੋੜਾ ਦਾ ਵਪਾਰੀ ਸਾਥੀਆਂ ਵਲੋਂ ਕੇਕ ਕੱਟ ਕੇ ਗਰਮਜੋਸ਼ੀ ਨਾਲ ਉਨ੍ਹਾਂ ਦਾ ਜਨਮਦਿਨ ਮਨਾਇਆ ਗਿਆ ਤੇ ਵਧਾਈਆਂ ਦਿੰਦਿਆਂ ਉਨ੍ਹਾਂ ਦੀ ਚੜਦੀਕਲਾ, ਤੰਦਰੁਸਤੀ ਤੇ ਲੰਮੀਆਂ ਉਮਰਾਂ ਦੀ ਕਾਮਨਾ ਕੀਤੀ ਗਈ। ਇਸ ਮੌਕੇ ਵਪਾਰ ਮੰਡਲ ਦੇ ਜਨਰਲ ਸਕੱਤਰ ਜਸਪਾਲ ਸਿੰਘ ਪਾਲ ਨੇ ਜਨਮਦਿਨ ਦੀਆਂ ਵਧਾਈਆਂ ਦਿੰਦਿਆਂ, ਪ੍ਰਧਾਨ ਅਰੋੜਾ ਵੱਲੋ ਹਰ ਔਖੇ ਸੌਖੇ ਸਮੇਂ ਵਪਾਰੀਆਂ ਦੀ ਪਿੱਠ ਤੇ ਖੜਨ ਅਤੇ ਸਮੇਂ ਸਮੇਂ 'ਤੇ ਕੀਤੇ ਜਾਂਦੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟ ਕੀਤੀ ਕਿ ਉਹ ਅੱਗੋਂ ਵੀ ਵਪਾਰੀ ਵਰਗ ਨੂੰ ਸਹਿਯੋਗ ਅਤੇ ਸਮਾਜ ਭਲਾਈ ਲਈ ਵੱਧ ਚੜ ਕੇ ਹਿੱਸਾ ਲੈਣਗੇ । ਇਸ ਮੌਕੇ ਪ੍ਰਿਤਪਾਲ ਸਿੰਘ ਗੰਡਾ, ਜਰਨੈਲ ਸਿੰਘ ਰਾਜੂ, ਦਵਿੰਦਰ ਸਿੰਘ ਰਾਣਾ, ਜਸਵਿੰਦਰਸਿੰਘ ਸੋਨੂੰ, ਤਰਨਜੀਤ ਸਿੰਘ ਤਰਨੀ, ਸੁਖਵਿੰਦਰਪਾਲ ਸਿੰਘ ਸੁੱਖੂ, ਗੁਰਵਿੰਦਰ ਸਿੰਘ ਡਿਪਟੀ, ਬੱਬਲ ਭਾਟੀਆ, ਸਾਹਿਬਜੋਤ ਸਿੰਘ, ਤਜਿੰਦਰ ਸਿੰਘ ਚੰਨ , ਜਸਵਿੰਦਰ ਸਿੰਘ ਬਿੱਟੂ, ਸੈਪੀ ਅਰੋੜਾ, ਉਰਿੰਦਰ ਸਿੰਘ ਅਰੋੜਾ, ਰਿੰਕੂ ਧੁੜੀਆਂ, ਗਗਨ ਗੁੰਬਰ, ਰੋਮੀ ਆਂਗਰਾ, ਅਰਸ਼ ਅਰੋੜਾ, ਇੰਦਰਪ੍ਰੀਤ ਸਿੰਘ ਗੁੰਬਰ, ਸ਼ੈਲੀ ਅਰੋੜਾ, ਸੁਖਜਿੰਦਰ ਸਿੰਘ ਗੁੰਬਰ ਸਮੇਤ ਕਲਗੀਧਰ ਮਾਰਕੀਟ, ਪੁੱਡਾ ਮਾਰਕੀਟ, ਮੇਨ ਬਾਜ਼ਾਰ,ਗੁਰੂ ਬਾਜ਼ਾਰ ਅਤੇ ਚੋਈ ਬਾਜ਼ਾਰ ਦੇ ਵਪਾਰੀ ਹਾਜਰ ਸਨ।

# ਹੁਸ਼ਿਆਰਪੁਰ ਤੋਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦਾ ਵੱਡਾ ਜਥਾ "ਬੇਗਮਪੁਰਾ ਪੰਥਕ ਇਕੱਠ" 'ਚ ਹੋਇਆ ਸ਼ਾਮਿਲ



ਹੁਸ਼ਿਆਰਪੁਰ, 14 ਜੂਨ (ਰਿੰਕੂ ਥਾਪਰ): ਗੁਰੂ ਸਾਹਿਬ ਵੱਲੋਂ ਬਖਸ਼ੇ ਸਰਬੱਤ ਦੇ ਭਲੇ ਦੇ ਸਿਧਾਂਤ ਨੂੰ ਕੁਝ ਫਿਰਕਾਪ੍ਰਸਤ ਤਾਕਤਾਂ ਵੱਲੋਂ ਸਿੱਖ ਸਮਾਜ ਅਤੇ ਦਲਿਤ ਸਮਾਜ ਵਿੱਚ ਵੰਡੀਆਂ ਪਾ ਕੇ ਇੱਕ ਦੂਜੇ ਤੋਂ ਦੂਰ ਕਰਨ ਲਈ ਬਹੁਤ ਗੰਭੀਰ ਸਾਜਿਸ਼ਾਂ ਹੋ ਰਹੀਆਂ ਹਨ। ਜਿਨਾਂ ਨੂੰ ਗੁਰੂ ਮਹਾਰਾਜ ਦੀ ਬਖਸ਼ਿਸ਼ ਨਾਲ ਰੋਕਣ ਲਈ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਫਗਵਾੜਾ ਦਾਣਾ ਮੰਡੀ ਵਿਖੇ ਬੇਗਮਪੁਰਾ ਪੰਥਕ ਇਕੱਠ ਹੋਇਆ ਜਿਸ ਵਿੱਚ ਸ਼ਾਮਿਲ ਹੋਣ ਲਈ ਹੁਸ਼ਿਆਰਪੁਰ ਤੋਂ ਗੁਰਦੀਪ ਸਿੰਘ ਖੁਣਖੁਣ, ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ),ਸੰਦੀਪ ਸਿੰਘ ਖਾਲਸਾ ਟਾਂਡਾ ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ ਹਰਵਿੰਦਰ ਸਿੰਘ ਹੀਰਾ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪਰਮਜੀਤ ਸਿੰਘ ਮੇਗੋਵਾਲ ਤੇ ਜਗਦੀਸ਼ ਸਿੰਘ ਚੱਬੇਵਾਲ ਦੀ ਅਗਵਾਈ ਹੇਠ ਵੱਡਾ ਜਥਾ ਇਕੱਠ ਵਿੱਚ ਸ਼ਾਮਿਲ ਹੋਇਆ ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ, ਗੁਰਦੀਪ ਸਿੰਘ ਖੁਣ ਖੁਣ ਤੇ ਸੰਦੀਪ ਸਿੰਘ ਖਾਲਸਾ ਟਾਂਡਾ ਨੇ ਕਿਹਾ ਕਿ ਅੱਜ ਦਾ ਇਤਿਹਾਸਿਕ ਇਕੱਠ ਸਮਾਜ ਵਿੱਚ ਵੱਡੀ ਤਬਦੀਲੀ ਲਿਆਵੇਗਾ ਤੇ ਟੁੱਟ ਰਹੀਆਂ ਸਾਂਝਾ ਨੂੰ ਮੁੜ ਗੰਡਣਾ ਇੱਕ ਮਾਨਵਤਾਵਾਦੀ ਅਤੇ ਸਰਬੱਤ ਦੇ ਭਲੇ ਦਾ ਕਾਰਜ ਹੈ ਇਸ ਵਿੱਚ ਸਾਨੂੰ ਵੱਧ ਚੜ ਕੇ ਹਿੱਸਾ ਪਾਉਣਾ ਚਾਹੀਦਾ ਹੈ। ਇਸ ਸਮੇਂ ਹਰਪ੍ਰੀਤ ਸਿੰਘ ਲਾਲੀ ਪੰਡੋਰੀ ਖਜੂਰ, ਅਕਬਰ ਸਿੰਘ ਬੁਰੇ ਜੱਟਾਂ, ਸੁਖਜਿੰਦਰ ਸਿੰਘ ਸਾਬੀ, ਇੰਦਰਜੀਤ ਸਿੰਘ ਬਸੀ ਮਰੂਫ, ਲੰਬੜਦਾਰ ਮਨਜੀਤ ਸਿੰਘ, ਸੁਖਦੇਵ ਸਿੰਘ ਖੁਣਖੁਣ, ਹਰਭਜਨ ਸਿੰਘ ਜੌਹਲ, ਅਵਤਾਰ ਸਿੰਘ ਝੀਗੜ, ਬਘੇਲ ਸਿੰਘ ਟਾਂਡਾ, ਗੁਰਨਾਮ ਸਿੰਘ ਫੱਤਣ ਚੱਕ, ਸੁਖਦੇਵ ਸਿੰਘ ਮਿਰਚਾਂ ਵਾਲੇ, ਸੰਤੋਖ ਸਿੰਘ ਡਾਲੋਵਾਲ, ਨਿਹੰਗ ਸੁਰਜਣ ਸਿੰਘ, ਜਸਬੀਰ ਸਿੰਘ ਚਕੋਵਾਲ, ਸੁਖਦੇਵ ਸਿੰਘ ਕਾਹਰੀ, ਚਰਨ ਬਰਿੰਦਰ ਸਿੰਘ, ਸਤਨਾਮ ਸਿੰਘ ਧਾਮੀਆਂ, ਗੁਰਪ੍ਰੀਤ ਸਿੰਘ ਲਾਡੀ, ਰਚਨ ਸਿੰਘ ਟਾਂਡਾ ਚੂੜੀਆਂ, ਬਚਨ ਸਿੰਘ ਟਾਂਡਾ ਚੂੜੀਆਂ, ਅਮਰਜੀਤ ਸਿੰਘ ਗੋਕਲ ਨਗਰ, ਪਰਮਜੀਤ ਸਿੰਘ ਮਿੰਟੂ, ਅਮਨਦੀਪ ਸਿੰਘ ਮੋਨਾ ਕਲਾਂ, ਸੁਰਿੰਦਰ ਸਿੰਘ ਨਸਰਾਲਾ, ਲਾਭ ਸਿੰਘ ਨਸਰਾਲਾ, ਮਦਨ ਸਿੰਘ, ਗੁਰਦੀਪ ਸਿੰਘ ਝੱਜ, ਪ੍ਰੀਤ ਸਿੰਘ ਝੱਜ, ਬੂਟਾ ਸਿੰਘ ਸਿੰਗੜੀਵਾਲਾ, ਬਲਵਿੰਦਰ ਸਿੰਘ ਗ੍ਰੰਥੀ ਸਿੰਘ, ਦਵਿੰਦਰ ਸਿੰਘ ਸ਼ੇਰਪੁਰ, ਅਮਰਦਾਸ ਲਾਡੀ ਜਸਵੀਰ ਸਿੰਘ ਤਨੁੱਲੀ, ਸੁਖਦੇਵ ਸਿੰਘ ਫੌਜੀ ਬੋਦਲਾਂ, ਮੁਕੇਸ਼ ਕੁਮਾਰ, ਪਾਰਸ ਸਿੰਘ, ਸਾਹਿਲ ਬੈਂਸ, ਜਿਸਰਾਜ ਸਿੰਘ ਆਦਿ ਹਾਜ਼ਰ ਸਨ।

# ਖੂਨਦਾਨ ਦਿਵਸ ਤੇ ਪਿਓ ਅਤੇ ਪੁੱਤਰ ਵੱਲੋਂ ਇਕੱਠਿਆਂ ਹੀ ਖੂਨ ਦਾਨ ਕੀਤਾ

ਬਰੇਟਾ, 14 ਜੂਨ (ਰੀਤਵਾਲ)- ਬਲੱਡ ਬੈਂਕ ਮਾਨਸਾ ਵੱਲੋਂ ਅੱਜ 14 ਜੂਨ ਨੂੰ ਖੂਨਦਾਨ ਦਿਵਸ ਵੱਜੋਂ ਸਿਵਲ ਹਸਪਤਾਲ ਬਰੇਟਾ ਵਿਖੇ ਖੂਨ ਦਾਨ ਕੈਂਪ ਲਗਾਇਆ ਗਿਆ। ਜਿਸ ਵਿਚ ਭਾਰਤ ਵਿਕਾਸ ਪ੍ਰੀਸ਼ਦ ਬਰੇਟਾ ਵੱਲੋਂ ਪੂਰਨ ਸਹਿਯੋਗ ਕੀਤਾ ਗਿਆ। ਜਿਸ ਵਿਚ ਪਿਓ ਬਲਤੇਜ ਸਿੰਘ ਪੱਪੂ ਅਤੇ ਉਹਨਾਂ ਦੇ ਸਪੁੱਤਰ ਵਰਿੰਦਰ ਸਿੰਘ ਵੱਲੋਂ ਇਕੱਠਿਆਂ ਹੀ ਖੂਨ ਦਾਨ ਕੀਤਾ। ਬਲੱਡ ਬੈਂਕ ਮਾਨਸਾ ਵੱਲੋਂ ਇੱਕ ਮੈਡਲ ਅਤੇ ਸਰਟੀਫਿਕੇਟ ਦੇ ਕੇ ਉਨ੍ਹਾਂ ਨੂੰ ਸਨਮਾਨ ਕੀਤਾ। ਸੰਸਥਾ ਵੱਲੋਂ ਸਮੂਹ ਖੂਨ ਦਾਨੀਆਂ ਦਾ ਧੰਨਵਾਦ ਕੀਤਾ। ਇਸ ਖੂਨਦਾਨ ਕੈਂਪ ਵਿੱਚ ਭਾਰਤੀ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਘਵੀਰ ਸਿੰਘ ਗੁੱਡੂ ਅਤੇ ਜਗਜੀਤ ਸਿੰਘ ਮੰਡੇਰ ਸ਼ਾਮਿਲ ਰਹੇ।

# ਈਟੀਟੀ ਟੈਟ ਪਾਸ ਅਧਿਆਪਕਾਂ ਵੱਲੋਂ ਦਿੜ੍ਹਬਾ ਦੇ ਪਿੰਡਾਂ 'ਚ ਪਰਿਵਾਰਾਂ ਸਮੇਤ ਵਿੱਤ ਮੰਤਰੀ ਖ਼ਿਲਾਫ ਭੰਡੀ ਪ੍ਰਚਾਰ ਰੈਲੀ ਕੱਢੀ

## ਜਿੰਨਾ ਚਿਰ ਅਧਿਆਪਕਾਂ ਨਾਲ ਕੀਤਾ ਵਾਅਦਾ ਪੂਰਾ ਨਹੀਂ ਹੁੰਦਾ ਦਿੜ੍ਹਬਾ ਹਲਕੇ ਵਿੱਚ ਸੰਘਰਸ਼ ਜਾਰੀ ਰਹੇਗਾ: ਅਧਿਆਪਕ ਆਗੂ



ਦਿੜ੍ਹਬਾ ਮੰਡੀ, 14 ਜੂਨ (ਰਣਜੀਤ ਸਿੰਘ ਸ਼ੀਤਲ)-180 ਈਟੀਟੀ ਟੈਟ ਪਾਸ ਅਧਿਆਪਕ ਐਸੋਸੀਏਸ਼ਨ ਜੈ ਸਿੰਘ ਵਾਲਾ ਵੱਲੋਂ ਗੋਰਮਿੰਟ ਟੀਚਰ ਯੂਨੀਅਨ ਪੰਜਾਬ ਦੇ ਸਹਿਯੋਗ ਨਾਲ ਅੱਜ ਸਵੇਰੇ ਆਪਣੇ ਪਰਿਵਾਰਾਂ ਸਮੇਤ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਦੇ ਹਲਕੇ ਦੇ ਪਿੰਡ ਖੇਤਲਾ, ਕਾਕੂਵਾਲਾ ਆਦਿ ਪਿੰਡਾਂ ਵਿੱਚ ਗਲੀ ਗਲੀ ਭੰਡੀ ਪ੍ਰਚਾਰ ਰੈਲੀ ਕੱਢੀ ਗਈ ਅਤੇ ਸੱਥਾਂ ਵਿੱਚ ਇਕੱਠ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਟੀਚਰਾਂ ਨਾਲ ਕੀਤੇ ਝੂਠੇ ਵਾਅਦ ਦਾ ਪਾਸ ਖੋਲ੍ਹਿਆ ਗਿਆ ਤੇ ਪੰਜਾਬ ਸਰਕਾਰ ਤੇ ਵਿੱਤ ਮੰਤਰੀ ਖ਼ਿਲਾਫ ਨਾਹਰੇਬਜ਼ੀ ਕੀਤੀ ਗਈ। ਇਸ ਭੰਡੀ ਪ੍ਰਚਾਰ ਰੈਲੀ ਵਿੱਚ ਈਟੀਟੀ ਟੈਟ ਪਾਸ ਅਧਿਆਪਕਾਂ ਤੋਂ ਇਲਾਵਾ ਗੌਰਮਿੰਟ ਟੀਚਰ ਯੂਨੀਅਨ ਪਟਿਆਲਾ ਦੇ ਪ੍ਰਧਾਨ ਜਸਵਿੰਦਰ ਸਿੰਘ ਸਮਾਣਾ, ਗੁਰਵਿੰਦਰ ਸਿੰਘ ਖੰਗੂੜਾ, ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਦੇਵੀ ਦਿਆਲ, ਫਕੀਰ ਸਿੰਘ ਆਦਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੀਨੀਅਰ ਆਗੂ ਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

ਅਧਿਆਪਕ ਆਗੂਆਂ ਨੇ ਦੱਸਿਆ ਕਿ ਰੈਲੀ ਦੌਰਾਨ ਹਰੇਕ ਪਿੰਡ ਵਿੱਚ ਪੈਦਲ ਮਾਰਚ ਕਰਕੇ ਘਰ ਘਰ ਵਿੱਚ ਪੈਂਫਲੇਟ ਵੰਡੇ ਗਏ। ਸੂਬਾ ਪ੍ਰਧਾਨ ਕਮਲ ਠਾਕੁਰ ਨੇ ਦੱਸਿਆ ਕਿ ਇਸ ਰੈਲੀ ਦੌਰਾਨ ਹਰਪਾਲ ਚੀਮਾ ਦੁਆਰਾ 2022 ਤੋਂ ਪਹਿਲਾਂ ਲੋਕਾਂ ਨਾਲ ਕੀਤੇ ਗਏ ਝੂਠੇ ਵਾਅਦਿਆਂ ਦੀ ਪੋਲ ਖੋਲ੍ਹੀ ਗਈ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਕਿ ਕਿਸ ਤਰ੍ਹਾਂ 2022 ਵਿੱਚ ਹਰਪਾਲ ਸਿੰਘ ਚੀਮਾ ਨੇ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਬੇਹਤਰ ਪੰਜਾਬ ਸਿਰਜਣ ਦਾ ਵਾਅਦਾ ਕੀਤਾ ਸੀ ਪਰ ਉਹ ਵਾਅਦਾ ਝੂਠਾ ਨਿਕਲਿਆ। ਇਸ ਦੇ ਨਾਲ ਹੀ ਜੋ ਇਹਨਾਂ ਵੱਲੋਂ ਬੇਰੁਜ਼ਗਾਰਾਂ ਨੂੰ ਨੌਕਰੀ ਦੇਣ,ਕਿਸਾਨਾਂ ਨੂੰ ਪੰਜ ਮਿੰਟ ਵਿੱਚ ਐਮਐਸਪੀ ਦੇਣ ਜਾਂ ਮਰੀ ਮੁਰਗੀ ਦੇ ਤੱਕ ਦੇ ਵੀ ਪੈਸੇ ਦੇਣ ਦੇ ਵਾਅਦੇ ਕੀਤੇ ਗਏ ਸੀ। ਉਹਨਾਂ ਦੱਸਿਆ ਕਿ ਪਿੰਡਾਂ ਦੇ ਲੋਕਾਂ ਵੱਲੋਂ ਪਿੰਡ ਦੀਆਂ ਸੱਥਾਂ ਵਿੱਚ ਇਕੱਠੇ ਹੋ ਕੇ ਅਧਿਆਪਕਾਂ ਦੇ ਵਿਚਾਰ ਸੁਣੇ ਤੇ ਵਿਧਾਨ ਸਭਾ ਚੋਣਾਂ ਵਿੱਚ ਝੂਠੇ ਵਿੱਤ ਮੰਤਰੀ ਨੂੰ ਸਬਕ ਸਿਖਾਉਣ ਦਾ ਵਿਸ਼ਵਾਸ ਦਿਵਾਇਆ। ਇਸ ਦੌਰਾਨ ਹੀ ਅਧਿਆਪਕਾਂ ਵੱਲੋਂ ਵਿੱਤ ਮੰਤਰੀ ਦੇ ਝੂਠੇ ਵਾਅਦਿਆਂ ਸਬੰਧੀ ਪਿੰਡਾਂ ਦੀਆਂ ਗਲੀਆਂ ਵਿੱਚ ਤੇ ਮੁਹੱਲਿਆਂ ਵਿੱਚ ਪੋਸਟਰ ਵੀ ਚਿਪਕਾਏ ਗਏ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸੋਹਨ ਸਿੰਘ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਲੰਬੇ ਸਮੇਂ ਤੋਂ 180 ਈ ਟੀ ਟੀ ਅਧਿਆਪਕਾ ਨਾਲ ਲਾਰੇਬਾਜੀ ਕਰਕੇ ਟਾਈਮ ਟਪਾਇਆ ਜਾ ਰਿਹਾ ਹੈ ਜਦ ਕਿ ਸਿੱਖਿਆ ਮੰਤਰੀ ਅਤੇ ਸਿੱਖਿਆ ਸਕੱਤਰ ਦੁਆਰਾ ਇਹਨਾਂ ਅਧਿਆਪਕਾਂ ਦੇ ਹੱਕ ਵਿੱਚ ਰਿਪੋਰਟ ਤਿਆਰ ਕਰਕੇ ਵਿੱਤ ਵਿਭਾਗ ਨੂੰ ਭੇਜੀ ਜਾ ਚੁੱਕੀ ਹ । ਸੂਬਾ ਖਜਾਨਚੀ ਗੁਰਮੁਖ ਸਿੰਘ ਪਟਿਆਲਾ ਨੇ ਦੱਸਿਆ ਕਿ ਮਸਲਾ ਹੱਲ ਨਾ ਹੋਣ ਤੱਕ ਇਹ ਸੰਘਰਸ਼ ਹਲਕੇ ਵਿੱਚ ਜਾਰੀ ਰਹੇਗਾ ।

ਇਸ ਮੌਕੇ ਗੁਰਪ੍ਰੀਤ ਸਿੱਧੂ ਪਟਿਆਲਾ, ਗੁਰਮੁਖ ਸਿਰਸਾ, ਹਰਪ੍ਰੀਤ ਸਿੰਘ ਭੁੱਲਰਹੇੜੀ, ਰਾਕੇਸ਼ ਗੁਰਦਾਸਪੁਰ, ਮੋਹਿਤ ਬਠਿੰਡਾ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ, ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾਂ, ਬਲਾਕ ਆਗੂ ਹਰਬੰਸ ਸਿੰਘ ਦਿੜ੍ਹਬਾ ਤੋਂ ਇਲਾਵਾ ਪਿੰਡ ਖੇਤਲਾ ਅਤੇ ਕਾਕੂਵਾਲਾ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਕਿਸਾਨ ਹਾਜ਼ਰ ਸਨ।

# ਨਿਰੰਕਾਰੀ ਬਾਲ ਸਮਾਗਮ ਵਿੱਚ ਬੱਚਿਆਂ ਨੇ ਪੇਸ਼ ਕੀਤੀਆਂ ਰੂਹਾਨੀ ਤੇ ਨੈਤਿਕ ਕਦਰਾਂ-ਕੀਮਤਾਂ ਨਾਲ ਭਰਪੂਰ ਪੇਸ਼ਕਾਰੀਆਂ

## ਫਿਰੋਜ਼ਪੁਰ ਜ਼ੋਨ ਦੀਆਂ 27 ਸ਼ਾਖਾਵਾਂ ਦੇ ਸੈਂਕੜੇ ਬੱਚਿਆਂ ਨੇ ਉਤਸ਼ਾਹ ਨਾਲ ਲਿਆ ਭਾਗ



ਜੈਤੋ, 14 ਜੂਨ (ਮਨਜੀਤ ਸਿੰਘ ਢੱਲਾ) : ਸੰਤ ਨਿਰੰਕਾਰੀ ਸਤਿਸੰਗ ਭਵਨ ਫਰੀਦਕੋਟ ਵਿਖੇ ਫਿਰੋਜ਼ਪੁਰ ਜ਼ੋਨ ਦਾ ਜ਼ੋਨਲ ਨਿਰੰਕਾਰੀ ਬਾਲ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਵਿੱਚ ਫਿਰੋਜ਼ਪੁਰ ਜ਼ੋਨ ਦੀਆਂ 27 ਸ਼ਾਖਾਵਾਂ ਨਾਲ ਸਬੰਧਤ ਸੈਂਕੜੇ ਬੱਚਿਆਂ ਨੇ ਭਾਗ ਲੈਂਦਿਆਂ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਕਵਾਲੀਆਂ, ਕਵਿਤਾਵਾਂ, ਗੀਤਾਂ, ਸਕਿਟਾਂ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰਚਾਰਕ ਸੰਤ ਪਰਮਜੀਤ ਸਿੰਘ ਮੋਮਨ (ਅੰਮ੍ਰਿਤਸਰ) ਨੇ ਸਤਿਗੁਰੂ ਮਾਤਾ ਜੀ ਦਾ ਪਾਵਨ ਸੰਦੇਸ਼ ਸੰਗਤਾਂ ਤੱਕ ਪਹੁੰਚਾਇਆ। ਉਨ੍ਹਾਂ ਆਪਣੇ ਪ੍ਰਵਚਨਾਂ ਦੌਰਾਨ ਕਿਹਾ ਕਿ ਬੱਚੇ ਸਮਾਜ ਦਾ ਵਡਮੁੱਲਾ ਅੰਗ ਹਨ ਅਤੇ ਭਵਿੱਖ ਦੇ ਸੁਚੱਜੇ ਸਮਾਜ ਦੀ ਨੀਂਹ ਵੀ ਬੱਚਿਆਂ ਰਾਹੀਂ ਹੀ ਰੱਖੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮਾਤਾ-ਪਿਤਾ ਵੱਲੋਂ ਦਿੱਤੇ ਗਏ ਚੰਗੇ ਸੰਸਕਾਰ ਬੱਚਿਆਂ ਦੇ ਜੀਵਨ ਨੂੰ ਸਹੀ ਦਿਸ਼ਾ ਪ੍ਰਦਾਨ ਕਰਦੇ ਹਨ ਅਤੇ ਉਨ੍ਹਾਂ ਦੀ ਸਫਲਤਾ ਦਾ ਆਧਾਰ ਬਣਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਅਪਨਾਉਣ ਵਾਲੇ ਬੱਚੇ ਨਸ਼ਿਆਂ ਅਤੇ ਬੁਰੀਆਂ ਆਦਤਾਂ ਤੋਂ ਦੂਰ ਰਹਿ ਕੇ ਆਪਣੇ ਜੀਵਨ ਨੂੰ ਸੁੰਦਰ ਬਣਾਉਣ ਦੇ ਨਾਲ-ਨਾਲ ਸਮਾਜ ਲਈ ਵੀ ਪ੍ਰੇਰਣਾ ਸਰੋਤ ਬਣ ਰਹੇ ਹਨ। ਸਮਾਗਮ ਦੌਰਾਨ ਬੱਚਿਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਵਿੱਚ ਵੀ ਸਤਿਗੁਰੂ ਪ੍ਰਤੀ ਡੂੰਘੇ ਸ਼ੁਕਰਾਨੇ ਦੇ ਭਾਵ ਦੇਖਣ ਨੂੰ ਮਿਲੇ। ਸਮਾਗਮ ਲਈ ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਫਰੀਦਕੋਟ ਵੱਲੋਂ ਸ਼ਾਨਦਾਰ ਪ੍ਰਬੰਧ ਕੀਤੇ ਗਏ। ਇਸ ਮੌਕੇ ਨੈਤਿਕ ਕਦਰਾਂ-ਕੀਮਤਾਂ ਨੂੰ ਉਜਾਗਰ ਕਰਦੀ ਇੱਕ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ। ਅੰਤ ਵਿੱਚ ਜ਼ੋਨਲ ਇੰਚਾਰਜ ਐੱਨ.ਐੱਸ. ਗਿੱਲ ਅਤੇ ਬ੍ਰਾਂਚ ਇੰਚਾਰਜ ਭੈਣ ਸੁਰਜੀਤ ਕੌਰ ਭਾਟੀਆ ਨੇ ਸਮੂਹ ਮਹਿਮਾਨਾਂ, ਬੱਚਿਆਂ, ਪ੍ਰਬੰਧਕਾਂ ਅਤੇ ਸਾਧ ਸੰਗਤ ਦਾ ਧੰਨਵਾਦ ਕੀਤਾ।

# ਪਿੰਡ ਮਾਡਲ ਟਾਊਨ ਨੰਬਰ-1 ਸ਼ੇਰੋਂ ਵਿਖੇ ਹਰਮਨਦੇਵ ਬਾਜਵਾ ਨੇ ਸਾਥੀਆਂ ਨਾਲ ਕੀਤੀ ਅਹਿਮ ਮੁਲਾਕਾਤ

## ਇਲਾਕੇ ਦੇ ਮਸਲਿਆਂ 'ਤੇ ਹੋਈ ਚਰਚਾ, ਲੋਕਹਿੱਤਾਂ ਲਈ ਹਮੇਸ਼ਾ ਤੱਤਪਰ ਰਹਿਣ ਦਾ ਭਰੋਸਾ ਦਿੱਤਾ



ਸੁਨਾਮ ਊਧਮ ਸਿੰਘ ਵਾਲਾ, 14 ਜੂਨ (ਰਾਜੂ ਸਿੰਗਲਾ): ਪਿੰਡ ਮਾਡਲ ਟਾਊਨ ਨੰਬਰ-1 ਸ਼ੇਰੋਂ ਵਿਖੇ ਸਮਾਜਿਕ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਗਤੀ ਦੇਣ ਲਈ ਇਕ ਅਹਿਮ ਮੀਟਿੰਗ ਕੀਤੀ ਗਈ। ਇਹ ਮੁਲਾਕਾਤ ਸ. ਹਰਮਨਦੇਵ ਬਾਜਵਾ ਵੱਲੋਂ ਆਪਣੇ ਛੋਟੇ ਭਰਾ ਗੱਗੀ ਸਿੰਘ ਦੇ ਗ੍ਰਹਿ ਵਿਖੇ ਨਜ਼ਦੀਕੀ ਸਾਥੀਆਂ ਨਾਲ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਗੰਭੀਰ ਵਿਚਾਰ-ਵਟਾਂਦਰਾ ਹੋਇਆ। ?ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸ. ਹਰਮਨਦੇਵ ਬਾਜਵਾ ਦਾ ਗੁਰਸੇਵਕ, ਜੱਗੀ , ਬਿੰਦਰ, ਮਨਿੰਦਰ, ਜੱਸੀ ਅਤੇ ਹੋਰ ਨਜ਼ਦੀਕੀ ਸਾਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਹਾਜ਼ਰ ਆਗੂਆਂ ਅਤੇ ਸਾਥੀਆਂ ਨੇ ਇਲਾਕੇ ਦੇ ਸਮਾਜਿਕ ਅਤੇ ਲੋਕ ਭਲਾਈ ਨਾਲ ਸਬੰਧਿਤ ਵੱਖ-ਵੱਖ ਮਸਲਿਆਂ ਉੱਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਬਾਜਵਾ ਨੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਲਾਕੇ ਦੀ ਤਰੱਕੀ ਅਤੇ ਲੋਕਾਂ ਦੀ ਸੇਵਾ ਲਈ ਸਾਰਿਆਂ ਦਾ ਇੱਕਮੁੱਠ ਹੋਣਾ ਬੇਹੱਦ ਜ਼ਰੂਰੀ ਹੈ। ਹਾਜ਼ਰ ਸਾਥੀਆਂ ਨੇ ਆਪਸੀ ਭਾਈਚਾਰੇ, ਇਕਜੁੱਟਤਾ ਅਤੇ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਦੁਹਰਾਇਆ ਅਤੇ ਵਿਸ਼ਵਾਸ ਦਿਵਾਇਆ ਕਿ ਉਹ ਲੋਕ ਹਿੱਤਾਂ ਲਈ ਹਮੇਸ਼ਾ ਤੱਤਪਰ ਰਹਿਣਗੇ। ਇਸ ਮੌਕੇ ਗੁਰਸੇਵਕ, ਜੱਗੀ, ਬਿੰਦਰ, ਮਨਿੰਦਰ, ਜੱਸੀ ਆਦਿ ਹਾਜ਼ਰ ਸਨ।

# ਜੋਗਿੰਦਰ ਨਗਰ ਟ੍ਰੇਨ ਸ਼ੁਰੂ ਹੋਣ ਨਾਲ ਵਧੇਗਾ ਸ਼ਹਿਰ ਦਾ ਵਪਾਰ

## ਪਰ ਟ੍ਰੈਫਿਕ ਜਾਮ ਦੀ ਚਿੰਤਾ ਵੀ ਬਰਕਰਾਰ: ਐਡਵੋਕੇਟ ਤੁਸ਼ਾਰ ਮਨਹਾਸ



ਪਠਾਨਕੋਟ, 14 ਜੂਨ (ਅਮਨਜੀਤ) ਪਿਛਲੇ ਲੰਮੇ ਸਮੇਂ ਤੋਂ ਬੰਦ ਪਈ ਨੈਰੋਗੇਜ ਟੌਏ ਟ੍ਰੇਨ ਦੀ ਪਠਾਨਕੋਟ ਲਈ ਆਖ਼ਰਕਾਰ ਦੁਬਾਰਾ ਸ਼ੁਰੂਆਤ ਹੋ ਚੁੱਕੀ ਹੈ। ਸਾਲ 2023 ਤੋਂ ਬੰਦ ਪਈ ਇਸ ਇਤਿਹਾਸਕ ਰੇਲਵੇ ਲਾਈਨ 'ਤੇ ਹੁਣ ਪਠਾਨਕੋਟ ਤੋਂ ਜੋਗਿੰਦਰ ਨਗਰ ਵਿਚਕਾਰ 2 ਟੌਏ ਟ੍ਰੇਨਾਂ ਚਲਾਈਆਂ ਜਾਣਗੀਆਂ। ਇੱਕ ਪਾਸੇ ਜਿੱਥੇ ਇਸ ਹਰਮਨਪਿਆਰੀ ਟ੍ਰੇਨ ਸੇਵਾ ਦੇ ਬਹਾਲ ਹੋਣ ਨਾਲ ਸਥਾਨਕ ਲੋਕਾਂ ਅਤੇ ਸੈਲਾਨੀਆਂ ਵਿੱਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਸ਼ਹਿਰ ਵਾਸਿਆਂ ਦੇ ਮਨਾਂ ਵਿੱਚ ਵਧਦੇ ਟ੍ਰੈਫਿਕ ਜਾਮ ਨੂੰ ਲੈ ਕੇ ਚਿੰਤਾ ਵੀ ਪੈਦਾ ਹੋ ਗਈ ਹੈ।ਇਸ ਵਿਸ਼ੇ 'ਤੇ ਜਾਣਕਾਰੀ ਦਿੰਦਿਆਂ ਐਡਵੋਕੇਟ ਤੁਸ਼ਾਰ ਮਨਹਾਸ ਨੇ ਦੱਸਿਆ ਕਿ ਟ੍ਰੇਨ ਸੇਵਾ ਸ਼ੁਰੂ ਹੋਣ ਨਾਲ ਸ਼ਹਿਰ ਵਿੱਚ ਟ੍ਰੈਫਿਕ ਦੀ ਇੱਕ ਵੱਡੀ ਸਮੱਸਿਆ ਖੜ੍ਹੀ ਹੋ ਸਕਦੀ ਹੈ। ਰੇਲਵੇ ਫਾਟਕ ਵਾਰ-ਵਾਰ ਬੰਦ ਹੋਣ ਕਾਰਨ ਆਮ ਜਨਤਾ ਨੂੰ ਕਾਫੀ ਸਮਾਂ ਭਿਆਨਕ ਜਾਮ ਵਿੱਚ ਬਿਤਾਉਣਾ ਪਵੇਗਾ। ਇਸ ਵਜ੍ਹਾ ਕਰਕੇ ਨੌਕਰੀਪੇਸ਼ਾ ਲੋਕ, ਵਿਦਿਆਰਥੀ ਅਤੇ ਹੋਰ ਨਾਗਰਿਕ ਆਪਣੇ ਨਿਰਧਾਰਤ ਸਮੇਂ 'ਤੇ ਆਪਣੀ ਮੰਜ਼ਿਲ ਅਤੇ ਕੰਮ 'ਤੇ ਨਹੀਂ ਪਹੁੰਚ ਸਕਣਗੇ।ਐਡਵੋਕੇਟ ਮਨਹਾਸ ਨੇ ਇਸ ਦੇ ਸਕਾਰਾਤਮਕ ਆਰਥਿਕ ਪਹਿਲੂ 'ਤੇ ਚਾਨਣਾ ਪਾਉਂਦਿਆਂ ਕਿਹਾ ਜੇਕਰ ਅਸੀਂ ਇਸ ਟ੍ਰੇਨ ਸੇਵਾ ਦੇ ਫਾਇਦਿਆਂ ਨੂੰ ਦੇਖੀਏ ਤਾਂ ਇਸ ਨਾਲ ਸ਼ਹਿਰ ਵਿੱਚ ਰੁਜ਼ਗਾਰ ਅਤੇ ਵਪਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ ਆਰਥਿਕ ਖੁਸ਼ਹਾਲੀ ਆਵੇਗੀ।ਉਨ੍ਹਾਂ ਅੱਗੇ ਕਿਹਾ ਕਿ ਹਿਮਾਚਲ ਪ੍ਰਦੇਸ਼ ਦੇ ਉਹ ਵਸਨੀਕ ਜੋ ਦੋਪਹੀਆ ਜਾਂ ਚਾਰਪਹੀਆ ਵਾਹਨਾਂ ਦੀ ਵਰਤੋਂ ਨਹੀਂ ਕਰ ਪਾਉਂਦੇ ਸਨ, ਉਹ ਜ਼ਿਆਦਾਤਰ ਆਪਣੇ ਤੈਅ ਸਮੇਂ ਅਨੁਸਾਰ ਸਵੇਰੇ ਟੌਏ ਟ੍ਰੇਨ ਰਾਹੀਂ ਪਠਾਨਕੋਟ ਆਉਂਦੇ ਸਨ। ਇੱਥੇ ਉਹ ਦਿਨ ਭਰ ਆਪਣੀ ਖਰੀਦਦਾਰੀ ਅਤੇ ਵਪਾਰਕ ਕੰਮ ਨਿਪਟਾ ਕੇ ਸ਼ਾਮ ਨੂੰ ਟ੍ਰੇਨ ਰਾਹੀਂ ਹੀ ਵਾਪਸ ਪਰਤ ਜਾਂਦੇ ਸਨ।ਜ਼ਿਕਰਯੋਗ ਹੈ ਕਿ ਸਾਲ 2023 ਵਿੱਚ ਚੱਕੀ ਪੁਲ ਟੁੱਟਣ ਕਾਰਨ ਇਹ ਟ੍ਰੇਨ ਸੇਵਾ ਪੂਰੀ ਤਰ੍ਹਾਂ ਠੱਪ ਹੋ ਗਈ ਸੀ, ਜਿਸ ਕਾਰਨ ਪਠਾਨਕੋਟ ਦੇ ਵਪਾਰੀਆਂ ਨੂੰ ਵੀ ਵੱਡਾ ਨੁਕਸਾਨ ਉਠਾਉਣਾ ਪੈ ਰਿਹਾ ਸੀ। ਹੁਣ ਦੁਬਾਰਾ ਟੌਏ ਟ੍ਰੇਨ ਦੀ ਸ਼ੁਰੂਆਤ ਹੋਣ ਨਾਲ ਸ਼ਹਿਰ ਵਿੱਚ ਹਿਮਾਚਲ ਪ੍ਰਦੇਸ਼ ਦੇ ਗਾਹਕਾਂ ਦੀ ਆਮਦ ਫਿਰ ਤੋਂ ਵਧੇਗੀ, ਜਿਸ ਨਾਲ ਸਥਾਨਕ ਵਪਾਰੀ ਵਰਗ ਨੂੰ ਬਹੁਤ ਵੱਡੀ ਰਾਹਤ ਅਤੇ ਵਪਾਰ ਵਿੱਚ ਵੱਡੀ ਮਦਦ ਮਿਲੇਗੀ।

# ਕਸ਼ਮੀਰੀ ਪੰਡਿਤਾਂ ਦੀ ਵਾਪਸੀ ਲਈ ਕਮੇਟੀ ਬਹਾਲ ਕਰਨ ਦੀ ਮੰਗ

ਸ੍ਰੀਨਗਰ, 14 ਜੂਨ (ਜਨ ਜਾਗਰਣ ਬਿਊਰੋ)- ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਦੇ ਸਲਾਹਕਾਰ ਨਾਸਿਰ ਅਸਲਮ ਵਾਨੀ ਨੇ ਕਸ਼ਮੀਰੀ ਪੰਡਿਤਾਂ ਦੀ ਵਾਪਸੀ ਅਤੇ ਮੁੜ ਵਸੇਬੇ ਲਈ ਬਣੀ ਕਮੇਟੀ ਬਹਾਲ ਕਰਨ ਦੀ ਵਕਾਲਤ ਕੀਤੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਇਹ ਵੀ ਅਪੀਲ ਕੀਤੀ ਕਿ ਜੇ ਮੁਲਕ ਦੇ ਕਿਸੇ ਵੀ ਹਿੱਸੇ ਵਿੱਚੋਂ ਅਫਸਪਾ ਹਟਾਉਣ ਦਾ ਫ਼ੈਸਲਾ ਕੀਤਾ ਜਾਂਦਾ ਹੈ, ਤਾਂ ਇਸ ਦੀ ਸ਼ੁਰੂਆਤ ਜੰਮੂ-ਕਸ਼ਮੀਰ ਤੋਂ ਹੋਣੀ ਚਾਹੀਦੀ ਹੈ ਕਿਉਂਕਿ ਹੁਣ ਵਾਦੀ ਦੇ ਹਾਲਾਤ ਸੁਧਰ ਗਏ ਹਨ। ਵਿਦੇਸ਼ਾਂ 'ਚ ਰਹਿ ਰਹੇ ਕਸ਼ਮੀਰੀ ਪੰਡਿਤਾਂ ਦੇ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਵਾਨੀ ਨੇ ਕਿਹਾ ਕਿ 2014 'ਚ ਭੰਗ ਕੀਤੀ ਗਈ ਕਮੇਟੀ ਸੁਰਜੀਤ ਕਰਨ ਦਾ ਹੁਣ ਸਮਾਂ ਆ ਗਿਆ ਹੈ। ਇਹ ਕਮੇਟੀ 2009 'ਚ ਉਮਰ ਅਬਦੁੱਲਾ ਸਰਕਾਰ ਵੱਲੋਂ ਬਣਾਈ ਗਈ ਸੀ। ਵਾਨੀ ਨੇ ਕਿਹਾ ਕਿ 1990 ਦੇ ਅਤਿਵਾਦ ਨੇ ਪੰਡਿਤਾਂ ਅਤੇ ਮੁਸਲਮਾਨਾਂ ਦੋਹਾਂ ਨੂੰ ਪ੍ਰਭਾਵਿਤ ਕੀਤਾ ਸੀ ਅਤੇ ਇਸ ਦਾ ਹੱਲ ਵੀ ਮਿਲ ਕੇ ਹੀ ਨਿਕਲੇਗਾ।

# ਪੰਜਾਬ ਕੇਸਰੀ ਨਰੇਸ਼ ਕੁਮਾਰ ਬਨਾਰਸੀ ਨੇ ਹੁਕਮ ਚੰਦ ਪਹਿਲਵਾਨ ਨੂੰ ਧਾਰਿਆ ਉਸਤਾਦ, ਪਗੜੀ ਦੀ ਰਸਮ ਅਦਾ



ਖਨੌਰੀ 14 ਜੂਨ (ਸਤਨਾਮ ਸਿੰਘ ਕੰਬੋਜ)- ਪੰਜਾਬ ਕੇਸਰੀ ਅਤੇ ਹਿਮਾਚਲ ਕੇਸਰੀ ਵਜੋਂ ਮਸ਼ਹੂਰ ਪਹਿਲਵਾਨ ਨਰੇਸ਼ ਕੁਮਾਰ ਬਨਾਰਸੀ ਨੇ ਅੱਜ ਮਿਤੀ 13ਜੂਨ ਨੂੰ ਇੱਕ ਵਿਸ਼ੇਸ਼ ਸਮਾਗਮ ਦੌਰਾਨ ਸ੍ਰੀ ਹੁਕਮ ਚੰਦ ਪਹਿਲਵਾਨ ਢਾਬੀ ਗੁਜਰਾਂ ਨੂੰ ਆਪਣਾ ਉਸਤਾਦ ਮੰਨਦੇ ਹੋਏ ਅਖਾੜਾ ਬਨਾਰਸੀ ਵਿੱਚ ਪਗੜੀ ਦੀ ਰਸਮ ਅਦਾ ਕੀਤੀ। ਇਸ ਮੌਕੇ ਅਖਾੜਾ ਬਨਾਰਸੀ ਵਿੱਚ ਵੱਡੀ ਗਿਣਤੀ ਵਿੱਚ ਪਹਿਲਵਾਨਾਂ ਅਤੇ ਖੇਡ ਪ੍ਰੇਮੀਆਂ ਨੇ ਸ਼ਿਰਕਤ ਕਰਕੇ ਸਮਾਗਮ ਦੀ ਸ਼ਾਨ ਵਿੱਚ ਵਾਧਾ ਕੀਤਾ। ਰਸਮ ਦੌਰਾਨ ਨਰੇਸ਼ ਕੁਮਾਰ ਬਨਾਰਸੀ ਨੇ ਰਵਾਇਤੀ ਰੀਤ ਅਨੁਸਾਰ ਹੁਕਮ ਚੰਦ ਪਹਿਲਵਾਨ ਨੂੰ ਆਪਣਾ ਉਸਤਾਦ ਸਵੀਕਾਰ ਕਰਦਿਆਂ ਉਨ੍ਹਾਂ ਪ੍ਰਤੀ ਸਤਿਕਾਰ ਅਤੇ ਸਮਰਪਣ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਹੁਕਮ ਚੰਦ ਪਹਿਲਵਾਨ ਨੇ ਨਰੇਸ਼ ਕੁਮਾਰ ਬਨਾਰਸੀ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਨੂੰ ਆਪਣਾ ਸਾਗਿਰਦ ਮੰਨਿਆ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਪਹਿਲਵਾਨੀ ਦੀ ਪਰੰਪਰਾ ਵਿੱਚ ਗੁਰੂ-ਚੇਲੇ ਦਾ ਰਿਸ਼ਤਾ ਬਹੁਤ ਮਹੱਤਵਪੂਰਨ ਹੁੰਦਾ ਹੈ, ਜੋ ਖਿਡਾਰੀ ਨੂੰ ਅਨੁਸ਼ਾਸਨ, ਮਿਹਨਤ ਅਤੇ ਉੱਚੇ ਆਦਰਸ਼ਾਂ ਨਾਲ ਜੋੜਦਾ ਹੈ। ਹਾਜ਼ਰ ਪਹਿਲਵਾਨਾਂ ਅਤੇ ਸਤਿਕਾਰਯੋਗ ਸ਼ਖ਼ਸੀਅਤਾਂ ਨੇ ਇਸ ਮੌਕੇ ਨੂੰ ਪਹਿਲਵਾਨੀ ਪਰੰਪਰਾ ਲਈ ਇੱਕ ਯਾਦਗਾਰ ਅਤੇ ਇਤਿਹਾਸਕ ਪਲ ਕਰਾਰ ਦਿੰਦਿਆਂ ਨਰੇਸ਼ ਕੁਮਾਰ ਬਨਾਰਸੀ ਅਤੇ ਹੁਕਮ ਚੰਦ ਪਹਿਲਵਾਨ ਨੂੰ ਵਧਾਈ ਦਿੱਤੀ। ਸਮਾਗਮ ਦਾ ਸਮਾਪਨ ਆਪਸੀ ਭਾਈਚਾਰੇ ਅਤੇ ਖੇਡ ਭਾਵਨਾ ਦੇ ਸੰਦੇਸ਼ ਨਾਲ ਹੋਇਆ।

# ਮਨਦੀਪ ਕੌਰ ਮੱਕੜ ਧਰਮ ਪ੍ਰਚਾਰ ਇਸਤਰੀ ਵਿੰਗ ਦੇ ਵਾਈਸ ਚੇਅਰਮੈਨ ਨਿਯੁਕਤ

ਨਵੀਂ ਦਿੱਲੀ, 14 ਜੂਨ (ਰਿੰਕੂ)- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਚੈਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਸਰਦਾਰ ਸਰਬਜੀਤ ਸਿੰਘ ਮੱਕੜ ਨੂੰ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਸਬ ਕਮੇਟੀ ਦਾ ਸੀਨੀਅਰ ਵਾਈਸ ਚੇਅਰਮੈਨ ਅਤੇ ਸਰਦਾਰਨੀ ਮਨਦੀਪ ਕੌਰ ਮੱਕੜ ਨੂੰ ਧਰਮ ਪ੍ਰਚਾਰ ਇਸਤਰੀ ਵਿੰਗ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਹੈ। ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਧਰਮ ਪ੍ਰਚਾਰ ਕਮੇਟੀ ਚੈਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਸਰਦਾਰ ਸਰਬਜੀਤ ਸਿੰਘ ਮੱਕੜ ਤੇ ਸਰਦਾਰਨੀ ਮਨਦੀਪ ਕੌਰ ਮੱਕੜ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਸਰਦਾਰ ਸਰਬਜੀਤ ਸਿੰਘ ਦੇ ਪਰਿਵਾਰ ਦੇ ਸਾਡੀ ਟੀਮ ਨਾਲ ਜੁੜਨ ਨਾਲ ਸਮੁੱਚੀ ਟੀਮ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਧਰਮ ਪ੍ਰਚਾਰ ਦੇ ਕੰਮ ਨੂੰ ਹੋਰ ?ਜ਼ਿਆਦਾ ਪ੍ਰਭਾਵਸ਼ਾਲੀ ਢੰਗ ਲਾਗੂ ਕੀਤਾ ਜਾ ਸਕੇਗਾ। ਉਹਨਾਂ ਕਿਹਾ ਕਿ ਦਿਨ ਬ ਦਿਨ ਦਿੱਲੀ ਦੀ ਸੰਗਤ ਸਾਡੀ ਟੀਮ ਦੀ ਹੌਸਲਾ ਅਫਜ਼ਾਈ ਵਾਸਤੇ ਸਾਡੇ ਸਮਰਥਨ ਵਿਚ ਅੱਗੇ ਆ ਰਹੀ ਹੈ ਤੇ ਟੀਮ ਹੋਰ ਮਜ਼ਬੂਤ ਹੋ ਰਹੀ ਹੈ।

# ਰੇਲਵੇ ਅੰਡਰ ਬ੍ਰਿਜ 'ਚ ਭਰਿਆ ਬਰਸਾਤੀ ਪਾਣੀ, ਪ੍ਰਸ਼ਾਸਨ ਨੇ ਰਸਤਾ ਕੀਤਾ ਬੰਦ; ਰਾਹਗੀਰ ਪ੍ਰੇਸ਼ਾਨ



ਸੁਨਾਮ ਊਧਮ ਸਿੰਘ ਵਾਲਾ, 14 ਜੂਨ (ਰਾਜੂ ਸਿੰਗਲਾ /ਰਾਜੇਸ਼ ਕੁਮਾਰ):: ਸਥਾਨਕ ਸ਼ਹੀਦ ਊਧਮ ਸਿੰਘ ਸਟੇਡੀਅਮ ਦੇ ਨਜ਼ਦੀਕ ਬਣੇ ਰੇਲਵੇ ਅੰਡਰ ਬ੍ਰਿਜ ਵਿੱਚ ਬਰਸਾਤੀ ਪਾਣੀ ਭਰ ਜਾਣ ਕਾਰਨ ਆਮ ਲੋਕਾਂ ਅਤੇ ਰਾਹਗੀਰਾਂ ਦੀਆਂ ਮੁਸ਼ਕਿਲਾਂ ਬਹੁਤ ਵਧ ਗਈਆਂ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਮੀਂਹ ਪੈਣ ਤੋਂ ਦੋ ਦਿਨ ਬੀਤ ਜਾਣ ਦੇ ਬਾਵਜੂਦ ਵੀ ਸਥਾਨਕ ਪ੍ਰਸ਼ਾਸਨ ਵੱਲੋਂ ਇਸ ਜ਼ਮੀਨਦੋਜ਼ ਬਰਿੱਜ ਵਿੱਚੋਂ ਪਾਣੀ ਦੀ ਨਿਕਾਸੀ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਪਾਣੀ ਕੱਢਣ ਦੀ ਬਜਾਏ ਪ੍ਰਸ਼ਾਸਨ ਵੱਲੋਂ ਪੁਲ ਦੇ ਦੋਵੇਂ ਪਾਸੇ ਬੈਰੀਗੇਟਿੰਗ ਕਰਕੇ ਰਸਤੇ ਨੂੰ ਮੁਕੰਮਲ ਤੌਰ 'ਤੇ ਬੰਦ ਕਰ ਦਿੱਤਾ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ?ਸਥਾਨਕ ਲੋਕਾਂ ਅਨੁਸਾਰ ਇਸ ਅੰਡਰ ਬ੍ਰਿਜ ਦੀ ਇਹ ਕੋਈ ਪਹਿਲੀ ਸਮੱਸਿਆ ਨਹੀਂ ਹੈ, ਬਲਕਿ ਜਦੋਂ ਵੀ ਮੀਂਹ ਪੈਂਦਾ ਹੈ ਤਾਂ ਇੱਥੇ ਅਕਸਰ ਪਾਣੀ ਭਰ ਜਾਂਦਾ ਹੈ। ਅੰਡਰ ਬ੍ਰਿਜ ਵਿੱਚ ਜਮ੍ਹਾਂ ਹੋਏ ਬਰਸਾਤੀ ਪਾਣੀ ਤੋਂ ਪ੍ਰੇਸ਼ਾਨ ਨਜ਼ਦੀਕੀ ਇੰਦਰਾ ਬਸਤੀ ਦੇ ਬਸ਼ਿੰਦਿਆਂ ਅਤੇ ਆਸ-ਪਾਸ ਦੇ ਦੁਕਾਨਦਾਰਾਂ ਨੇ ਪ੍ਰਸ਼ਾਸਨ ਖਿਲਾਫ਼ ਰੋਸ ਜਤਾਇਆ ਹੈ।ਦੁਕਾਨਦਾਰਾਂ ਅਤੇ ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਮੀਂਹ ਪੈਣ ਤੋਂ ਤੁਰੰਤ ਬਾਅਦ ਪ੍ਰਸ਼ਾਸਨ ਨੂੰ ਬਿਨਾਂ ਕਿਸੇ ਦੇਰੀ ਦੇ ਪਾਣੀ ਕੱਢਣ ਦੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਪਾਣੀ ਦੀ ਨਿਕਾਸੀ ਦਾ ਕੋਈ ਢੁਕਵਾਂ ਅਤੇ ਪੱਕਾ ਪ੍ਰਬੰਧ ਨਾ ਹੋਣ ਕਾਰਨ ਹੀ ਲੋਕਾਂ ਨੂੰ ਵਾਰ-ਵਾਰ ਇਸ ਮੁਸ਼ਕਿਲ ਵਿੱਚੋਂ ਲੰਘਣਾ ਪੈਂਦਾ ਹੈ। ??ਇਲਾਕਾ ਨਿਵਾਸੀਆਂ ਨੇ ਪ੍ਰਸ਼ਾਸਨ ਅਤੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਸ ਅੰਡਰ ਬ੍ਰਿਜ ਵਿੱਚੋਂ ਪਾਣੀ ਨੂੰ ਤੁਰੰਤ ਪੰਪਾਂ ਰਾਹੀਂ ਬਾਹਰ ਕੱਢਿਆ ਜਾਵੇ ਅਤੇ ਭਵਿੱਖ ਲਈ ਨਿਕਾਸੀ ਦਾ ਕੋਈ ਸਥਾਈ ਹੱਲ ਲੱਭਿਆ ਜਾਵੇ।

# ਪਿਛਲੇ ਸਾਲ ਦੇ ਹੜ੍ਹਾਂ ਤੋਂ ਸਬਕ ਨਹੀਂ ਲਿਆ, ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਚਿੰਤਾਜਨਕ : ਰਣ ਸਿੰਘ ਚੱਠਾ

## ਪ੍ਰਾਈਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਸੁਨਾਮ ਅੱਗੇ 34ਵੇਂ ਦਿਨ ਵੀ ਧਰਨਾ ਜਾਰੀ-ਚੱਠਾ



ਸੁਨਾਮ ਊਧਮ ਸਿੰਘ ਵਾਲਾ 14ਜੂਨ (ਰਾਜੂ ਸਿੰਗਲਾ /ਰਾਜੇਸ਼ ਕੁਮਾਰ) ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਜਰਨਲ ਸਕੱਤਰ ਰਣ ਸਿੰਘ ਚੱਠਾ ਨੇ ਗੱਲਬਾਤ ਕਰਦਿਆਂ ਕਿਹਾ ਹੈ ਕਿ ਪਿਛਲੇ ਸਾਲ ਆਏ ਹੜ੍ਹਾਂ ਤੋਂ ਕੋਈ ਸਬਕ ਨਾ ਲੈਂਦਿਆਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀਬੀਐਮਬੀ) ਅਤੇ ਪੰਜਾਬ ਸਰਕਾਰ ਵੱਲੋਂ ਇਸ ਸਾਲ ਵੀ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਸਮੇਂ ਸਿਰ ਘਟਾਉਣ ਲਈ ਲੋੜੀਂਦੇ ਕਦਮ ਨਾ ਚੁੱਕਣ ਕਾਰਨ ਲੱਖਾਂ ਏਕੜ ਫਸਲਾਂ ਤਬਾਹ ਹੋਈਆਂ ਅਤੇ ਪੰਜਾਬ ਵਾਸੀਆਂ ਨੂੰ ਕਰੋੜਾਂ ਰੁਪਏ ਦਾ ਆਰਥਿਕ ਨੁਕਸਾਨ ਝੱਲਣਾ ਪਿਆ। ਕਿਸਾਨ ਆਗੂ ਰਣ ਸਿੰਘ ਚੱਠਾ ਨੇ ਕਿਹਾ ਕਿ ਇਸ ਤਜਰਬੇ ਤੋਂ ਸਬਕ ਸਿੱਖਣ ਦੀ ਬਜਾਏ ਇਸ ਵਾਰ ਵੀ ਉਹੀ ਨੀਤੀ ਅਪਣਾਈ ਜਾ ਰਹੀ ਹੈ। ਚੱਠਾ ਨੇ ਦੱਸਿਆ ਕਿ ਹਰ ਸਾਲ ਬਰਸਾਤੀ ਮੌਸਮ ਤੋਂ ਪਹਿਲਾਂ ਡੈਮ ਵਿੱਚੋਂ ਪਾਣੀ ਹੌਲੀ-ਹੌਲੀ ਛੱਡ ਕੇ ਪੱਧਰ ਨੂੰ ਘਟਾਇਆ ਜਾਂਦਾ ਹੈ, ਪਰ ਇਸ ਵਾਰ ਸਮੇਂ ਸਿਰ ਪਾਣੀ ਰਿਲੀਜ਼ ਨਹੀਂ ਕੀਤਾ ਗਿਆ। ਚੱਠਾ ਨੇ ਕਿਹਾ ਕਿ ਅੱਜ ਦੇ ਦਿਨ ਦੇ ਮੁਕਾਬਲੇ ਭਾਖੜਾ ਡੈਮ ਵਿੱਚ ਇਸ ਸਮੇਂ ਕਰੀਬ 21 ਫੁੱਟ ਵੱਧ ਪਾਣੀ ਸਟੋਰ ਹੈ, ਜੋ ਭਵਿੱਖ ਵਿੱਚ ਖਤਰਨਾਕ ਸਥਿਤੀ ਪੈਦਾ ਕਰ ਸਕਦਾ ਹੈ। ਕਿਸਾਨ ਆਗੂ ਚੱਠਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਰ ਰੋਜ਼ ਕਰੀਬ ਅੱਧਾ ਫੁੱਟ ਪਾਣੀ ਛੱਡਣ ਦੀ ਗੱਲ ਕੀਤੀ ਜਾ ਰਹੀ ਹੈ, ਪਰ ਇਸ ਰਫ਼ਤਾਰ ਨਾਲ ਪਿਛਲੇ ਸਾਲ ਵਾਲੇ ਪੱਧਰ ਤੱਕ ਪਹੁੰਚਣ ਲਈ ਵੀਉ ਲਗਭਗ ਡੇਢ ਮਹੀਨਾ ਲੱਗੇਗਾ। ਇਸ ਦੌਰਾਨ ਮਾਨਸੂਨ ਅਤੇ ਪਹਾੜੀ ਇਲਾਕਿਆਂ ਤੋਂ ਆਉਣ ਵਾਲੇ ਵਾਧੂ ਪਾਣੀ ਕਾਰਨ ਹੜ੍ਹਾਂ ਦਾ ਖਤਰਾ ਬਣਿਆ ਰਹਿ ਸਕਦਾ ਹੈ ਉਨ੍ਹਾਂ ਦਰਿਆਵਾਂ ਦੇ ਕਿਨਾਰਿਆਂ ਅਤੇ ਨੀਵੇਂ ਇਲਾਕਿਆਂ ਵਿੱਚ ਰਹਿੰਦੇ ਲੋਕਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ। ਕਿਸਾਨ ਆਗੂ ਰਣ ਸਿੰਘ ਚੱਠਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੇਮ ਨਾਲਿਆਂ ਦੀ ਤੁਰੰਤ ਸਫਾਈ ਕਰਵਾਈ ਜਾਵੇ, ਦਰਿਆਵਾਂ ਦੇ ਕਮਜ਼ੋਰ ਬੰਨ੍ਹਾਂ ਨੂੰ ਪੱਥਰਾਂ ਅਤੇ ਜਾਲੀਆਂ ਨਾਲ ਮਜ਼ਬੂਤ ਕੀਤਾ ਜਾਵੇ ਅਤੇ ਸੰਭਾਵਿਤ ਹੜ੍ਹਾਂ ਨਾਲ ਨਜਿੱਠਣ ਲਈ ਪਹਿਲਾਂ ਤੋਂ ਪੁਖਤਾ ਪ੍ਰਬੰਧ ਯਕੀਨੀ ਬਣਾਏ ਜਾਣ। ਚੱਠਾ ਨੇ ਕਿਹਾ ਕਿ ਸਰਕਾਰ ਨੂੰ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਾਅ ਲਈ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਲੋਕਾਂ ਦੀ ਜਾਨ-ਮਾਲ ਅਤੇ ਫਸਲਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

# ਨਵੇਂ ਬੱਸ ਸਟੈਂਡ ਦਾ ਕੀਤਾ ਉਦਘਾਟਨ ਅਤੇ ਸ਼ਹੀਦ ਭਗਤ ਸਿੰਘ ਦੇ ਬੁੱਤ ਤੋਂ ਚੁੱਕਿਆ ਪਰਦਾ



ਖਨੌਰੀ 14 ਜੂਨ (ਸਤਨਾਮ ਸਿੰਘ ਕੰਬੋਜ) ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਪਿੰਡ ਕਰੋਂਦਾ ਵਿਖੇ ਲੱਖਾਂ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਬੱਸ ਸਟੈਂਡ ਦਾ ਉਦਘਾਟਨ ਕਰਦਿਆਂ ਲੋਕ ਅਰਪਿਤ ਕੀਤਾ ਅਤੇ ਪਿੰਡ ਵਿੱਚ ਲਗਾਏ ਗਏ ਸ਼ਹੀਦ ਭਗਤ ਸਿੰਘ ਦੇ ਬੁੱਤ ਤੋਂ ਪਰਦਾ ਚੁੱਕਣ ਦੀ ਰਸਮ ਦਾ ਕੀਤੀ, ਨਾਲ ਹੀ ਉਨ੍ਹਾਂ ਵਾਲਮੀਕੀ ਧਰਮਸ਼ਾਲਾ ਦੀ ਨਵੀਂ ਬਿਲਡਿੰਗ ਦਾ ਉਦਘਾਟਨ ਕਰਦਿਆਂ ਕਿਹਾ ਕਿ ਪਿੰਡ ਵਿੱਚ ਵਿਕਾਸ ਕੰਮਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ, ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦਾ ਬੁੱਤ ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਤੇ ਜਜ਼ਬਾ ਪੈਦਾ ਕਰਨ ਵਿੱਚ ਸਹਾਈ ਹੋਵੇਗਾ। ਉਹਨਾਂ ਕਿਹਾ ਕਿ ਸਮੁੱਚਾ ਗੋਇਲ ਪਰਿਵਾਰ ਹਲਕੇ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹੈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦਿੜ੍ਹਬਾ ਬਲਾਕ ਦੇ ਪਿੰਡ ਲਾਡਬਨਜਾਰਾ ਖੁਰਦ ਇਕਾਈ ਦੀ ਚੋਣ ਹੋਈ



ਦਿੜ੍ਹਬਾ ਮੰਡੀ, 14 ਜੂਨ (ਰਣਜੀਤ ਸਿੰਘ ਸ਼ੀਤਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦਿੜ੍ਹਬਾ ਬਲਾਕ ਦੇ ਪਿੰਡ ਇਕਾਈ ਲਾਡਬੰਨਜਾਰਾ ਖੁਰਦ ਦੀ ਪਿੰਡ ਇਕਾਈ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਚੋਣ ਸਰਬਸੰਮਤੀ ਨਾਲ ਬਲਾਕ ਆਗੂ ਬਲਦੇਵ ਸਿੰਘ ਉਭਿਆ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਵਿਖੇ ਹੋਈ,ਜਿਸ ਵਿੱਚ ਵਿਸ਼ੇਸ਼ ਤੌਰ ਤੇ ਸੂਬਾ ਆਗੂ ਦਿਲਬਾਗ ਸਿੰਘ ਹਰੀਗੜ੍ਹ ਅਤੇ ਜ਼ਿਲ੍ਹਾ ਆਗੂ ਗੁਰਮੇਲ ਸਿੰਘ ਕੈਂਪਰ ਨੇ ਸ਼ਿਰਕਤ ਕੀਤੀ,ਚੁਣੀ ਗਈ। ਚੁਣੀ ਗਈ ਇਕਾਈ ਵਿੱਚ ਵਰਿੰਦਰ ਸਿੰਘ ਬੰਟੀ ਨੂੰ ਪ੍ਰਧਾਨ ਚੁਣਿਆ ਗਿਆ ਹੈ ਜਦ ਕਿ ਬਲਦੇਵ ਸਿੰਘ ਸਕੱਤਰ, ਅਮਰਿੰਦਰ ਸਿੰਘ ਖਜਾਨਚੀ, ਕਰਮਜੀਤ ਸਿੰਘ ਸਕੱਤਰ, ਹਰਪ੍ਰੀਤ ਸਿੰਘ ਪ੍ਰੈਸ ਸਕੱਤਰ, ਸਰਨਜੀਤ ਸਿੰਘ ਮੀਤ ਪ੍ਰਧਾਨ, ਦਲਜਿੰਦਰ ਸਿੰਘ ਮੀਤ ਪ੍ਰਧਾਨ, ਅੰਮ੍ਰਿਤ ਸਿੰਘ ਪ੍ਰਚਾਰ ਸਕੱਤਰ ਚੁਣੇ ਗਏ ਹਨ।ਇਹਨਾਂ ਤੋਂ ਇਲਾਵਾ ਜਰਨੈਲ ਸਿੰਘ ਸਗੰਠਨ ਸਕੱਤਰ, ਕਰਮਜੀਤ ਸਿੰਘ,ਹਰਪ੍ਰੀਤ ਸਿੰਘ ਹੈਪੀ,ਸਲਾਹਕਾਰ ਹਰਮਿੰਦਰ ਸਿੰਘ,ਕਰਮ ਸਿੰਘ,ਪਰਵਿੰਦਰ ਸਿੰਘ,ਨਾਨਕ ਸਿੰਘ ਨੰਬਰਦਾਰ ਆਦਿ ਨੂੰ ਅਹੁਦੇਦਾਰ ਚੁਣਿਆ ਗਿਆ,ਕਮੇਟੀ ਮੈਂਬਰ ਬੀਰਬਲ ਸਿੰਘ,ਕਰਮ ਸਿੰਘ,ਜਸਵੀਰ ਸਿੰਘ,ਸੁਖਵਿੰਦਰ ਸਿੰਘ,ਗਿਆਨ ਸਿੰਘ,ਦਰਸ਼ਨ ਸਿੰਘ ਪੁੱਤਰ ਮਹਿੰਦਰ ਸਿੰਘ,ਸੰਦੀਪ ਸਿੰਘ,ਪਰਮਜੀਤ ਸਿੰਘ,ਸੁਖਵੀਰ ਸਿੰਘ,ਬਿੱਟੂ ਸਿੰਘ,ਰਾਮਫਲ ਸਿੰਘ, ਖੁਸ਼ਪ੍ਰੀਤ ਸਿੰਘ ਆਦਿ ਨੂੰ ਕਮੇਟੀ ਮੈਂਬਰ ਚੁਣਿਆ ਗਿਆ? ਮੀਟਿੰਗ ਦੌਰਾਨ ਕਿਸਾਨਾਂ, ਮਜ਼ਦੂਰਾਂ ਵੱਲੋਂ ਆਪਣੀਆਂ ਖੇਤੀ ਸਬੰਧੀ ਮੁਸ਼ਕਲਾਂ ਅਤੇ ਹੋਰ ਸਮੱਸਿਆਵਾਂ ਬਾਰੇ ਦੱਸਿਆ ਗਿਆ,ਜਿਸ ਦੌਰਾਨ ਜੱਥੇਬੰਦੀ ਦੇ ਆਗੂਆਂ ਵੱਲੋਂ ਉਨ੍ਹਾਂ ਮਸਲਿਆਂ ਨੂੰ ਹੱਲ ਕਰਨ ਲਈ ਇਕੱਠੇ ਹੋ ਕੇ ਹੰਭਲਾ ਮਾਰਨ ਦਾ ਸੱਦਾ ਦਿੱਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ,ਮਜ਼ਦੂਰਾਂ ਤੇ ਨਵੇਂ ਕਾਨੂੰਨ ਲਾਗੂ ਕੀਤੇ ਜਾ ਰਹੇ ਹਨ,ਜਿਵੇਂ ਕਿ ਅਮਰੀਕਾ ਭਾਰਤ ਟੈਕਸ ਮੁਕਤ ਵਪਾਰ ਸਮਝੌਤਾ,ਤੇਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ,ਬਿਜਲੀ ਸੋਧ ਬਿੱਲ 2025/ ਮਨਰੇਗਾ ਮਜ਼ਦੂਰਾਂ ਨੂੰ ਸਮੇਂ ਸਿਰ ਕੰਮ ਨਾ ਦੇਣਾ,ਬੈਂਕਾਂ ਵਿੱਚ ਨਗਦ ਰਾਸ਼ੀ ਦੀ ਵੱਡੀ ਦਿੱਕਤ,ਕੋਆਪਰੇਟਿਵ ਸੁਸਾਇਟੀ ਵਿੱਚ ਕਿਸਾਨਾਂ ਦੀਆਂ ਨਵੀਆਂ ਹੱਦ ਕਰਜ਼ਾ ਕਾਪੀਆਂ ਨਾ ਬਣਾਉਣਾ ਯੂਰੀਆ ਖਾਦ ਦੇ ਡੀਏਪੀ ਖਾਦਾਂ ਸਮੇਤ ਹੋਰ ਮੁੱਦਿਆਂ ਬਾਰੇ ਇਕੱਠੇ ਹੋ ਕੇ ਸੰਘਰਸ਼ ਕਰਨ ਦੀ ਲੋੜ ਤੇ ਜ਼ੋਰ ਦਿੱਤਾ। ਇਸ ਮੌਕੇ ਚਰਨਜੀਤ ਸਿੰਘ ਸੰਤਪੁਰਾ,ਲਾਭ ਸਿੰਘ ਗੁੱਜਰਾਂ,ਜਸਵੀਰ ਸਿੰਘ,ਹਰਵਿੰਦਰ ਸਿੰਘ,ਕਰਮ ਸਿੰਘ,ਨਾਨਕ ਸਿੰਘ ਨੰਬਰਦਾਰ,ਸੁਖਬੀਰ ਸਿੰਘ ਪੰਨੂ ਆਦਿ ਹਾਜ਼ਰ ਸਨ।



# ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਕਰੌਂਦਾ ਤੋਂ ਵੱਡੀ ਗਿਣਤੀ ਦੇ ਪਰਿਵਾਰ 'ਆਪ' ਵਿੱਚ ਹੋਏ ਸ਼ਾਮਲ

### ਨਵੇਂ ਬੱਸ ਸਟੈਂਡ ਅਤੇ ਸ਼ਹੀਦ ਭਗਤ ਸਿੰਘ ਦੇ ਬੁੱਤ ਦਾ ਕੀਤਾ ਉਦਘਾਟਨ, ਵਿਕਾਸ ਲਈ ਫੰਡਾਂ ਦੀ ਕਮੀ ਨਾ ਆਉਣ ਦੇਣ ਦਾ ਭਰੋਸਾ



ਮੂਨਕ, 14 ਜੂਨ (ਗੁਰਮੇਲ ਸਿੰਘ ਸੰਗਤਪੁਰਾ) ; ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਕਰੋਂਦਾ ਦੇ ਲਗਭਗ ਹਰ ਪਰਿਵਾਰ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਪਿੰਡ ਵਿੱਚ ਕਰਵਾਏ ਇੱਕ ਵਿਸ਼ਾਲ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਕੈਬਨਿਟ ਮੰਤਰੀ ਦੀ ਹਾਜ਼ਰੀ ਵਿੱਚ 'ਆਪ' ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਅਤੇ ਉਨ੍ਹਾਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਹਰ ਵਰਗ ਦੇ ਵਿਅਕਤੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਦੀ ਨਵੀਂ ਲਹਿਰ ਚੱਲ ਰਹੀ ਹੈ ਅਤੇ ਸੂਬਾ ਮੁੜ ਰੰਗਲਾ ਪੰਜਾਬ ਬਣਨ ਵੱਲ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਕੂਲ ਆਫ ਐਮੀਨੈਂਸ, ਆਮ ਆਦਮੀ ਕਲੀਨਿਕ, ਪੁਲਾਂ ਅਤੇ ਡਰੇਨਾਂ ਦੀ ਉਸਾਰੀ, ਹਰ ਪਰਿਵਾਰ ਨੂੰ 600 ਯੂਨਿਟ ਮੁਫ਼ਤ ਬਿਜਲੀ, 65 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ, ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਟੇਲਾਂ ਤੱਕ ਨਹਿਰੀ ਪਾਣੀ, ਪਿੰਡ-ਪਿੰਡ ਸਟੇਡੀਅਮਾਂ ਦੀ ਉਸਾਰੀ ਅਤੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣਾ ਪੰਜਾਬ ਸਰਕਾਰ ਦੀਆਂ ਇਤਿਹਾਸਕ ਪ੍ਰਾਪਤੀਆਂ ਹਨ। 'ਆਪ' ਵਿੱਚ ਸ਼ਾਮਲ ਹੋਏ ਪਿੰਡ ਵਾਸੀਆਂ ਨੇ ਕਿਹਾ ਕਿ ਉਹ ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਹਲਕੇ ਅਤੇ ਪਿੰਡ ਕਰੋਂਦਾ ਵਿੱਚ ਕਰਵਾਏ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਮੰਤਰੀ ਗੋਇਲ ਨੇ ਚਾਰ ਸਾਲਾਂ ਵਿੱਚ ਜਿੰਨੇ ਵਿਕਾਸ ਕਾਰਜ ਕਰਵਾਏ ਹਨ, ਉਹ ਪਿਛਲੀਆਂ ਸਰਕਾਰਾਂ ਦਹਾਕਿਆਂ ਵਿੱਚ ਵੀ ਨਹੀਂ ਕਰ ਸਕੀਆਂ। ਇਸ ਮੌਕੇ ਵੀਰਾ ਸਿੰਘ ਮੈਂਬਰ, ਜਿਲੇ ਸਿੰਘ ਪਰਜਾਪਤ, ਸਤਪਾਲ ਸਿੰਘ, ਗਜੇ ਸਿੰਘ, ਕ੍ਰਿਸ਼ਨ ਕੁਮਾਰ, ਮਨਦੀਪ ਸਿੰਘ, ਸੋਨੂ ਸਿੰਘ, ਜਿਲੇ ਸਿੰਘ, ਗੀਨਾ ਰਾਮ, ਵਿੱਕੀ, ਕਪਿਲ, ਸੰਦੀਪ, ਅਭਿਸ਼ੇਕ, ਜ਼ੋਰਾ ਸਿੰਘ, ਅਜੇ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੇ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸੈਂਕੜੇ ਪਾਰਟੀ ਆਗੂ ਅਤੇ ਵਲੰਟੀਅਰ ਵੀ ਮੌਜੂਦ ਰਹੇ। ਸਮਾਗਮ ਤੋਂ ਪਹਿਲਾਂ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਪਿੰਡ ਕਰੋਂਦਾ ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਬੱਸ ਸਟੈਂਡ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਬੁੱਤ ਤੋਂ ਪਰਦਾ ਚੁੱਕਣ ਦੀ ਰਸਮ ਅਦਾ ਕੀਤੀ ਅਤੇ ਵਾਲਮੀਕੀ ਧਰਮਸ਼ਾਲਾ ਦੀ ਨਵੀਂ ਇਮਾਰਤ ਦਾ ਵੀ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦਾ ਬੁੱਤ ਨੌਜਵਾਨਾਂ ਵਿੱਚ ਦੇਸ਼ਭਗਤੀ ਅਤੇ ਕੌਮੀ ਚੇਤਨਾ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਇਹ ਵੀ ਕਿਹਾ ਕਿ ਗੋਇਲ ਪਰਿਵਾਰ ਹਲਕੇ ਦੇ ਲੋਕਾਂ ਦੀ ਸੇਵਾ ਲਈ 24 ਘੰਟੇ ਸਮਰਪਿਤ ਹੈ। ਇਸ ਮੌਕੇ ਓਐਸਡੀ ਰਾਕੇਸ਼ ਕੁਮਾਰ ਗੁਪਤਾ, ਟਰੱਕ ਯੂਨੀਅਨ ਖਨੌਰੀ ਦੇ ਪ੍ਰਧਾਨ ਬੀਰਭਾਨ, ਸੁਰਿੰਦਰ ਕਾਂਸਲ, ਸੰਜੇ ਸਿੰਗਲਾ, ਪ੍ਰਵੀਨ ਕਰੋਂਦਾ, ਸ਼ਮਸ਼ੇਰ ਸਿੰਘ ਸਰਪੰਚ, ਰਿਸ਼ੀਪਾਲ, ਸੁਲਿੰਦਰ, ਰਾਮ ਕੁਮਾਰ, ਪ੍ਰੇਮ ਸਿੰਘ, ਦਾਨਾ ਰਾਮ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਪੁਸ਼ਪਿੰਦਰ ਸਿੰਘ ਲਖਮੀਰਵਾਲਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸੁਨਾਮ ਯੂਥ ਪ੍ਰਧਾਨ ਨਿਯੁਕਤ



ਸੁਨਾਮ ਊਧਮ ਸਿੰਘ ਵਾਲਾ, 14 ਜੂਨ ( ਰਾਜੂ ਸਿੰਗਲਾ/ ਰਾਜੇਸ਼ ਕੁਮਾਰ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੁਸ਼ਪਿੰਦਰ ਸਿੰਘ ਲਖਮੀਰਵਾਲਾ ਨੂੰ ਹਲਕਾ ਸੁਨਾਮ ਯੂਥ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਦੱਸਣਯੋਗ ਹੈ ਕਿ ਪੁਸ਼ਪਿੰਦਰ ਸਿੰਘ ਲਖਮੀਰਵਾਲਾ ਐਸਜੀਪੀਸੀ ਮੈਂਬਰ ਇੰਦਰਮੋਹਨ ਸਿੰਘ ਲਖਮੀਰਵਾਲਾ ਦੇ ਪੁੱਤਰ ਹਨ ਅਤੇ ਸਮਾਜਿਕ ਤੇ ਧਾਰਮਿਕ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਂਦੇ ਆ ਰਹੇ ਹਨ। ਉਹਨਾਂ ਦੀ ਨਿਯੁਕਤੀ ਨਾਲ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਆਸ ਜਤਾਈ ਹੈ ਕਿ ਉਹ ਯੂਥ ਵਿੰਗ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਆਪਣਾ ਅਹਿਮ ਯੋਗਦਾਨ ਪਾਉਣਗੇ। ਇਸ ਮੌਕੇ ਇਲਾਕੇ ਦੀਆਂ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਪੁਸ਼ਪਿੰਦਰ ਸਿੰਘ ਲਖਮੀਰਵਾਲਾ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।

## ਅਧਿਕ ਮਾਸ ਮੌਕੇ ਰੋਟਰੀ ਕਲੱਬ ਸਿਟੀ ਸੁਨਾਮ ਵੱਲੋਂ ਕੜ੍ਹੀ-ਚਾਵਲਾਂ ਦਾ ਅਤੁੱਟ ਲੰਗਰ ਲਗਾਇਆ



ਸੁਨਾਮ ਊਧਮ ਸਿੰਘ ਵਾਲਾ:14 ਜੂਨ (ਰਾਜੂ ਸਿੰਗਲਾ/ਰਾਜੇਸ਼ ਕੁਮਾਰ) ਅਧਿਕ ਮਾਸ ਦੇ ਪਾਵਨ ਮੌਕੇ 'ਤੇ ਸਥਾਨਕ ਬ੍ਰਹਮਸਿਰਾ ਮੰਦਰ ਦੇ ਬਾਹਰ ਰੋਟਰੀ ਕਲੱਬ ਸਿਟੀ ਸੁਨਾਮ ਵੱਲੋਂ ਸ਼ਰਧਾ ਅਤੇ ਸੇਵਾ ਭਾਵਨਾ ਨਾਲ ਕੜ੍ਹੀ-ਚਾਵਲਾਂ ਦਾ ਅਤੁੱਟ ਲੰਗਰ ਲਗਾਇਆ ਗਿਆ। ਇਸ ਧਾਰਮਿਕ ਅਤੇ ਸਮਾਜ ਸੇਵਾ ਨਾਲ ਜੁੜੇ ਉਪਰਾਲੇ ਦਾ ਆਯੋਜਨ ਕਲੱਬ ਦੇ ਪ੍ਰਧਾਨ ਰਾਜੀਵ ਮੱਖਣ, ਸਕੱਤਰ ਮੁਨੀਸ਼ ਮੋਨੂ ਅਤੇ ਖਜ਼ਾਨਚੀ ਰਾਜੇਸ਼ ਡੱਲਾ ਦੀ ਸਾਂਝੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੀਵ ਮੱਖਣ ਨੇ ਕਿਹਾ ਕਿ ਰੋਟਰੀ ਕਲੱਬ ਹਮੇਸ਼ਾ ਹੀ ਸਮਾਜ ਸੇਵਾ ਦੇ ਕਾਰਜਾਂ ਵਿੱਚ ਅੱਗੇ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ ਵਾਤਾਵਰਣ ਸੰਭਾਲ, ਸਫ਼ਾਈ ਅਭਿਆਨਾਂ ਅਤੇ ਲੋਕ ਭਲਾਈ ਨਾਲ ਜੁੜੇ ਹੋਰ ਕਾਰਜਾਂ ਦੇ ਨਾਲ-ਨਾਲ ਸਮੇਂ-ਸਮੇਂ 'ਤੇ ਲੋੜਵੰਦਾਂ ਨੂੰ ਭੋਜਨ ਮੁਹੱਈਆ ਕਰਵਾਉਣ ਲਈ ਅਜਿਹੇ ਲੰਗਰਾਂ ਦਾ ਆਯੋਜਨ ਵੀ ਕੀਤਾ ਜਾਂਦਾ ਹੈ, ਤਾਂ ਜੋ ਮਨੁੱਖਤਾ ਦੀ ਸੇਵਾ ਕੀਤੀ ਜਾ ਸਕੇ। ਇਸ ਧਾਰਮਿਕ ਅਤੇ ਸੇਵਾ ਭਾਵਨਾ ਨਾਲ ਭਰਪੂਰ ਸਮਾਗਮ ਨੂੰ ਸਫ਼ਲ ਬਣਾਉਣ ਲਈ ਆਸ਼ੂ, ਸੁਰਿੰਦਰ ਲੌਂਗੋਵਾਲੀਆ, ਸੁਰਿੰਦਰ ਸਿੰਧੀ, ਅਨਿਕ ਬਾਂਸਲ, ਦੀਪਕ ਸਿੰਗਲਾ, ਸੰਜੇ ਕਾਂਸਲ, ਧੀਰਜ, ਰਾਜੇਸ਼ ਮੱਪ, ਪ੍ਰਵੀਨ ਪੀਨਾ, ਲੱਕੀ ਗੋਇਲ, ਕੇਵਲ ਕ੍ਰਿਸ਼ਨ ਬੱਲੂ ਅਤੇ ਚੰਦਰਸ਼ੇਖਰ ਸਮੇਤ ਕਈ ਕਲੱਬ ਮੈਂਬਰਾਂ ਅਤੇ ਪਤਵੰਤਿਆਂ ਨੇ ਆਪਣੀਆਂ ਨਿਸ਼ਕਾਮ ਸੇਵਾਵਾਂ ਨਿਭਾਈਆਂ। ਇਸ ਮੌਕੇ ਲੰਗਰ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਾਮਲ ਹੋ ਕੇ ਪ੍ਰਸ਼ਾਦ ਗ੍ਰਹਿਣ ਕੀਤਾ ਅਤੇ ਰੋਟਰੀ ਕਲੱਬ ਸਿਟੀ ਸੁਨਾਮ ਦੇ ਇਸ ਲੋਕ ਭਲਾਈ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

## ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫਿਰੋਜ਼ਪੁਰ ਦੀ ਮਾਸਿਕ ਮੀਟਿੰਗ

ਫਿਰੋਜ਼ਪੁਰ, 14 ਜੂਨ (ਪ੍ਰੇਮ ਨਾਥ ਸ਼ਰਮਾ):ਪੰਜਾਬ ਗੌਰਮਿੰਟ ਪੈਨਸ਼ਨਰਜ਼ ਰਜਿ. ਐਸੋਸੀਏਸ਼ਨ ਫਿਰੋਜ਼ਪੁਰ ਦੀ ਇਕ ਮਾਸਿਕ ਮੀਟਿੰਗ ਅੱਜ ਜ਼ਿਲ੍ਹਾ ਪ੍ਰਧਾਨ ਗੁਰਪ੍ਰਤਾਪ ਸਿੰਘ ਦੀ ਪ੍ਰਧਾਨਗੀ ਹੇਠ ਸਫਲਤਾਪੂਰਵਕ ਸੰਪੰਨ ਹੋਈ। ਇਸ ਮੀਟਿੰਗ ਵਿਚ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਨ ਅਤੇ ਉਨ੍ਹਾਂ ਪ੍ਰਤੀ ਅਪਣਾਈ ਜਾ ਰਹੀ ਬੇਰੁਖ਼ੀ ਵਾਲੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਪ੍ਰਧਾਨ ਗੁਰਪ੍ਰਤਾਪ ਸਿੰਘ, ਸੁਰਿੰਦਰ ਕੁਮਾਰ ਜੋਸਨ, ਜਨਰਲ ਸਕੱਤਰ ਦੀਪਕ ਕੁਮਾਰ ਅਤੇ ਸੀਨੀਅਰ ਵਾਇਸ ਪ੍ਰਧਾਨ ਬੂਟਾ ਸਿੰਘ ਨੇ ਸੂਬਾ ਸਰਕਾਰ 'ਤੇ ਪੈਨਸ਼ਨਰਾਂ ਨਾਲ ਵਾਅਦਾ ਖਿਲਾਫੀ ਕਰਨ ਦੇ ਗੰਭੀਰ ਦੋਸ਼ ਲਗਾਏ। ਆਗੂਆਂ ਨੇ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਸਲਿਆਂ ਨੂੰ ਹੱਲ ਕਰਨ ਦੀ ਬਜਾਏ ਜਾਣਬੁੱਝ ਕੇ ਟਾਲ-ਮਟੋਲ ਵਾਲਾ ਰਵੱਈਆ ਅਪਣਾ ਰਹੀ ਹੈ, ਜਿਸ ਕਾਰਨ ਸਮੁੱਚੇ ਵਰਗ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਦੌਰਾਨ ਅਜੀਤ ਸਿੰਘ ਸੋਢੀ, ਦੇਵ ਰਾਜ ਨਰੂਲਾ, ਓਪੀ ਕਟਾਰੀਆ, ਹਰਜੀਤ ਸਿੰਘ ਅਤੇ ਪਰਮਜੀਤ ਸਿੰਘ ਸਮੇਤ ਹੋਰਨਾਂ ਆਗੂਆਂ ਨੇ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਵੱਲੋਂ ਅਦਾਲਤਾਂ ਰਾਹੀਂ ਜਿੱਤੀਆਂ ਗਈਆਂ ਹੱਕੀ ਰਿੱਟਾਂ ਦੇ ਬਾਵਜੂਦ, ਪੰਜਾਬ ਸਰਕਾਰ ਉਨ੍ਹਾਂ ਨੂੰ ਲਾਗੂ ਕਰਨ ਦੀ ਬਜਾਏ ਮਾਮਲੇ ਨੂੰ ਸੁਪਰੀਮ ਕੋਰਟ ਵਿਚ ਲੈ ਗਈ ਹੈ। ਸਰਕਾਰ ਦਾ ਇਹ ਕਦਮ ਸੇਵਾਮੁਕਤ ਮੁਲਾਜ਼ਮਾਂ ਨਾਲ ਇਕ ਬਹੁਤ ਵੱਡਾ ਧੋਖਾ ਹੈ। ਪੈਨਸ਼ਨਰ ਆਗੂਆਂ ਨੇ ਚੇਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਜੇਕਰ 'ਆਪ' ਸਰਕਾਰ ਨੇ ਆਪਣਾ ਲੋਕ-ਵਿਰੋਧੀ ਰਵੱਈਆ ਨਾ ਬਦਲਿਆ ਅਤੇ ਅਦਾਲਤਾਂ ਵਿਚ ਪੈਨਸ਼ਨਰਾਂ ਦੇ ਵਿਰੋਧ ਵਿਚ ਖੜ੍ਹਨਾ ਬੰਦ ਨਾ ਕੀਤਾ, ਤਾਂ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਸਰਕਾਰ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਸਾਫ਼ ਸ਼ਬਦਾਂ ਵਿਚ ਕਿਹਾ ਕਿ ਆਗਾਮੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਪੰਜਾਬ ਵਿੱਚ ਕਿਸੇ ਵੀ ਕੀਮਤ 'ਤੇ ਜਿੱਤਣ ਨਹੀਂ ਦਿੱਤਾ ਜਾਵੇਗਾ। ਮੀਟਿੰਗ ਦੇ ਵਿਚ ਸਮੂਹ ਮੈਂਬਰਾਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ 17 ਜੂਨ 2026 ਨੂੰ ਜਲੰਧਰ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਫਿਰੋਜ਼ਪੁਰ ਜ਼ਿਲ੍ਹੇ ਦੇ ਪੈਨਸ਼ਨਰ ਵੱਡੀ ਗਿਣਤੀ ਵਿਚ ਹਿੱਸਾ ਲੈ ਕੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨਗੇ।

## ਪੰਜਾਬ ਪੁਲਿਸ ਵੱਲੋਂ 529 ਥਾਈਂ ਛਾਪੇਮਾਰੀ; 302 ਗ੍ਰਿਫ਼ਤਾਰ

ਚੰਡੀਗੜ੍ਹ, 14 ਜੂਨ (ਜਨ ਜਾਗਰਣ ਬਿਊਰੋ)-ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 145ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 529 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 145ਵੇਂ ਦਿਨ ਪੁਲਿਸ ਟੀਮਾਂ ਨੇ ਚਾਰ ਹਥਿਆਰਾਂ ਸਮੇਤ 302 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 36,932 ਹੋ ਗਈਆਂ। ਇਸ ਤੋਂ ਇਲਾਵਾ 126 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ।

## ਖਨੌਰੀ ਦੇ ਸਮਾਜ ਸੇਵੀ ਜੰਗੀਰ ਸਿੰਘ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਈ

### ਗੁਰਦੁਆਰਾ ਬੇਗਮਪੁਰਾ ਧਾਮ ਵਿਖੇ ਹੋਈ ਅੰਤਿਮ ਅਰਦਾਸ, ਧਾਰਮਿਕ ਤੇ ਰਾਜਨੀਤਿਕ ਸ਼ਖਸੀਅਤਾਂ ਨੇ ਭੇਟ ਕੀਤੀ ਸ਼ਰਧਾਂਜਲੀ





ਖਨੌਰੀ, 14 ਜੂਨ (ਸਤਨਾਮ ਸਿੰਘ ਕੰਬੋਜ) ਖਨੌਰੀ ਦੇ ਪ੍ਰਸਿੱਧ ਸਮਾਜ ਸੇਵੀ ਸਵਰਗਵਾਸੀ ਜੰਗੀਰ ਸਿੰਘ ਦੇ ਭੋਗ ਦੀ ਅੰਤਿਮ ਅਰਦਾਸ ਗੁਰਦੁਆਰਾ ਬੇਗਮਪੁਰਾ ਧਾਮ, ਖਨੌਰੀ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਸੰਪੰਨ ਹੋਈ। ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸਮਾਗਮ ਦੌਰਾਨ ਠੇਕੇਦਾਰ ਮਹਾਵੀਰ ਸਿੰਘ ਕੌਂਸਲਰ, ਠੇਕੇਦਾਰ ਜਸਵਿੰਦਰ ਸਿੰਘ ਜੱਸੂ ਅਤੇ ਪਰਿਵਾਰਕ ਮੈਂਬਰਾਂ ਵੱਲੋਂ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜੰਗੀਰ ਸਿੰਘ ਨੇ ਆਪਣਾ ਸਾਰਾ ਜੀਵਨ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕਾਰਜਾਂ ਲਈ ਸਮਰਪਿਤ ਕੀਤਾ, ਜਿਸ ਕਾਰਨ ਉਹ ਹਮੇਸ਼ਾ ਲੋਕਾਂ ਦੇ ਦਿਲਾਂ ਵਿੱਚ ਵੱਸਦੇ ਰਹਿਣਗੇ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਵਰਿੰਦਰ ਗੋਇਲ, ਡਾ. ਅਵਤਾਰ ਸਿੰਘ ਕਰੀਮਪੁਰੀ (ਸੂਬਾ ਪ੍ਰਧਾਨ ਬਸਪਾ), ਰਾਹੁਲਇੰਦਰ ਸਿੰਘ ਸਿੱਧੂ (ਕਾਂਗਰਸ), ਦੁਰਲੱਭ ਸਿੱਧੂ, ਮਾਸਟਰ ਅਮਰਜੀਤ ਸਿੰਘ ਝਲੂਰ, ਡਾ. ਮੱਖਣ ਸਿੰਘ (ਸੂਬਾ ਸਕੱਤਰ ਬਸਪਾ), ਪਰਮਿੰਦਰ ਸਿੰਘ ਢੀਂਡਸਾ (ਸਾਬਕਾ ਮੰਤਰੀ), ਇਕਬਾਲ ਸਿੰਘ ਝੂੰਦਾ (ਸਾਬਕਾ ਵਿਧਾਇਕ), ਰਾਮਨਿਵਾਸ ਗਰਗ (ਸਾਬਕਾ ਪ੍ਰਧਾਨ) ਸਮੇਤ ਵੱਖ-ਵੱਖ ਰਾਜਨੀਤਿਕ ਆਗੂਆਂ ਨੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸਾਰੇ ਵਾਰਡਾਂ ਦੇ ਕੌਂਸਲਰਾਂ, ਬਲਵਿੰਦਰ ਸਿੰਘ, ਅੰਕੁਰ ਸਿੰਗਲਾ, ਹਰਬੰਸ ਲਾਲ, ਵਿਸ਼ਾਲ ਗੋਇਲ, ਕੁਲਦੀਪ ਪੂਨੀਆ, ਸੁਭਾਸ਼ ਗੋਇਲ, ਪਵਨ ਕੁਮਾਰ, ਜੋਰਾ ਸਿੰਘ ਉਪਲ, ਡਾ. ਰਾਜ ਕੁਮਾਰ (ਹਲਕਾ ਪ੍ਰਧਾਨ ਬਸਪਾ), ਸਰਬਜੀਤ ਖੇੜਾ, ਡਾ. ਸਰੂਪ, ਸੁਰਿੰਦਰ ਸੰਗਰੋਲੀ, ਜਤਿੰਦਰ ਸ਼ਰਮਾ, ਗੁਰਮੇਲ ਸਿੰਘ, ਭੂਰਾ ਲਹਿਲ, ਹਰਦੀਪ ਨੰਬਰਦਾਰ, ਮੇਵਾ ਪਵਾਰ, ਸਤਨਾਮ ਸਿੰਘ ਕੰਬੋਜ, ਬਲਰਾਜ ਸ਼ਰਮਾ, ਸ਼ਮਸ਼ੇਰ ਕਾਜਲ, ਰਾਜੂ ਢਾਬੀ, ਸੁਰੇਲ ਸਰਪੰਚ, ਬਾਬਾ ਜਗਦੀਸ਼ ਸਿੰਘ ਮੰਡਵੀ, ਹਰਪ੍ਰੀਤ ਹੈਪੀ, ਕਰਮਜੀਤ ਜੱਸੀ,ਜਗਜੀਤ ਸਿੰਘ ਗੋਠਵਾਲ, ਰਾਮਦਾਸ ਭੁਕਲ ਅਤੇ ਹੋਰ ਅਨੇਕਾਂ ਪਤਵੰਤੇ ਸੱਜਣਾਂ ਨੇ ਹਾਜ਼ਰੀ ਭਰ ਕੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਸਮਾਗਮ ਦੌਰਾਨ ਇਲਾਕੇ ਦੀਆਂ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਕਮੇਟੀਆਂ ਵੱਲੋਂ ਵੀ ਸ਼ੋਕ ਸੰਦੇਸ਼ ਭੇਜੇ ਗਏ। ਹਾਜ਼ਰ ਸ਼ਖ਼ਸੀਅਤਾਂ ਨੇ ਕਿਹਾ ਕਿ ਜੰਗੀਰ ਸਿੰਘ ਦੇ ਸਮਾਜਿਕ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਉਨ੍ਹਾਂ ਦੀ ਘਾਟ ਕਦੇ ਪੂਰੀ ਨਹੀਂ ਹੋ ਸਕੇਗੀ।

## ਹਰਬੰਸ ਭੀਲਾ ਸਰਬਸੰਮਤੀ ਨਾਲ ਬਣੇ ਰੇਲਵੇ ਸੇਵਾ ਪਾਣੀ ਦਲ ਦੇ ਪ੍ਰਧਾਨ



ਮਾਨਸਾ 14 ਜੂਨ (ਬਲਜੀਤ ਪਾਲ): ਸਮਾਜਸੇਵੀ ਹਰਬੰਸ ਲਾਲ ਭੀਲਾ ਨੂੰ ਸਰਬਸੰਮਤੀ ਨਾਲ ਅੱਜ ਰੇਲਵੇ ਸੇਵਾ ਪਾਣੀ ਦਲ ਮਾਨਸਾ ਦਾ ਪ੍ਰਧਾਨ ਚੁਣ ਲਿਆ ਗਿਆ।ਦਲ ਦੇ 50 ਦੇ ਕਰੀਬ ਮੈਂਬਰਾਂ ਨੇ ਰੇਲਵੇ ਸਟੇਸ਼ਨ ਤੇ ਇਕ ਇਕੱਤਰਤਾ ਕਰਕੇ ਹਰਬੰਸ ਲਾਲ ਭੀਲਾ ਦੇ ਨਾਂ ਤੇ ਪ੍ਰਧਾਨਗੀ ਲਈ ਸਹਿਮਤੀ ਪ੍ਰਗਟਾਈ।ਭੀਲਾ ਨੂੰ ਸੇਵਾ ਦਲ ਦੇ ਬਾਕੀ ਅਹੁਦੇਦਾਰਾਂ ਦੀ ਚੋਣ ਕਰਨ ਦੇ ਵੀ ਅਧਿਕਾਰ ਦਿੱਤੇ ਗਏ ਹਨ। ਆਉਂਦੇ ਦਿਨਾਂ ਚ ਬਾਕੀ ਅਹੁਦੇਦਾਰਾਂ ਦੀ ਚੋਣ ਕੀਤੀ ਜਾਵੇਗੀ। ਰੇਲਵੇ ਸੇਵਾ ਪਾਣੀ ਦਲ ਮਾਨਸਾ ਦੇ ਪ੍ਰਧਾਨ ਹਰਬੰਸ ਲਾਲ ਭੀਲਾ ਨੇ ਕਿਹਾ ਕਿ ਸੇਵਾ ਹੀ ਕਰਮ,ਧਰਮ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਦਲ ਦਾਨੀਆਂ, ਸ਼ਹਿਰੀਆਂ ਦੇ ਸਹਿਯੋਗ ਸਹਾਰੇ ਨਾਲ ਲੰਮੇ ਸਮੇਂ ਤੋਂ ਚੱਲ ਰਿਹਾ ਹੈ।ਜੋ ਸਾਡੇ ਆਤਮਿਕ ਸਕੂਨ ਨਾਲ ਜੁੜਿਆ ਹੋਇਆ ਹੈ।ਭੀਲਾ ਨੇ ਕਿਹਾ ਕਿ ਅਜਿਹੇ ਪੁੰਨ ਦੇ ਕਾਰਜਾਂ ਦਾ ਹਿੱਸਾ ਬਨਣ ਦਾ ਜੋ ਮੌਕਾ ਮਿਲਿਆ ਹੈ, ਉਸਨੂੰ ਹੋਰ ਜਗਿਆਸੂ ਬਣਾ ਕੇ ਚੱਲਦਾ ਰੱਖਣ ਦੀ ਕੋਸ਼ਿਸ਼ ਹੋਵੇਗੀ। ਉਨ੍ਹਾਂ ਕਿਹਾ ਕਿ ਦਲ ਦਾ ਹਰ ਵਿਅਕਤੀ ਇਕ ਸੰਸਥਾ ਹੈ ਤੇ ਪਾਣੀ ਦੀ ਇਹ ਸੇਵਾ ਸਹਿਯੋਗ, ਸ਼ਰਧਾ ਸਹਾਰੇ ਨਾਲ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਅੱਜ ਸਿਖਰਾਂ ਦੀ ਗਰਮੀ ਦੇ ਦਿਨਾਂ ਚ ਠੰਡੇ ਪਾਣੀ ਦੀ ਯਾਤਰੀਆਂ ਦੀ ਸੇਵਾ ਚ ਸ਼ਹਿਰੀ ਵੱਧ ਤੋਂ ਵੱਧ ਯੋਗਦਾਨ ਦੇ ਰਹੇ ਹਨ।ਇਸ ਮੌਕੇ ਸਮਾਜਸੇਵੀ ਜਤਿੰਦਰ ਆਗਰਾ,ਡਾ ਅਵਤਾਰ ਸਿੰਘ, ਮੱਖਣ ਗੋਇਲ ਨੰਗਲ, ਰਾਜਿੰਦਰ ਭੰਮਾ, ਸ਼ਿਵਚਰਨ ਸੂਚਨ, ਹੁਕਮ ਚੰਦ, ਤੇਲੂ ਰਾਮ,ਵਰਿੰਦਰ ਭਲਵਾਨ, ਦਵਾਰਕਾ ਦਾਸ, ਰਮੇਸ਼ ਵਰਮਾ, ਸੰਮੀ ਗਰਗ, ਭਾਨਾ ਨੰਗਲੀਆ, ਭਗਵਾਨ ਦਾਸ ਮਿੱਤਲ, ਸਤੀਸ਼ ਬੌਬੀ , ਪੂਰਨ ਸਿੰਘ ਸੈਕਟਰੀ, ਵਿੰਦਰ, ਜਗਨ ਨਾਥ ਕੋਕਲਾਂ, ਮਨਜੀਤ ਸਿੰਘ, ਤਰਸੇਮ ਮੋਹਨੀ ਆਦਿ ਹਾਜ਼ਰ ਸਨ।ਇਸ ਦੌਰਾਨ ਲੱਡੂ ਵੰਡਕੇ ਸਭਨਾਂ ਨੇ ਸੇਵਾ ਦੇ ਇਸ ਕਾਰਜ ਨੂੰ ਨਿਰੰਤਰ ਜਾਰੀ ਰੱਖਣ ਦਾ ਸੰਕਲਪ ਲਿਆ।

## ਸਰਦੂਲਗੜ੍ਹ 'ਚ ਅਧੁਨਿਕ ਖੇਡ ਮੈਦਾਨ ਤੇ ਇਨਡੋਰ ਸਟੇਡੀਅਮ ਦੀ ਮੰਗ

### ਆਮ ਸਰਕਾਰ ਸਰਦੂਲਗੜ੍ਹ ਨੂੰ ਵਿਸ਼ੇਸ਼ ਪੈਕੇਜ ਦੇਕੇ ਅਧੁਨਿਕ ਖੇਡ ਸਹੂਲਤਾਂ ਪ੍ਰਦਾਨ ਕਰੇ



ਮਾਨਸਾ/ਸਰਦੂਲਗੜ੍ਹ 14 ਜੂਨ (ਬਲਜੀਤ ਪਾਲ): ਮਾਨਸਾ ਜ਼ਿਲ੍ਹੇ ਦੀ ਤਹਿਸੀਲ ਸਰਦੂਲਗੜ੍ਹ ਵਿੱਚ ਖੇਡ ਮੈਦਾਨ, ਇਨਡੋਰ ਸਟੇਡੀਅਮ ਅਤੇ ਪਾਰਕ ਦੀ ਅਣਹੋਂਦ ਨੂੰ ਲੋਕਾਂ ਨੇ ਮਨੁੱਖੀ ਹੱਕਾਂ ਨਾਲ ਜੁੜਿਆ ਗੰਭੀਰ ਮਸਲਾ ਕਰਾਰ ਦਿੱਤਾ ਹੈ। ਇਹ ਮਸਲਾ ਮਾਨਸਾ ਵਿਖੇ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਵੱਲੋਂ ਕਰਵਾਏ ਗਏ ਖੁੱਲ੍ਹੀ ਸੁਣਵਾਈ ਪ੍ਰੋਗਰਾਮ ਦੌਰਾਨ ਉੱਭਰ ਕੇ ਸਾਹਮਣੇ ਆਇਆ। ਇਸ ਮੌਕੇ ਜਨਤਾ ਵੱਲੋਂ ਮਨੁੱਖੀ ਅਧਿਕਾਰ ਕਮਿਸ਼ਨ ਵਲੋਂ ਮਾਨਸਾ ਜ਼ਿਲ੍ਹੇ ਦੀ ਬਣਾਈ ਗਈ ਕੋਰ ਕਮੇਟੀ ਦੇ ਮੈਂਬਰ ਵਿਸ਼ਵਦੀਪ ਸਿੰਘ ਬਰਾੜ ਨੇ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਸਰਦੂਲਗੜ੍ਹ ਸ਼ਹਿਰ ਦੇ ਨੌਜਵਾਨਾਂ ਲਈ ਖੇਡ ਮੈਦਾਨ ਜਾਂ ਇਨਡੋਰ ਸਟੇਡੀਅਮ ਦੀ ਕੋਈ ਵੀ ਢੰਗ ਦੀ ਸਹੂਲਤ ਮੌਜੂਦ ਨਹੀਂ ਹੈ, ਜਿਸ ਕਾਰਨ ਨੌਜਵਾਨਾਂ ਦੀ ਖੇਡਾਂ ਅਤੇ ਸਿਹਤਮੰਦ ਗਤੀਵਿਧੀਆਂ ਵੱਲ ਰੁਚੀ ਪ੍ਰਭਾਵਿਤ ਹੋ ਰਹੀ ਹੈ। ਇਸ ਦੇ ਨਾਲ ਹੀ ਬੱਚਿਆਂ ਅਤੇ ਬਜ਼ੁਰਗਾਂ ਲਈ ਵੀ ਕੋਈ ਐਸੀ ਜਗ੍ਹਾ ਨਹੀਂ ਹੈ ਜਿੱਥੇ ਉਹ ਸਾਫ਼-ਸੁਥਰੇ ਅਤੇ ਸ਼ੁੱਧ ਵਾਤਾਵਰਣ ਵਿੱਚ ਸੈਰ ਜਾਂ ਮਨੋਰੰਜਨ ਕਰ ਸਕਣ। ਉਹਨਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ 3000 ਤੋਂ ਵੱਧ ਸਟੇਡੀਅਮ ਬਣਾ ਰਹੀ ਹੈ ਉਥੇ ਵੱਡੀ ਅਬਾਦੀ ਵਾਲੇ ਸ਼ਹਿਰ ਸਰਦੂਲਗੜ੍ਹ ਵਿੱਚ ਚੰਗੇ ਖੇਡ ਮੈਦਾਨ ਦੀ ਅਣਹੋਂਦ ਆਪਣੇ ਆਪ ਵਿੱਚ ਅਚੰਭੇ ਤੋਂ ਘੱਟ ਨਹੀਂ ਹੈ ਅਤੇ ਇਸ ਲਈ ਸਮੂਹ ਸੰਸਥਾਵਾਂ ਤੇ ਖੇਡ ਵਿਭਾਗ ਵਲੋਂ ਰਲ ਕੇ ਕੋਈ ਕਦਮ ਫੌਰਨ ਚੁੱਕਿਆ ਜਾਣਾ ਚਾਹੀਦਾ ਹੈ। ਵਿਸ਼ਵਦੀਪ ਸਿੰਘ ਬਰਾੜ ਨੇ ਮੰਗ ਕੀਤੀ ਕਿ ਨਗਰ ਪੰਚਾਇਤ ਦੀ ਉਪਲਬਧ ਜ਼ਮੀਨ ਵਿੱਚ ਮੁੱਖ ਮੰਤਰੀ ਖੇਡ ਮੈਦਾਨ ਯੋਜਨਾ ਤਹਿਤ ਤੁਰੰਤ ਖੇਡ ਮੈਦਾਨ ਦੀ ਉਸਾਰੀ ਕਰਵਾਈ ਜਾਵੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਘੱਗਰ ਦਰਿਆ ਦੇ ਨਾਲ-ਨਾਲ ਇੱਕ ਸੁੰਦਰ ਅਤੇ ਆਧੁਨਿਕ ਪਾਰਕ ਦਾ ਨਿਰਮਾਣ ਕੀਤਾ ਜਾਵੇ ਤਾਂ ਜੋ ਸ਼ਹਿਰ ਵਾਸੀਆਂ ਨੂੰ ਵਧੀਆ ਵਾਤਾਵਰਣ ਅਤੇ ਸਿਹਤਮੰਦ ਜੀਵਨ ਲਈ ਲੋੜੀਂਦੀਆਂ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਅਤੇ ਪਾਰਕ ਵਰਗੀਆਂ ਬੁਨਿਆਦੀ ਸਹੂਲਤਾਂ ਹਰ ਸ਼ਹਿਰ ਦੇ ਲੋਕਾਂ ਦਾ ਅਧਿਕਾਰ ਹਨ ਅਤੇ ਸਰਕਾਰ ਨੂੰ ਇਸ ਮਾਮਲੇ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਨਾ ਚਾਹੀਦਾ ਹੈ।

## ਸ਼ਹੀਦ ਊਧਮ ਸਿੰਘ ਕਾਲਜ ਮਹਿਲਾਂ ਦੇ ਪੀਜੀਡੀਸੀਏ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ

ਦਿੜ੍ਹਬਾ ਮੰਡੀ, 14 ਜੂਨ (ਰਣਜੀਤ ਸਿੰਘ ਸ਼ੀਤਲ)- ਸ਼ਹੀਦ ਊਧਮ ਸਿੰਘ ਕਾਲਜ ਆਫ਼ ਮੈਨੇਜਮੈਂਟ, ਆਰਟਸ ਐਂਡ ਕੰਪਿਊਅਰ ਸਾਇੰਸ ਮਹਿਲਾਂ ਚੌਂਕ ਦੇ ਪੀਜੀਡੀਸੀਏ ਸਮੈਸਟਰ ਪਹਿਲਾ ਸੈਸ਼ਨ ਦਸੰਬਰ 2@25 ਦੀ ਪ੍ਰੀਖਿਆ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਵਾਈਸ ਚੇਅਰਮੈਨ ਕੌਰ ਸਿੰਘ ਡੁੱਲਟ ਨੇ ਦੱਸਿਆ ਕਿ ਇਸ ਨਤੀਜੇ ਵਿੰਚ ਰਮਨਿੰਦਰ ਕੌਰ ਸਪੁੱਤਰੀ ਕੁਲਵੰਤ ਸਿੰਘ ਨੇ 86.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦ ਕਿ ਲਵਪ੍ਰੀਤ ਸਿੰਘ ਸਪੁੱਤਰ ਕੇਸਰ ਸਿੰਘ ਨੇ 86 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਗਗਨਦੀਪ ਕੌਰ ਸਪੁੱਤਰੀ ਲਾਭ ਸਿੰਘ ਨੇ 85 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਵਿਦਿਆਰਥੀਆਂ ਦੀ ਵਧੀਆ ਕਾਰਗੁਜ਼ਾਰੀ ਲਈ ਸੰਸਥਾ ਦੇ ਚੇਅਰਮੈਨ ਰਾਓਇੰਦਰ ਸਿੰਘ ਅਤੇ ਵਾਈਸ ਚੇਅਰਮੈਨ ਕੌਰ ਸਿੰਘ ਡੁੱਲਟ, ਪ੍ਰਿੰਸੀਪਲ ਕੁਲਵੰਤ ਕੌਰ, ਐਚਓਡੀ ਸਰਬਜੀਤ ਕੌਰ ਅਤੇ ਸਮੂਹ ਸਟਾਫ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ ਦੀ ਜ਼ੋਰਦਾਰ ਪ੍ਰਸ਼ੰਸਾ ਕੀਤੀ ਅਤੇ ਭਵਿਖ ਵਿੱਚ ਹੋਰ ਵੀ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।

## ਪਟਿਆਲਾ ਦਿਹਾਤੀ ਤੋਂ ਉਮੀਦਵਾਰ ਮਨਜੀਤ ਸਿੰਘ ਚਾਹਲ ਦੇ ਚੋਣ ਦਫ਼ਤਰ ਦਾ ਉਦਘਾਟਨ: ਅਜੇਪਾਲ ਸਿੰਘ ਬਰਾੜ

ਪਟਿਆਲਾ 14 ਜੂਨ (ਜਨ ਜਾਗਰਣ ਬਿਊਰੋ)-ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਨੂੰ ਲੈ ਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਆਪਣੀਆਂ ਚੋਣ ਸਰਗਰਮੀਆਂ ਨੂੰ ਆਰੰਭ ਲਿਆ ਹੈ। ਇਸੇ ਲੜੀ ਤਹਿਤ ਮਿਸਲ ਸਤਲੁਜ ਜਥੇਬੰਦੀ ਵੱਲੋਂ ਅੱਜ ਪਟਿਆਲਾ ਵਿਖੇ ਕਰਵਾਈ ਗਈ ਵਿਸ਼ਾਲ 'ਚੜ੍ਹਦੀ ਕਲਾ ਰੈਲੀ' ਦੌਰਾਨ ਪੰਥਕ, ਮੁਲਾਜ਼ਮ ਆਗੂ ਸਰਦਾਰ ਮਨਜੀਤ ਸਿੰਘ ਚਾਹਲ ਨੂੰ ਪਟਿਆਲਾ ਦਿਹਾਤੀ ਵਿਧਾਨ ਸਭਾ ਹਲਕੇ ਤੋਂ ਮਿਸਲ ਸਤਲੁਜ ਜਥੇਬੰਦੀ ਜਥੇਬੰਦੀ ਦਾ ਉਮੀਦਵਾਰ ਐਲਾਨਿਆ ਗਿਆ। ਇਸ ਮੌਕੇ ਇੱਕ ਸਾਧੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਮਿਸਲ ਸਤਲੁਜ ਜਥੇਬੰਦੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਵੱਲੋਂ ਸਰਦਾਰ ਮਨਜੀਤ ਸਿੰਘ ਚਾਹਲ ਦੇ ਚੋਣ ਦਫ਼ਤਰ ਦਾ ਉਦਘਾਟਨ ਵੀ ਕੀਤਾ ਗਿਆ।







# ਪੰਜਾਬ ਸਰਕਾਰ ਵਲੋਂ ਨਿਯੁਕਤ ਚੇਅਰਮੈਨ ਰਾਮਗੜ੍ਹੀਆ ਬੋਰਡ ਮਨਜੀਤ ਸਿੰਘ ਔਲਖ ਦਾ ਮੂੰਹ ਮਿੱਠਾ ਕਰਵਾਇਆ ਵਿਧਾਇਕ ਭੁੱਲਰ, ਦਹੀਆਂ, ਸਰਾਰੀ ਨੇ

ਜਨ ਜਾਗਰਣ ਬਿਊਰੋ



**ਫਿਰੋਜ਼ਪੁਰ (ਪ੍ਰੇਮ ਨਾਥ ਸ਼ਰਮਾ):** ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਵਲੋਂ ਵੱਖ-ਵੱਖ ਵੈੱਲਫੇਅਰ ਬੋਰਡਾਂ ਦੇ ਚੇਅਰਮੈਨ ਨਿਯੁਕਤ ਕੀਤੇ ਜਿਸ ਵਿਚ ਮਨਜੀਤ ਸਿੰਘ ਔਲਖ ਨੂੰ ਚੇਅਰਮੈਨ ਤੇ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਪੰਜਾਬ ਸਰਕਾਰ ਨਿਯੁਕਤ ਕੀਤਾ ਗਿਆ ਹੈ। ਨਵ ਨਿਯੁਕਤ ਚੇਅਰਮੈਨ ਮਨਜੀਤ ਸਿੰਘ ਔਲਖ ਨੇ ਭਾਈਚਾਰੇ ਦੇ ਵੱਡੇ ਕਾਫਲੇ ਨਾਲ ਰਣਬੀਰ ਸਿੰਘ ਭੁੱਲਰ ਐਮ ਐਲ ਏ ਫਿਰੋਜ਼ਪੁਰ ਸ਼ਹਿਰੀ ਅਤੇ ਡਾਕਟਰ ਅਮਨਦੀਪ ਕੌਰ ਗੋਸਲ ਯੁੱਧ ਨਸ਼ਿਆਂ ਵਿਰੁੱਧ ਹਲਕਾ ਕੋਆਰਡੀਨੇਟਰ ਫਿਰੋਜ਼ਪੁਰ ਸਹਿਰੀ ਤੇ ਰਜਨੀਸ਼ ਕੁਮਾਰ ਦਯੀਆ ਐਮ ਐਲ ਏ ਫਿਰੋਜ਼ਪੁਰ ਦਿਹਾਤੀ ਤੇ ਫੌਜਾ ਸਿੰਘ ਸਰਾਰੀ ਐਮ ਐਲ ਏ ਗੁਰੂ ਹਰਸਹਾਏ, ਜੁਗਰਾਜ ਸਿੰਘ ਕਟੋਰਾ ਚੈਅਰਮੈਨ ਮਾਰਕੀਟ ਕਮੇਟੀ ਫਿਰੋਜ਼ਪੁਰ ਦਾ ਧੰਨਵਾਦ ਕੀਤਾ ਅਤੇ ਰਣਬੀਰ ਸਿੰਘ ਭੁੱਲਰ ਨੇ ਮੂੰਹ ਮਿੱਠਾ ਕਰਵਾਇਆ। ਭਾਈਚਾਰੇ ਨੂੰ ਵਧਾਈਆਂ ਦਿੱਤੀਆਂ ਸਰਜਨੀਸ਼ ਕੁਮਾਰ ਦਹੀਆ ਨੇ ਚੈਅਰਮੈਨ ਔਲਖ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਮਨਜੀਤ ਸਿੰਘ ਔਲਖ ਬਹੁਤ ਹੀ ਇਮਾਨਦਾਰ ਅਤੇ ਨੇਕ ਸੁਭਾਅ ਦੇ ਵਿਅਕਤੀ ਨੇ ਰਾਮਗੜ੍ਹੀਆ ਸਮਾਜ ਨੂੰ ਨਾਲ ਲੈਕੇ ਅੱਗੇ ਵਧਣਗੇ। ਵਿਧਾਇਕ ਨੇ ਸਾਰੀ ਰਾਮਗੜ੍ਹੀਆ ਕੌਮ ਨੂੰ ਵਧਾਈ ਦਿੱਤੀ ਤੇ ਫੌਜਾ ਸਿੰਘ ਸਰਾਰੀ ਐਮ ਐਲ ਏ ਹਲਕਾ ਗੁਰੂ ਹਰਸਹਾਏ ਨੇ ਮਨਜੀਤ ਸਿੰਘ ਔਲਖ ਦਾ ਮੂੰਹ ਮਿੱਠਾ ਕਰਵਾਇਆ ਅਤੇ ਵਧਾਈ ਦਿੰਦਿਆਂ ਕਿਹਾ ਇਸ ਨਿਯੁਕਤੀ ਨਾਲ ਜ਼ਿਲ੍ਹਾ ਫਿਰੋਜ਼ਪੁਰ ਨੂੰ ਬਹੁਤ ਵੱਡਾ ਫਾਇਦਾ ਹੋਵੇਗਾ ਅਤੇ ਇਸ ਮੌਕੇ ਸਮੂਹ ਰਾਮਗੜ੍ਹੀਆ ਭਾਈਚਾਰੇ ਵਲੋਂ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਹਲਕਾ ਵਿਧਾਇਕਾਂ ਦਾ ਧੰਨਵਾਦ ਕੀਤਾ। ਰਾਮਗੜ੍ਹੀਆ ਭਲਾਈ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਪੰਜਾਬ ਸਰਕਾਰ ਮਨਜੀਤ ਸਿੰਘ ਔਲਖ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ, ਅਮਨ ਅਰੋੜਾ ਪੰਜਾਬ ਪ੍ਰਧਾਨ ਆਮ ਆਦਮੀ ਪਾਰਟੀ ਤੇ ਸਤਪਾਲ ਸਿੰਘ ਸੋਖੀ ਚੈਅਰਮੈਨ ਰਾਮਗੜ੍ਹੀਆ ਬੋਰਡ ਪੰਜਾਬ ਸਰਕਾਰ ਦਾ ਤਹਿ ਦਿਲੋਂ ਤੋਂ ਧੰਨਵਾਦ ਕਰਦਾ ਹਾਂ ਪਾਰਟੀ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਰਾਮਗੜ੍ਹੀਆ ਬਰਾਦਰੀ ਦੀ ਭਲਾਈ ਲਈ ਵਚਨਬੱਧ ਰਹਾਂਗਾ। ਇਸ ਮੌਕੇ ਗੁਰਸ਼ਰਨ ਸਿੰਘ ਬਗਦਾਦੀ ਗੇਟ, ਭਾਈ ਜਸਪਾਲ ਸਿੰਘ ਕੌਮੀ ਮੀਤ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਹਰਨੇਕ ਸਿੰਘ ਮਠਾੜੂ, ਕੁਲਦੀਪ ਸਿੰਘ ਕਾਰਾ ਵਾਲੇ, ਗੁਰਸ਼ਰਨ ਸਿੰਘ ਬਗਦਾਦੀ ਗੇਟ, ਸ਼ਮਸ਼ੇਰ ਸਿੰਘ ਕਲਸੀ, ਸਰਬਜੀਤ ਸਿੰਘ ਜੱਬਲ, ਗੁਰਸੇਵਕ ਸਿੰਘ ਗੁਰੂ ਹਰਸਹਾਏ, ਅੰਗਰੇਜ ਸਿੰਘ ਫੌਜੀ ਬਲਾਕ ਪ੍ਰਧਾਨ, ਡਾਕਟਰ ਗੁਰਮੀਤ ਸਿੰਘ, ਸੁਖਵਿੰਦਰ ਸਿੰਘ ਚਾਨਾ, ਜਸਵਿੰਦਰ ਸਿੰਘ, ਰਿੰਕੂ ਪ੍ਰਕਾਸ਼ ਸਿੰਘ ਵੜਵਾਲ, ਅਮਨਦੀਪ ਸਿੰਘ ਜੱਬਲ, ਰਾਜਬੀਰ ਸਿੰਘ ਗਾਬੜੀਆ, ਅਵਤਾਰ ਸਿੰਘ ਜੋਸਨ, ਹਰਜਿੰਦਰ ਸਿੰਘ ਗਾਬੜੀਆ, ਜੁਗਰਾਜ ਸਿੰਘ ਢਿੱਲੋਂ, ਰਣਜੀਤ ਸਿੰਘ ਮਾਸਟਰ , ਬਲਦੇਵ ਸਿੰਘ ਲੇਲਪੁਰ, ਬਲਦੇਵ ਸਿੰਘ ਦੇਬੀ, ਮਨਜੀਤ ਸਿੰਘ ਮਠਾੜੂ ਐਕਸੀਅਨ, ਸੁਖਦੇਵ ਸਿੰਘ ਲਾਡੀ ਬਗਦਾਦੀ ਗੇਟ, ਜੱਸਾ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਜਸਵਿੰਦਰ ਸਿੰਘ , ਜੁਗਰਾਜ ਸਿੰਘ ਢਿੱਲੋਂ, ਸੁਖਪਾਲ ਸਿੰਘ, ਗੁਰਮੇਜ ਸਿੰਘ ਮਮਦੋਟ, ਗੁਰਭੇਜ ਸਿੰਘ ਮੱਲ, ਬਲਿਹਾਰ ਸਿੰਘ, ਅਵਤਾਰ ਸਿੰਘ ਭੁੱਲਰ, ਅਮਨਪ੍ਰੀਤ ਸਿੰਘ ਰਿੰਕੂ , ਰਾਣਾ ਸਿੰਘ, ਹਰਜੀਤ ਸਿੰਘ, ਮਨਪ੍ਰੀਤ ਸਿੰਘ ਕਲਸੀ, ਬਲਵਿੰਦਰ ਸਿੰਘ ਆਰੇ ਵਾਲਾ, ਰੇਸ਼ਮ ਸਿੰਘ, ਸੁਖਦੇਵ ਸਿੰਘ ਬੱਬੂ, ਸੁਰਜੀਤ ਸਿੰਘ, ਰਣਜੀਤ ਸਿੰਘ ਬੱਬਲੂ ਤੇ ਹੋਰ ਬਹੁਤ ਸਾਰੇ ਆਗੂ ਸ਼ਾਮਲ ਸਨ।

# ਜਲੰਧਰ ਸਿਟੀ ਰੇਲਵੇ ਸਟੇਸ਼ਨ ’ਤੇ ‘ਫੋਰਟਰੈਸ ਚੈੱਕ’ ਤਹਿਤ ਵਿਸ਼ੇਸ਼ ਟਿਕਟ ਜਾਂਚ ਮੁਹਿੰਮ

ਜਨ ਜਾਗਰਣ ਬਿਊਰੋ



ਰੇਲ ਯਾਤਰੀਆਂ ਦੀਆਂ ਟਿਕਟਾਂ ਦੀ ਚੈਕਿੰਗ ਕਰਨ ਦੀ ਤਸਵੀਰ।

**ਫਿਰੋਜ਼ਪੁਰ (ਪ੍ਰੇਮ ਨਾਥ ਸ਼ਰਮਾ):** ਉੱਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਦੁਆਰਾ ਅੱਜ ਜਲੰਧਰ ਸਿਟੀ ਰੇਲਵੇ ਸਟੇਸ਼ਨ ’ਤੇ ਬਿਨ੍ਹ ?ਹਾ ਟਿਕਟ ਯਾਤਰਾ ਅਤੇ ਅਨਿਯਮਿਤ ਯਾਤਰਾ ’ਤੇ ਰੋਕ ਲਗਾਉਣ ਦੇ ਉਦੇਸ਼ ਨਾਲ ‘ਫੋਰਟਰੈਸ ਚੈੱਕ’ ਤਹਿਤ ਵਿਸ਼ੇਸ਼ ਸਘਨ ਟਿਕਟ ਜਾਂਚ ਮੁਹਿੰਮ ਚਲਾਈ ਗਈ, ਜਿਸ ਵਿਚ ਟਿਕਟ ਜਾਂਚ ਸਟਾਫ਼ ਅਤੇ ਰੇਲਵੇ ਸੁਰੱਖਿਆ ਬਲ ਦੀ ਸੰਯੁਕਤ ਟੀਮ ਨੇ ਵਿਆਪਕ ਜਾਂਚ ਕੀਤੀ। ਇਸ ਮੁਹਿੰਮ ਦੌਰਾਨ ਕੁੱਲ 339 ਬਿਨ੍ਹਾ ਟਿਕਟ ਅਤੇ ਅਨਿਯਮਿਤ ਯਾਤਰੀਆਂ ਨੂੰ ਫੜਿਆ ਗਿਆ, ਜਿਨ੍ਹਾਂ ਤੋਂ ਲਗਭਗ 2.23 ਲੱਖ ਦਾ ਰੇਲ ਮਾਲੀਆ ਵਸੂਲਿਆ ਗਿਆ। ਰੇਲਵੇ ਦੁਆਰਾ ਚਲਾਈ ਜਾਣ ਵਾਲੀ ‘ਫੋਰਟਰੈਸ ਚੈੱਕ’ ਇਕ ਵਿਸ਼ੇਸ਼ ਸਘਨ ਜਾਂਚ ਮੁਹਿੰਮ ਹੁੰਦੀ ਹੈ, ਜਿਸ ਤਹਿਤ ਕਿਸੇ ਸਟੇਸ਼ਨ, ਟਰੇਨ ਜਾਂ ਰੇਲਖੰਡ ਵਿਚ ਬਿਨ੍ਹਾ ਪੂਰਵ ਸੂਚਨਾ ਦੇ ਵਿਆਪਕ ਟਿਕਟ ਜਾਂਚ ਕੀਤੀ ਜਾਂਦੀ ਹੈ। ਇਸ ਦੌਰਾਨ ਯਾਤਰੀਆਂ ਦੇ ਟਿਕਟ, ਪਛਾਣ ਪੱਤਰ ਅਤੇ ਰੇਲਵੇ ਨਿਯਮਾਂ ਦੀ ਪਾਲਣਾ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਂਦੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਬਿਨ੍ਹਾ ਟਿਕਟ ਯਾਤਰਾ ’ਤੇ ਪ੍ਰਭਾਵਸ਼ਾਲੀ ਰੋਕ ਲਗਾਉਣਾ ਅਤੇ ਰੇਲਵੇ ਮਾਲੀਏ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ ਬਸੰਤ ਕੁਮਾਰ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਹਮੇਸ਼ਾ ਵੈਧ ਟਿਕਟ ਲੈ ਕੇ ਹੀ ਯਾਤਰਾ ਕਰਨ ਅਤੇ ਰੇਲਵੇ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਇਸ ਪ੍ਰਕਾਰ ਦੀਆਂ ਵਿਸ਼ੇਸ਼ ਜਾਂਚ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ।

## ਪੁੱਕਾ ਨੇ ਪੀਐਮਐਸ ਫੰਡ ਸਮੇਂ ਸਿਰ ਜਾਰੀ ਕਰਨ ਲਈ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ



**ਮੋਹਾਲੀ (ਜਨ ਜਾਗਰਣ ਬਿਊਰੋ) :** ਪੰਜਾਬ ਅਨਏਡਿਡ ਕਾਲਜਿਜ਼ ਐਸੋਸੀਏਸ਼ਨ (ਪੁੱਕਾ) ਨੇ ਅਕਾਦਮਿਕ ਸੈਸ਼ਨ 2025-26 ਲਈ ਲੰਬਿਤ ਪੋਸਟ ਮੈਟ੍ਰਿਕ ਸਕਾਲਰਸ਼ਿਪ (ਪੀਐਮਐਸ) ਫੰਡ ਜਾਰੀ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ ਡਾ. ਅੰਸ਼ੂ ਕਟਾਰੀਆ, ਪ੍ਰਧਾਨ, ਪੁੱਕਾ ਅਤੇ ਚੇਅਰਮੈਨ, ਆਰੀਅਨਜ਼ ਗਰੁੱਪ ਆਫ਼ ਕਾਲਜਿਜ਼, ਰਾਜਪੁਰਾ ਨੇ ਕਿਹਾ ਕਿ ਇਸ ਫੈਸਲੇ ਨਾਲ ਪੰਜਾਬ ਭਰ ਦੇ ਲਗਭਗ 3 ਲੱਖ ਅਨੁਸੂਚਿਤ ਜਾਤੀ (ਐਸਸੀ) ਵਿਦਿਆਰਥੀਆਂ ਨੂੰ ਲਾਭ ਹੋਵੇਗਾ, ਜਿਸ ਨਾਲ ਉਨ੍ਹਾਂ ਦੀ ਉੱਚ ਸਿੱਖਿਆ ਬਿਨਾਂ ਕਿਸੇ ਵਿੱਤੀ ਰੁਕਾਵਟ ਦੇ ਜਾਰੀ ਰਹੇਗੀ। ਡਾ. ਕਟਾਰੀਆ ਨੇ ਭਗਵੰਤ ਸਿੰਘ ਮਾਨ, ਮੁੱਖ ਮੰਤਰੀ, ਪੰਜਾਬ; ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ, ਪੰਜਾਬ; ਅਤੇ ਬਲਜੀਤ ਕੌਰ, ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ ਲਈ ਕੈਬਨਿਟ ਮੰਤਰੀ, ਪੰਜਾਬ ਦਾ ਵਿਦਿਆਰਥੀਆਂ ਦੀ ਭਲਾਈ ਅਤੇ ਰਾਜ ਵਿੱਚ ਉੱਚ ਸਿੱਖਿਆ ਦੀ ਮਜ਼ਬੂਤੀ ਪ੍ਰਤੀ ਉਨ੍ਹਾਂ ਦੇ ਸਮਰਥਨ ਅਤੇ ਵਚਨਬੱਧਤਾ ਲਈ ਧੰਨਵਾਦ ਕੀਤਾ।ਇਸ ਮੌਕੇ, ਸ. ਮਨਜੀਤ ਸਿੰਘ, ਸਰਪ੍ਰਸਤ, ਪੁੱਕਾ; ਐਡਵੋਕੇਟ ਅਮਿਤ ਸ਼ਰਮਾ, ਸ. ਰਸ਼ਪਾਲ ਧਾਲੀਵਾਲ; ਸ. ਗੁਰਵਿੰਦਰ ਸਿੰਘ ਬਾਹਰਾ; ਹਰਿੰਦਰ ਸਿੰਘ ਕਾਂਡਾ, ਸ. ਗੁਰਕੀਰਤ ਸਿੰਘ, ਅਸ਼ੋਕ ਗਰਗ, ਚੈਰੀ ਗੋਇਲ, ਮੋਂਟੀ ਗਰਗ ਨੇ ਵੀ ਪੰਜਾਬ ਸਰਕਾਰ ਦੇ ਰਾਜ ਭਰ ਦੇ ਯੋਗ ਵਿਦਿਆਰਥੀਆਂ ਲਈ ਪਹੁੰਚਯੋਗ, ਕਿਫਾਇਤੀ ਅਤੇ ਸਮਾਵੇਸ਼ੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕੀਤੇ ਗਏ ਉਪਰਾਲਿਆਂ ਦੀ ਸ਼ਲਾਘਾ ਕੀਤੀ।

## ਸੰਖੇਪ ਖਬਰਾਂ

### ਪਿੰਡ ਗੀਗਨੋਵਾਲ ਵਿਚ ਮੰਤਰੀ ਰਵਜੋਤ ਸਿੰਘ ਵਲੋਂ ਪਾਣੀ ਦੇ ਟਿਊਬਵੈੱਲ ਦਾ ਉਦਘਾਟਨ



ਨਵੇਂ ਟਿਊਬਵੈੱਲ ਦਾ ਉਦਘਾਟਨ ਕਰਨ ਸਮੇਂ ਪਿੰਡ ਵਾਸੀਆਂ ਦੇ ਨਾਲ ਮੰਤਰੀ ਡਾ. ਰਵਜੋਤ ਸਿੰਘ।

**ਹੁਸ਼ਿਆਰਪੁਰ (ਰਿੰਕੂ ਥਾਪਰ):** ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਗੀਗਨੋਵਾਲ ਵਿਖੇ ਪੀਣ ਵਾਲੇ ਪਾਣੀ ਦੇ ਨਵੇਂ ਟਿਊਬਵੈੱਲ ਦਾ ਉਦਘਾਟਨ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋ ਕੀਤਾ ਗਿਆ, ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡ ਗੀਗਨੋਵਾਲ ਦੇ ਵਸਨੀਕਾਂ ਵੱਲੋਂ ਕਾਫ਼ੀ ਸਮੇਂ ਤੋਂ ਪੀਣ ਵਾਲੇ ਪਾਣੀ ਦੀ ਸਮੱਸਿਆ ਸਬੰਧੀ ਟਿਊਬਵੈੱਲ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਅੱਜ ਪੂਰਾ ਕਰ ਦਿੱਤਾ ਗਿਆ ਹੈ। ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਸਾਫ਼ ਪੀਣ ਵਾਲਾ ਪਾਣੀ ਹਰ ਨਾਗਰਿਕ ਦਾ ਮੁੱਢਲਾ ਅਧਿਕਾਰ ਹੈ ਅਤੇ ਪੰਜਾਬ ਸਰਕਾਰ ਇਸ ਅਧਿਕਾਰ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈੱਲ ਦੇ ਸ਼ੁਰੂ ਹੋਣ ਨਾਲ ਪਿੰਡ ਦੇ ਲੋਕਾਂ ਨੂੰ ਹੁਣ ਸਾਫ਼ ਅਤੇ ਸ਼ੁੱਧ ਪਾਣੀ ਆਸਾਨੀ ਨਾਲ ਉਪਲਬਧ ਹੋਵੇਗਾ ਅਤੇ ਉਨ੍ਹਾਂ ਨੂੰ ਪਾਣੀ ਲਈ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ, ਸੜਕਾਂ, ਗਲੀਆਂ-ਨਾਲੀਆਂ, ਪਾਣੀ ਸਪਲਾਈ, ਸਿੱਖਿਆ ਅਤੇ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਵੱਡੇ ਪੱਧਰ ’ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਸਰਕਾਰ ਦਾ ਮਕਸਦ ਸੂਬੇ ਦੇ ਹਰ ਪਿੰਡ ਅਤੇ ਹਰ ਘਰ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕੇ ਦੇ ਸਮੁੱਚੇ ਵਿਕਾਸ ਲਈ ਹੋਰ ਵੀ ਕਈ ਪ੍ਰੋਜੈਕਟਾਂ ’ਤੇ ਕੰਮ ਜਾਰੀ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੇਂ ਵਿਕਾਸ ਕਾਰਜ ਲਗਾਤਾਰ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕ ਭਲਾਈ ਅਤੇ ਵਿਕਾਸ ਦੇ ਕੰਮ ਇਸੇ ਤਰ੍ਹਾਂ ਜਾਰੀ ਰਹਿਣਗੇ।

# ਭਾਖੜਾ ਡੈਮ ਟੁੱਟਣ ਦੀਆਂ ਅਫਵਾਹਾਂ ਨੂੰ ਬੀਬੀਐਮਬੀ ਨੇ ਸਿਰੇ ਤੋਂ ਖਾਰਜ ਕੀਤਾ

■ ਭਾਖੜਾ ਡੈਮ 22 ਅਕਤੂਬਰ 1963 ਨੂੰ ਰਾਸ਼ਟਰ ਨੂੰ ਸਮਰਪਤ ਕੀਤਾ ਗਿਆ ਸੀ ਜਿਸ ਦੀ 100 ਸਾਲ ਮਿਆਦ ਰੱਖੀ ਗਈ ਹੈ

ਜਨ ਜਾਗਰਣ ਬਿਊਰੋ



ਭਾਖੜਾ ਡੈਮ ਪਿੱਛੇ ਬਣੀ ਗੋਬਿੰਦ ਸਾਗਰ ਝੀਲ ਵਿਚ ਪਾਣੀ ਦਾ ਦ੍ਰਿਸ਼।

**ਨੰਗਲ (ਬਲਵਿੰਦਰ ਰੈਤ):** ਕੁਝ ਲੋਕਾਂ ਵੱਲੋਂ ਭਖੜਾ ਡੈਮ ਦੇ ਟੁੱਟਣ ਦੀਆਂ ਫਲਾਈਆਂ ਜਾ ਰਹੀਆਂ ਅਫਵਾਹਾਂ ਨੂੰ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀਬੀਐਮਬੀ) ਦੇ ਅਧਿਕਾਰੀਆਂ ਨੇ ਇਸ ਨੂੰ ਸਿਰੇ ਤੋਂ ਖਾਰਜ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਖੜਾ ਡੈਮ ਦੀ ਮਿਆਦ ਭਾਵੇ ਸੌ ਸਾਲ ਰੱਖੀ ਗਈ ਹੈ ਪਰ ਇਸ ਦੇ ਟੁੱਟਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਭਾਖੜਾ ਡੈਮ 22 ਅਕਤੂਬਰ 1963 ਨੂੰ ਰਾਸ਼ਟਰ ਨੂੰ ਸਮਰਪਿਤ ਕੀਤਾ ਗਿਆ ਸੀ ਜਿਸ ਦੀ ਮਿਆਦ 22 ਅਕਤਬਰ ਨੰ ਖਤਮ ਹੋਣੀ ਹੈ। ਭਾਖੜਾ ਡੈਮ ਵਿੱਚ 1680 ਫੁੱਟ ਤੱਕ ਪਾਣੀ ਸਟੋਰ ਕੀਤਾ ਜਾ ਸਕਦਾ ਹੈ, ਜੇ ਲੋੜ ਪੈਂਦੀ ਹੈ ਤਾਂ 15 ਫੁੱਟ ਹੋਰ ਪਾਣੀ ਸਟੋਰ ਕੀਤਾ ਜਾ ਸਕਦਾ ਹੈ! ਭਾਖੜਾ ਡੈਮ ਦੀ ਡਿਜਾਇਨਿੰਗ ਇਸ ਤਰ੍ਹਾਂ ਤਿਆਰ ਕੀਤੀ ਗਈ ਹੈ ਕਿ ਜਦੋਂ ਪਾਣੀ 1680 ਫੁੱਟ ਤੱਕ ਪਹੁੰਚਦਾ ਹੈ ਤਾਂ ਇਸ ਦਾ ਬੰਨ ਦੋ ਇੰਚ ਝੁਕ ਜਾਂਦਾ ਹੈ ਕਿਉਂਕਿ ਇਸ ਦੀ ਬਣਤਰ ਹੀ ਇਸ ਤਰ੍ਹਾਂ ਬਣਾਈ ਗਈ ਹੈ। ਭਾਖੜਾ ਡੈਮ ਤੇ ਮਟੀਰੀਅਲ ਇਸ ਤਰ੍ਹਾਂ ਦਾ ਵਰਤਿਆ ਗਿਆ ਹੈ ਕੀ ਭਾਖੜਾ ਡੈਮ ਦੇ ਟੁੱਟਣ ਦੀ ਗੱਲ ਛੱਡੋ ਇਹ ਹਿਲ ਵੀ ਨਹੀਂ ਸਕਦਾ। ਵਿਭਾਗ ਨੇ ਉਨਾਂ ਲੋਕਾਂ ਨੂੰ ਚੇਤਾਵਨੀ ਦਿੰਦੇਆ ਖਬਰਦਾਰ ਕੀਤਾ ਕਿ ਉਹ ਇਸ ਤਰ੍ਹਾਂ ਦੀਆਂ ਅਫਵਾਹਾਂ ਫੈਲਾਉਣ ਤੋਂ ਬਾਜ ਆ ਜਾਣ ਜਿਸ ਨਾਲ ਲੋਕਾਂ ਚ ਦਹਿਸ਼ਤ ਦਾ ਮਾਹੌਲ ਨਾ ਬਣਾਇਆ ਜਾਵੇ। ਨੰਗਲ ਡੈਮ ਤੋਂ ਸਤਲੁਜ ਦਰਿਆ ਵਿੱਚ 4650 ਕਿਉਸਿਕ ਪਾਣੀ ਛੱਡਣ ਨਾਲ ਹੜਾਂ ਵਾਲੀ ਸਥਿਤੀ ਨੰਗਲ ਡੈਮ ਤੋਂ ਸਤਲੁਜ ਦਰਿਆ ਵਿੱਚ ਅੱਜ 11 ਵਜੇ ਦੇ ਕਰੀਬ 4650 ਕਿਊਸਿਕ ਪਾਣੀ ਛੱਡਿਆ ਗਿਆ ਜਿਸ ਨਾਲ ਫੜਾ ਵਾਲੀ ਸਥਿਤੀ ਪੈਦਾ ਹੋ ਗਈ। ਵਿਭਾਗ ਨੇ ਸਤਲੁਜ ਦਰਿਆ ਨੇੜੇ ਵਸੇ ਪਿੰਡਾਂ ਦੇ ਲੋਕਾਂ ਨੂੰ ਦਰਿਆ ਵੱਲ ਨਾ ਜਾਣ ਦੀ ਹਦਾਇਤ ਕੀਤੀ ਹੈ! ਅਜਿਹਾ ਝੋਨੇ ਦੀ ਬਿਜਾਈ ਕਰਨ ਪਾਣੀ ਦੀ ਮੰਗ ਨੂੰ ਲੈ ਕੇ ਕੀਤਾ ਗਿਆ ਹੈ। ਸੂਤਰਾਂ ਮੁਤਾਬਕ ਰੂਪਨਗਰ ਹੈਡਵਰਕਸ ਤੋਂ ਵੱਖ ਵੱਖ ਇਲਾਕਿਆਂ ਨੂੰ ਪਾਣੀ ਦੀ ਮੰਗ ਤੇ ਅੱਜ ਦਰਿਆ ਸਤਲੁਜ ਵਿੱਚ ਪਾਣੀ ਛੱਡਿਆ ਗਿਆ। ਨੰਗਲ ਡੈਮ ਤੋਂ ਨੰਗਲ ਹਾਈਡਲ ਚੈਨਲ ਵਿੱਚ 12350 ਕਿਊਸਿਕ ਸ੍ਰੀ ਅਨੰਦਪੁਰ ਸਾਹਿਬ ਹਾਈਡਲ ਚੈਨਲ ਚ 10150 ਕਿ ਕਿਊਸਿਕ ਪਾਣੀ ਛੱਡਿਆ ਗਿਆ ਹੈ ਜਦ ਕਿ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ 1575.74 ਫੁੱਟ ਦਰਜ ਕੀਤਾ ਗਿਆ ਹੈ।

# ਜੀਵਨ ਕਲਾਯੋਗ ਸਮਿਤੀ ਵਲੋਂ ਫਿਰੋਜ਼ਪੁਰ ’ਚ ਲਗਾਤਾਰ ਦੂਜੇ ਦਿਨ ਯੋਗ ਕੈਂਪ ਸਮਾਪਤ

## ਡੈਂਟਲ ਅਤੇ ਬਲੱਡ ਟੈਸਟ ਕੈਂਪ ਦੌਰਾਨ ਯੋਗ ਸਾਧਕਾਂ ਦੀ ਸਿਹਤ ਦੀ ਹੋਈ ਜਾਂਚ, ਪਤਵੰਤੇ ਸੱਜਣਾਂ ਦਾ ਕੀਤਾ ਵਿਸ਼ੇਸ਼ ਸਨਮਾਨ

ਜਨ ਜਾਗਰਣ ਬਿਊਰੋ



ਜੀਵਨ ਕਲਾਯੋਗ ਸਮਿਤੀ ਵਲੋਂ ਫਿਰੋਜ਼ਪੁਰ ’ਚ ਯੋਗ ਕੈਂਪ ਯੋਗਾ ਕਰਦੇ ਹੋਏ ਲੋਕ।

**ਫਿਰੋਜ਼ਪੁਰ (ਪ੍ਰੇਮ ਨਾਥ ਸ਼ਰਮਾ):** ਜੀਵਨ ਕਲਾਯੋਗ ਸਮਿਤੀ ਫਿਰੋਜ਼ਪੁਰ ਵੱਲੋਂ ਡਾ. ਗੁਰਨਾਮ ਸਿੰਘ ਦੀ ਅਗਵਾਈ ਹੇਠ ਢੀਂਗਰਾ ਪਾਰਕ ਫਿਰੋਜ਼ਪੁਰ ਕੈਂਟ ਵਿਖੇ ਲਗਾਤਾਰ ਦੂਜੇ ਦਿਨ ਵਿਸ਼ੇਸ਼ ਯੋਗ ਕੈਂਪ ਲਗਾਇਆ ਗਿਆ। ਇਸ ਮੌਕੇ ਸਿਹਤ ਜਾਂਚ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਦੰਦਾਂ ਅਤੇ ਖੂਨ ਦੇ ਟੈਸਟ ਬਿਲਕੁਲ ਮੁਫ਼ਤ ਕੀਤੇ ਗਏ। ਕੈਂਪ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਯੋਗ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਰਾਸ਼ਟਰਪਤੀ ਐਵਾਰਡੀ ਡਿਪਟੀ ਡੀ.ਈ.ਓ. ਡਾ. ਸਤਿੰਦਰ ਸਿੰਘ, ਸੀਨੀਅਰ ਸਿਟੀਜ਼ਨ ਫੋਰਮ ਫਿਰੋਜ਼ਪੁਰ ਦੇ ਪ੍ਰਧਾਨ ਪ੍ਰਦੀਪ ਧਵਨ, ਸਰਪ੍ਰਸਤ ਦੇਸ਼ ਬੰਧੂ ਤੁੱਲੀ, ਜਨਰਲ ਸਕੱਤਰ ਮਹਿੰਦਰ ਸਿੰਘ ਧਾਲੀਵਾਲ, ਅਵਤਾਰ ਸਿੰਘ ਭੋਲਾ, ਚਰਨਜੀਤ ਮਹਾਜਨ ਅਤੇ ਸੁਰਿੰਦਰ ਵਿੱਜ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਸ਼ ?ਰੀ ਬਲਜੀਤ ਲੂਥਰ ਅਤੇ ਢੀਂਗਰਾ ਪਾਰਕ ਦੇ ਪ੍ਰਧਾਨ ਰਾਜਿੰਦਰ ਸ਼ਰਮਾ ਵੱਲੋਂ ਜੋਤੀ ਪ੍ਰਚੰਡ ਕਰਕੇ ਕੀਤੀ ਗਈ। ਇਸ ਦੌਰਾਨ ਐਂਬੇ ਵੈਲੀ ਤੋਂ ਅਸ਼ੋਕ ਜੀ ਨਾਲ ਆਏ ਯੋਗ ਸਾਧਕਾਂ ਦਾ ਤਾਲੀਆਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਸਮਿਤੀ ਵੱਲੋਂ ਪਾਰਕ ਦੇ ਪਤਵੰਤੇ ਮੈਂਬਰਾਂ ਗੁਰਮੀਤ ਗੋਲਾ, ਰਾਧੇ ਮੋਹਨ, ਕਮਲਜੀਤ ਕੌਸ਼ਲ, ਕੇਵਲ ਕ੍ਰਿਸ਼ਨ ਅਤੇ ਮੁਲਖਰਾਜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਿਤੀ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਲੋਕਾਂ ਨੂੰ ਸਿਹਤਮੰਦ ਬਣਾਉਣ ਲਈ ਇਹ ਕੈਂਪ ਲਗਾਤਾਰ ਜਾਰੀ ਹਨ, ਜਿੱਥੇ ਡਾ. ਗੁਰਨਾਮ ਸਿੰਘ ਵੱਲੋਂ ਯੋਗ ਦੇ ਫਾਇਦਿਆਂ ਅਤੇ ਸਹੀ ਖਾਣ-ਪੀਣ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਅੱਜ ਦੇ ਕੈਂਪ ਦੀ ਖ਼ਾਸ ਗੱਲ ਇਹ ਰਹੀ ਕਿ ਜੈਨੇਸਿਸ ਡੈਂਟਲ ਕਾਲਜ ਦੇ ਡਾਕਟਰਾਂ ਦੀ ਟੀਮ, ਜਿਸ ਵਿਚ ਡਾ. ਅਕਸ਼ੈ, ਡਾ. ਦੀਪਕ ਅਤੇ ਰਣਜੀਤ ਸਿੰਘ ਸ਼ਾਮਲ ਸਨ ਨੇ ਹਾਜ਼ਰ ਲੋਕਾਂ ਦੇ ਦੰਦਾਂ ਦੀ ਮੁਫ਼ਤ ਜਾਂਚ ਕੀਤੀ। ਇਸ ਦੇ ਨਾਲ ਹੀ ਪੰਕਜ ਲੈਬ ਦੇ ਸਹਿਯੋਗ ਨਾਲ ਬਰਿੰਦਰ ਜੱਸਲ ਵੱਲੋਂ ਯੋਗ ਸਾਧਕਾਂ ਦੇ ਬਲੱਡ ਅਤੇ ਲੈਬ ਟੈਸਟਾਂ ਲਈ ਸੈਂਪਲ ਲਏ ਗਏ।

# ਜ਼ੋਨ ਫ਼ਿਰੋਜ਼ਪੁਰ ਦਾ ਜ਼ੋਨਲ ਨਿਰੰਕਾਰੀ ਬਾਲ ਸਮਾਗਮ ਸ਼ਰਧਾ ਪੂਰਵਕ ਕਰਵਾਇਆ

ਜਨ ਜਾਗਰਣ ਬਿਊਰੋ



**ਫਿਰੋਜ਼ਪੁਰ (ਪ੍ਰੇਮ ਨਾਥ ਸ਼ਰਮਾ):** ਅੱਜ ਜ਼ੋਨ ਫਿਰੋਜ਼ਪੁਰ ਦਾ ਜ਼ੋਨਲ ਨਿਰੰਕਾਰੀ ਬਾਲ ਸਮਾਗਮ ਸੰਤ ਨਿਰੰਕਾਰੀ ਸਤਿਸੰਗ ਭਵਨ ਫਰੀਦਕੋਟ ਵਿਖੇ ਸ਼ਰਧਾ ਪੂਰਵਕ ਕਰਵਾਇਆ ਗਿਆ। ਜਿਸ ਵਿੱਚ ਫਿਰੋਜ਼ਪੁਰ ਜ਼ੋਨ ਦੀਆਂ 27 ਬ੍ਰਾਂਚਾਂ ਦੇ ਸੈਂਕੜੇ ਬੱਚਿਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਦੁਆਰਾ ਕਵਾਲੀ, ਕਵਿਤਾਵਾਂ, ਸਕਿਟਾਂ, ਗੀਤਾਂ ਆਦਿ ਨਾਲ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਪ੍ਰਗਟ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਰਮਜੀਤ ਸਿੰਘ ਮੋਮਨ ਪ੍ਰਚਾਰਕ ਸ਼ ?ਰੀ ਅੰਮ੍ਰਿਤਸਰ ਸਾਹਿਬ ਨੇ ਸਤਿਗੁਰੂ ਮਾਤਾ ਜੀ ਦਾ ਪਵਿੱਤਰ ਸੰਦੇਸ਼ ਦਿੱਤਾ। ਉਹਨਾਂ ਨੇ ਆਪਣੇ ਪ੍ਰਵਚਨਾਂ ਵਿੱਚ ਫਰਮਾਇਆ ਕਿ ਬੱਚੇ ਸਮਾਜ ਦਾ ਵਡਮੁੱਲਾ ਅੰਗ ਹਨ, ਬੱਚਿਆਂ ਨੇ ਹੀ ਇਸ ਸੁੰਦਰ ਸਮਾਜ ਦੀ ਸਿਰਜਣਾ ਕਰਨੀ ਹੁੰਦੀ ਹੈ। ਉਹਨਾਂ ਨੇ ਅੱਗੇ ਫਰਮਾਇਆ ਕਿ ਪਰਿਵਾਰ ਵਿੱਚ ਮਾਂ ਪਿਓ ਦਾ ਜੋ ਰੋਲ ਹੁੰਦਾ ਹੈ ਉਹ ਬੱਚਿਆਂ ਦੀ ਜ਼ਿੰਦਗੀ ਵਿੱਚ ਬਹੁਤ ਮਹੱਤਵਪੂਰਨ ਤੇ ਅਹਿਮ ਹੁੰਦਾ ਹੈ। ਮਾਤਾ ਪਿਤਾ ਦੁਆਰਾ ਦਿੱਤੇ ਗਏ ਸੰਸਕਾਰ ਹੀ ਅੱਗੇ ਜਾ ਕੇ ਬੱਚਿਆਂ ਦੀ ਜ਼ਿੰਦਗੀ ਵਿੱਚ ਮੀਲ ਪੱਥਰ ਸਾਬਿਤ ਹੁੰਦੇ ਹਨ। ਅੱਜ ਅਸੀਂ ਸਾਰੇ ਹੀ ਬੜੇ ਭਾਗਾਂ ਵਾਲੇ ਹਾਂ ਕਿ ਸਾਡੇ ਬੱਚੇ ਨਿਰੰਕਾਰੀ ਮਿਸ਼ਨ ਦੀਆਂ ਸਿਖਲਾਈਆਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ, ਨਸ਼ਿਆਂ ਤੇ ਬੁਰੀਆਂ ਆਦਤਾਂ ਤੋਂ ਬਚਕੇ ਇੱਕ ਸੁੰਦਰ ਜੀਵਨ ਬਤੀਤ ਕਰ ਰਹੇ ਹਨ ਅਤੇ ਆਪਣੇ ਕਰਮ ਦੁਆਰਾ ਸਮਾਜ ਵਿੱਚ ਵੀ ਕਲਿਆਣਕਾਰੀ ਸਾਬਿਤ ਹੋ ਰਹੇ ਹਨ। ਸਮਾਗਮ ਦੌਰਾਨ ਜਿੱਥੇ ਬੱਚਿਆਂ ਵਿੱਚ ਬਹੁਤ ਉਤਸ਼ਾਹ ਦੇਖਿਆ ਗਿਆ ਉੱਥੇ ਹੀ ਬੱਚਿਆਂ ਦੇ ਮਾਪਿਆਂ ਵਿੱਚ ਵੀ ਸਤਿਗੁਰੂ ਪ੍ਰਤੀ ਸ਼ੁਕਰਾਨੇ ਦੇ ਭਾਵ ਵੇਖਣ ਨੂੰ ਮਿਲੇ। ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਫਰੀਦਕੋਟ ਵੱਲੋਂ ਸ਼ਾਨਦਾਰ ਪ੍ਰਬੰਧ ਕੀਤੇ ਗਏ ਅਤੇ ਇਸ ਮੌਕੇ ਇੱਕ ਸੁੰਦਰ ਪ੍ਰਦਰਸ਼ਨੀ ਵੀ ਲਗਾਈ ਗਈ ਜਿਸ ਵਿੱਚ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਸਬੰਧੀ ਸੇਧ ਦੇਣ ਵਾਲੇ ਮਾਡਲ, ਗੇਮਾਂ, ਚਾਰਟ ਆਦਿ ਪੇਸ਼ ਕੀਤੇ ਗਏ। ਸਮੁੱਚੇ ਸਮਾਗਮ ਦਾ ਸਾਰੇ ਬੱਚਿਆਂ ਅਤੇ ਸਮੂਹ ਸਾਧ ਸੰਗਤ ਨੇ ਖੂਬ ਆਨੰਦ ਪ੍ਰਾਪਤ ਕੀਤਾ। ਸਮਾਗਮ ਦੇ ਅੰਤ ਵਿਚ ਫ਼ਿਰੋਜ਼ਪੁਰ ਦੇ ਜ਼ੋਨਲ ਇੰਚਾਰਜ ਸ਼ ?ਰੀ ਐੱਨ ਐੱਸ ਗਿੱਲ ਅਤੇ ਬ੍ਰਾਂਚ ਫਰੀਦਕੋਟ ਦੇ ਬ੍ਰਾਂਚ ਇੰਚਾਰਜ਼ ਭੈਣ ਸੁਰਜੀਤ ਕੌਰ ਭਾਟੀਆ ਨੇ ਸਾਰੇ ਹੀ ਮਹਿਮਾਨਾਂ, ਪ੍ਰਬੰਧਕਾਂ, ਬੱਚਿਆਂ ਅਤੇ ਸਮੂਹ ਸਾਧ ਸੰਗਤ ਆਦਿ ਦਾ ਨਿੱਘਾ ਸਵਾਗਤ ਕਰਦੇ ਹੋਏ ਧੰਨਵਾਦ ਕੀਤਾ।

# ਭਾਜਪਾ ਪੰਜਾਬ ਨੂੰ ਬਣਾ ਸਕਦੀ ਹੈ ਦੇਸ਼ ਦਾ ਨੰਬਰ-1 ਸੂਬਾ : ਕੇਵਲ ਸਿੰਘ ਢਿੱਲੋਂ

ਜਨ ਜਾਗਰਣ ਬਿਊਰੋ



**ਫਰੀਦਕੋਟ (ਕੁਮਾਰ):** ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਸ਼ਨੀਵਾਰ ਦੇਰ ਸ਼ਾਮ ਫਰੀਦਕੋਟ ਪਹੁੰਚੇ, ਜਿੱਥੇ ਉਨ੍ਹਾਂ ਨੇ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ, ਆਉਣ ਵਾਲੇ ਰਾਜਨੀਤਿਕ ਪ੍ਰੋਗਰਾਮਾਂ ਅਤੇ ਜਨ ਸੰਪਰਕ ਮੁਹਿੰਮਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ। ਮੀਟਿੰਗ ਵਿੱਚ ਜ਼ਿਲ੍ਹੇ ਭਰ ਤੋਂ ਵੱਡੀ ਗਿਣਤੀ ਵਿੱਚ ਭਾਜਪਾ ਅਹੁਦੇਦਾਰ ਅਤੇ ਵਰਕਰ ਸ਼ਾਮਲ ਹੋਏ। ਫਰੀਦਕੋਟ ਪਹੁੰਚਣ ’ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਦੀ ਅਗਵਾਈ ਹੇਠ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਕੇਵਲ ਸਿੰਘ ਢਿੱਲੋਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹੇ ਦੀ ਸੀਨੀਅਰ ਲੀਡਰਸ਼ਿਪ ਟੀਮ ਵੀ ਮੌਜੂਦ ਰਹੀ। ਮੀਟਿੰਗ ਦੌਰਾਨ ਪਾਰਟੀ ਨੂੰ ਜ਼ਮੀਨੀ ਪੱਧਰ ’ਤੇ ਹੋਰ ਮਜ਼ਬੂਤ ਬਣਾਉਣ ਅਤੇ ਆਉਣ ਵਾਲੀਆਂ ਚੋਣਾਂ ਦੀ ਰਣਨੀਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ’ਤੇ ਤਿੱਖੇ ਸਿਆਸੀ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਇਹ ਪ੍ਰਚਾਰ ਕਰ ਰਹੀ ਹੈ ਕਿ ਕੇਂਦਰ ਸਰਕਾਰ ਵੱਲੋਂ ਸੂਬੇ ਨੂੰ ਲੋੜੀਂਦੀ ਵਿੱਤੀ ਸਹਾਇਤਾ ਨਹੀਂ ਦਿੱਤੀ ਜਾ ਰਹੀ, ਜਦਕਿ ਹਕੀਕਤ ਇਸ ਤੋਂ ਬਿਲਕੁਲ ਉਲਟ ਹੈ। ਢਿੱਲੋਂ ਨੇ ਦਾਅਵਾ ਕੀਤਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਹੁਣ ਤੱਕ ਪੰਜਾਬ ਨੂੰ ਲਗਭਗ 4 ਲੱਖ 13 ਹਜ਼ਾਰ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਰਕਮ ਮਿਲਣ ਦੇ ਬਾਵਜੂਦ ਸੂਬੇ ਵਿੱਚ ਵਿਕਾਸ ਕਾਰਜ ਨਜ਼ਰ ਨਹੀਂ ਆ ਰਹੇ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਇੰਨਾ ਧਨ ਪੰਜਾਬ ਨੂੰ ਮਿਲਿਆ ਹੈ ਤਾਂ ਫਿਰ ਨਵੀਆਂ ਸੜਕਾਂ, ਆਧੁਨਿਕ ਸਿਹਤ ਸਹੂਲਤਾਂ, ਸਕੂਲਾਂ ਅਤੇ ਕਾਲਜਾਂ ਦੇ ਵਿਕਾਸ ਵਿੱਚ ਉਮੀਦ ਅਨੁਸਾਰ ਤਰੱਕੀ ਕਿਉਂ ਨਹੀਂ ਹੋਈ। ਭਾਜਪਾ ਦੇ ਸੂਬਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਰਕਾਰ ਦੇ ਦਾਵਿਆਂ ਅਤੇ ਜ਼ਮੀਨੀ ਹਕੀਕਤ ਵਿਚਲਾ ਫਰਕ ਸਮਝਣ ਲੱਗ ਪਏ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਸੂਬਾ ਸਰਕਾਰ ਵਿਕਾਸ ਕਾਰਜਾਂ ਦੀ ਬਜਾਏ ਸਿਰਫ਼ ਪ੍ਰਚਾਰ ’ਤੇ ਵੱਧ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਕੇਂਦਰ ਤੋਂ ਮਿਲੇ ਫੰਡ ਕਿਹੜੀਆਂ ਯੋਜਨਾਵਾਂ ’ਤੇ ਖਰਚ ਕੀਤੇ ਗਏ ਅਤੇ ਉਨ੍ਹਾਂ ਦਾ ਕੀ ਨਤੀਜਾ ਨਿਕਲਿਆ। ਕੇਵਲ ਸਿੰਘ ਢਿੱਲੋਂ ਨੇ ਪਾਰਟੀ ਵਰਕਰਾਂ ਦਾ ਹੌਸਲਾ ਵਧਾਉਂਦੇ ਹੋਏ ਕਿਹਾ ਕਿ ਭਾਜਪਾ ਪੰਜਾਬ ਵਿੱਚ ਤੇਜ਼ੀ ਨਾਲ ਆਪਣਾ ਜਨ ਅਧਾਰ ਮਜ਼ਬੂਤ ਕਰ ਰਹੀ ਹੈ। ਉਨ੍ਹਾਂ ਵਰਕਰਾਂ ਨੂੰ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਅਤੇ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਜੇਕਰ ਪੰਜਾਬ ਦੀ ਜਨਤਾ ਭਾਜਪਾ ਨੂੰ ਇੱਕ ਮੌਕਾ ਦਿੰਦੀ ਹੈ ਤਾਂ ਸੂਬਾ ਵਿਕਾਸ, ਰੁਜ਼ਗਾਰ, ਸਿੱਖਿਆ, ਸਿਹਤ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਅਗਵਾਈ ਹੇਠ ਪੰਜਾਬ ਨੂੰ ਦੇਸ਼ ਦਾ ਨੰਬਰ-1 ਸੂਬਾ ਬਣਾਇਆ ਜਾ ਸਕਦਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਸਮੇਤ ਹੋਰ ਭਾਜਪਾ ਆਗੂਆਂ ਨੇ ਵੀ ਪਾਰਟੀ ਸੰਗਠਨ ਨੂੰ ਮਜ਼ਬੂਤ ਬਣਾਉਣ ਅਤੇ ਲੋਕਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦਾ ਸੰਕਲਪ ਦੁਹਰਾਇਆ। ਇਸ ਮੌਕੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਗਗਨ ਸੁਖੀਜਾ, ਜ਼ਿਲ੍ਹਾ ਉਪ ਪ੍ਰਧਾਨ ਗਗਨ ਸੇਠੀ, ਡਾ. ਚੰਦਰ ਸ਼ੇਖਰ ਕੱਕੜ, ਦੁਰਗੇਸ਼ ਸ਼ਰਮਾ, ਡਾ. ਰਮਨਦੀਪ ਸਿੰਘ, ਮੁਕੇਸ਼ ਗਰਗ, ਐਡਵੋਕੇਟ ਜੀ.ਕੇ. ਗੋਲਡੀ ਗਰਗ, ਰਾਜਨ ਨਾਰੰਗ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

# ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵਲੋਂ ਪੰਚਮ ਪਾਤਸ਼ਾਹ ਦੀ ਸ਼ਹਾਦਤ ਨੂੰ ਸਮਰਪਤ ਕੀਰਤਨ ਸਮਾਗਮ ਆਯੋਜਤ

## ਸੁਖਜਿੰਦਰ ਰੰਧਾਵਾ ਨੇ ਮੁਆ.ਫੀ ਨਾ ਮੰਗੀ ਤਾਂ ਪੰਜਾਬ ਭਰ ’ਚ ਫੂਕੇ ਜਾਣਗੇ ਉਨਾਂ ਦੇ ਪੁਤਲੇ

ਜਨ ਜਾਗਰਣ ਬਿਊਰੋ



**ਲੁਧਿਆਣਾ (ਕੁਲਵਿੰਦਰ ਸਿੰਘ ਬੰਗਾ) :** ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋ ਅੱਜ ਗੁਰਦੁਆਰਾ ਸ਼੍ਰੀ ਗੁਰੁ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਪੂਰੀ ਸ਼ਰਧਾ ਭਾਵਨਾ ਦੇ ਨਾਲ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ਼ ?ਰੀ ਗੁਰੁ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਹਫਤਾਵਾਰੀ ਕੀਰਤਨ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਦੇ ਅੰਦਰ ਪੰਥ ਦੇ ਪ੍ਰਸਿੱਧ ਕੀਰਤਨੀਆਂ ਬੀਬੀ ਬੀਬੀ ਜਸਲੀਨ ਕੌਰ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰੂ ਸਾਹਿਬਾਂ ਵੱਲੋਂ ਉਚਰੀ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ, ਉਥੇ ਸਮਾਗਮ ਅੰਦਰ ਜੁੜ ਬੈਠੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਨੇ ਸਾਂਝੇ ਰੂਪ ਵਿੱਚ ਕਿਹਾ ਕਿ ਸ਼ ?ਰੀ ਗੁਰੁ ਅਰਜਨ ਦੇਵ ਜੀ ਦੀ ਸ਼ਹਾਦਤ ਸਿੱਖ ਇਤਿਹਾਸ ਵਿੱਚ ਪਹਿਲੀ ਅਤੇ ਦੁਨੀਆਂ ਦੇ ਇਤਿਹਾਸ ਵਿਚ ਇਕ ਲਾਸਾਨੀ ਤੇ ਬੇਮਿਸਾਲ ਸ਼ਹਾਦਤ ਹੈ।ਜਿਸ ਦੇ ਨਾਲ ਸਿੱਖ ਇਤਿਹਾਸ ਵਿੱਚ ਸ਼ਹੀਦੀਆਂ ਦਾ ਇਕ ਨਵਾਂ ਅਧਿਆਇ ਆਰੰਭ ਹੋਇਆ। ਉਨ੍ਹਾਂ ਨੇ ਕਿਹਾ ਕਿ ਪੰਚਮ ਪਾਤਸ਼ਾਹ ਦਾ ਸਾਰਾ ਜੀਵਨ ਹੀ ਪਰਉਪਕਾਰ ਵਿਚ ਕਿਸੇ ਉਚੇ ਆਦਰਸ਼ ਲਈ ਬਤੀਤ ਹੋਇਆ।ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਮੌਜੂਦਾ ਸਮੇਂ ਦੀ ਨੌਜਵਾਨ ਪੀੜੀ ਸ਼ ?ਰੀ ਗੁਰੁ ਅਰਜਨ ਦੇਵ ਜੀ ਵੱਲੋ ਬਖਸ਼ੇ ਭਗਤੀ ਦੇ ਸੰਕਲਪ ਤੋਂ ਸੇਧ ਲੈ ਕੇ ਬਾਣੀ ਤੇ ਬਾਣੇ ਦੀ ਧਾਰਨੀ ਬਣੇ । ਸਮਾਗਮ ਦੀ ਸਮਾਪਤੀ ਮੌਕੇ ਬੀਬੀ ਭਗਵਿੰਦਰ ਕੌਰ ਸਲੂਜਾ, ਬੀਬੀ ਰਵਿੰਦਰ ਕੌਰ ਕਾਲੜਾ, ਬੀਬੀ ਨੀਲਮ, ਬੀਬੀ ਹਰਮਿੰਦਰ ਕੌਰ ਸਮੇਤ ਸ. ਸੁਰਿੰਦਰਪਾਲ ਸਿੰਘ ਭੁਟੀਆਣੀ ਤੇ ਸੁਖਪ੍ਰੀਤ ਸਿੰਘ ਮਨੀ ਨੇ ਸਾਂਝੇ ਰੂਪ ਵਿੱਚ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰਪਾਓ ਬਖਸ਼ਿਸ ਕਰਕੇ ਉਨ੍ਹਾਂ ਦਾ ਧੰਨਵਾਦ ਪ੍ਰਗਟ ਕੀਤਾ।ਇਸ ਦੌਰਾਨ ਸ.ਭੁਪਿੰਦਰ ਸਿੰਘ ਨੇ ਕਿਹਾ ਕਿ ਸਵ: ਜੱਥੇਦਾਰ ਅਵਤਾਰ ਸਿੰਘ ਮੱਕੜ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਸੁਸਾਇਟੀ ਵੱਲੋਂ ਚਲਾਈ ਜਾ ਰਹੀ ਹਫ਼ਤਾਵਰੀ ਕੀਰਤਨ ਸਮਾਗਮ ਦੀ ਲੜੀ ਸੰਗਤਾਂ ਦੇ ਲਈ ਪ੍ਰੇਣਾ ਦਾ ਸਰੋਤ ਬਣ ਚੁੱਕੀ ਹੈ। ਉਹਨਾਂ ਨੇ ਕਿਹਾ ਕਿ ਅਗਲੇ ਹਫ਼ਤਾਵਾਰੀ ਸਮਾਗਮ ਵਿੱਚ ਭਾਈ ਸੇਵਕ ਸਿੰਘ ਕੰਵਲ ਹਜ਼ੂਰੀ ਰਾਗੀ ਗੁਰਦੁਆਰਾ ਕੋਤਵਾਲੀ ਸਾਹਿਬ ਮੋਰਿੰਡਾ ਵਾਲਿਆ ਦਾ ਕੀਰਤਨੀ ਜੱਥਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕਰੇਗਾ! ਕੀਰਤਨ ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ.ਇੰਦਰਜੀਤ ਸਿੰਘ ਮਕੱੜ, ਜਤਿੰਦਰਪਾਲ ਸਿੰਘ ਸਲੂਜਾ,ਕਰਨੈਲ ਸਿੰਘ ਬੇਦੀ ਪ੍ਰਿਤਪਾਲ ਸਿੰਘ,ਮਨਜੀਤ ਸਿੰਘ ਟੋਨੀ, ਗੁਰਦੀਪ ਸਿੰਘ ਡੀਮਾਰਟੇ ,ਬਲਜੀਤ ਸਿੰਘ ਦੂਆ (ਨਵਦੀਪ ਰੀਜ਼ੋਰਟ) ਤਰਲੋਚਨ ਸਿੰਘ ਸਾਂਭਰ,ਰਜਿੰਦਰ ਸਿੰਘ ਮਕੱੜ, ਮਨਮੋਹਨ ਸਿੰਘ, ਹਰਵਿੰਦਰ ਸਿੰਘ (ਬਲਬੀਰ ਕਲਾਥ ਵਾਲੇ,)ਜਤਿੰਦਰ ਸਿੰਘ ਪ੍ਰਧਾਨ, ਕਵੰਲਪ੍ਰੀਤ ਸਿੰਘ ਸਚਦੇਵਾ, ਭੁਪਿੰਦਰਪਾਲ ਸਿੰਘ ਧਵਨ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ ਹਰਮੀਤ ਸਿੰਘ ਡੰਗ,ਗੁਰਪ੍ਰੀਤ ਸਿੰਘ ਪ੍ਰਿੰਸ,ਜੀਤ ਸਿੰਘ,ਗੁਰਵਿੰਦਰ ਸਿੰਘ ਆੜਤੀ, ਹਰਕੀਰਤ ਸਿੰਘ ਬਾਵਾ ਮਸਾਲਾ, ਸੁਰਿੰਦਰ ਸਿੰਘ ਸਚਦੇਵਾ, ਸੁਖਪ੍ਰੀਤ ਸਿੰਘ ਮਨੀ, ਬਾਦਸਾ ?ਹਦੀਪ ਸਿੰਘ,ਇੰਦਰਪਾਲ ਸਿੰਘ ਕਾਲੜਾ ,ਕਮਲਦੀਪ ਸਿੰਘ ਕਾਲੜਾ ਪਰਮਜੀਤ ਸਿੰਘ ਡੀਮਾਰਟੇ , ਪਰਮਿੰਦਰਪਾਲ ਸਿੰਘ ਡੀਮਾਰਟੇ , ਕਰਨਦੀਪ ਸਿੰਘ ਸਿਮਰਨ, ਬਲਫਤਿਹ ਸਿੰਘ,ਡਾ. ਮਨਰੂਪ ਕੌਰ ਬਾਣੀ ਵਿਸੇਸ਼ ਤੌਰ ਤੇ ਹਾਜਰ ਸਨ।

# ਆਮ ਆਦਮੀ ਪਾਰਟੀ ਦੇ 40 ਨਵਨਿਯੁਕਤ ਅਹੁਦੇਦਾਰਾਂ ਦਾ ਜ਼ਿਲ੍ਹਾ ਪ੍ਰਧਾਨ ਖੰਗੂੜਾ ਅਤੇ ਵਿਧਾਇਕ ਸਿੱਧੂ ਨੇ ਕੀਤਾ ਸਨਮਾਨ

**ਆਮ ਆਦਮੀ ਪਾਰਟੀ 2027 ਵਿਚ ਫਿਰ ਦੁਹਾਏਗੀ ਇਤਿਹਾਸ : ਜਤਿੰਦਰ ਖੰਗੂੜਾ**

ਜਨ ਜਾਗਰਣ ਬਿਊਰੋ



**ਲੁਧਿਆਣਾ (ਕੁਲਵਿੰਦਰ ਸਿੰਘ ਸਲੇਮ ਟਾਬਰੀ) :** ਆਮ ਆਦਮੀ ਪਾਰਟੀ ਦੇ ਲੁਧਿਆਣਾ ਜਿਲ੍ਹਾ ਦੇ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਅਤੇ ਹਲਕਾ ਆਤਮ ਨਗਰ ਦੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਅੱਜ ਪਾਰਟੀ ਦੇ ਹਰਿਆਵਲ ਦਸਤੇ ਨੂੰ ਹੋਰ ਵੱਡਾ ਕਰਦਿਆਂ ਲਗਭਗ 40 ਵਰਕਰਾਂ ਨੂੰ ਵੱਖ ਵੱਖ ਅਹੁਦੇਦਾਰੀਆਂ ਨਾਲ ਨਿਵਾਜਦਿਆਂ ਜਿੱਥੇ ਪਾਰਟੀ ਪ੍ਰਤੀ ਵਫਾਦਾਰ ਵਰਕਰਾਂ ਨਾਲ ਕੀਤਾ ਵਾਅਦਾ ਪੂਰਾ ਕੀਤਾ, ਉੱਥੇ ਅੱਜ ਬੱਚਤ ਭਵਨ ਵਿਖੇ ਨਿਯੁਕਤੀ ਪੱਤਰ ਅਤੇ ਸਿਰੋਪਾਓ ਭੇਂਟ ਕਰਦਿਆਂ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪ੍ਰਧਾਨ ਖੰਗੂੜਾ ਅਤੇ ਵਿਧਾਇਕ ਸਿੱਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਰਕਰ ਪਾਰਟੀ ਦੀ ਰੀੜ ਦੀ ਹੱਡੀ ਹੁੰਦੇ ਹਨ ਜੋ ਪਾਰਟੀ ਦੀ ਚੜਦੀ ਕਲਾ ਲਈ ਇੱਕਮੁੱਠ ਅਤੇ ਇੱਕਜੁਟ ਹੋ ਕੇ ਦਿਨ ਰਾਤ ਮਿਹਨਤ ਕਰਦੇ ਹਨ। ਇਹਨਾਂ ਵਰਕਰਾਂ ਨੂੰ ਸਨਮਾਨ ਵਜੋਂ ਅਹੁਦੇਦਾਰੀਆਂ ਨਾਲ ਨਿਵਾਜਣਾ ਜਿੱਥੇ ਉਨ੍ਹਾਂ ਨੂੰ ਹੋਰ ਉਤਸ਼ਾਹਿਤ ਕਰਦਾ ਹੈ ਉੱਥੇ ਸੇਵਾ ਭਾਵਨਾ ਅਤੇ ਮਿਹਨਤ ਨਾਲ ਜਮੀਨੀ ਪੱਧਰ 'ਤੇ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਸਮੇਂ 'ਤੇ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੇ ਪਿਛਲੀਆਂ ਸਰਕਾਰਾਂ ਵੇਲੇ ਦੇ ਅਧੂਰੇ ਪਏ ਕਾਰਜਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਦਿਆਂ ਨਵੇਂ ਪ੍ਰੋਜੈਕਟਾਂ ਨੂੰ ਹਰੀ ਝੰਡੀ ਦਿੱਤੀ ਅਤੇ ਸੂਬੇ ਵਿਚ ਵਿਕਾਸ ਦੀ ਰਫਤਾਰ ਨੂੰ ਹੋ ਤੇਜ ਕੀਤਾ ਜਿਸ ਸਦਕਾ ਇਸ ਵਾਰ ਆਪ ਪਾਰਟੀ ਦਾ ਝੱਖੜ ਹੁੰਝਾਫੇਰ ਜਿੱਤ ਹਾਸਲ ਕਰੇਗਾ ਅਤੇ 2027 ਵਿਚ 'ਆਪ' ਪਾਰਟੀ ਦੀ ਸਰਕਾਰ ਬਣਾਕੇ ਮੁੜ ਇਤਿਹਾਸ ਦੁਹਰਾਏਗੀ। ਇਸ ਮੌਕੇ ਜਿਲ੍ਹਾ ਪ੍ਰਧਾਨ ਸ, ਖੰਗੂੜਾ, ਵਿਧਾਇਕ ਸਿੱਧੂ, ਚੇਅਰਮੈਨ ਸ਼ਰਨਪਾਲ ਮੱਕੜ, ਅਰਜਿੰਦਰ ਕੌਰ ਇੰਚਾਰਜ ਮਾਲਵਾ ਜੋਨ ਨੇ ਸ. ਰੇਸ਼ਮ ਸਿੰਘ ਸੱਗੂ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਨਿਭਾਈਆਂ ਸ਼ਾਨਦਾਰ ਸੇਵਾਵਾਂ ਅਤੇ ਅਣਥੱਕ ਮਿਹਨਤ ਲਈ ਰਾਮਗੜੀਆ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕਰਦਿਆਂ ਉਨ੍ਹਾਂ ਨੂੰ ਬੁੱਕੇ ਭੇਂਟ ਕਰਦਿਆਂ ਸਨਮਾਨਿਤ ਕੀਤਾ। ਇਸ ਸਮੇਂ ਰਾਜੂ ਕਨੌਜੀਆ, ਰਾਜ ਅਗਰਵਾਲ, ਚੇਅਰਮੈਨ ਗੁਰਜੀਤ ਸਿੰਘ ਗਿੱਲ, ਬਲੌਰ ਸਿੰਘ, ਮੈਡਮ ਨਿਧੀ ਗੁਪਤਾ, ਇੰਦਰਜੀਤ ਸਿੰਘ ਨਵਯੁੱਗ, ਜਗਦੀਪ ਸਿੰਘ ਲੋਟੇ, ਜਸਦੀਪ ਸਿੰਘ ਦੀਪਾ, ਰੂਬਲ, ਸੁਖਵਿੰਦਰ ਸਿੰਘ ਜਗਦੇਵ, ਜਸਵੀਰ ਸਿੰਘ ਜੱਸਲ, ਗੁਰਪ੍ਰੀਤ ਸਿੰਘ ਰਾਜਾ, ਦੀਪਕ ਅਰੋੜਾ ਵਾਈਸ ਪ੍ਰਧਾਨ ਸਟੇਟ ਵਿੰਗ, ਵਿਪਨ ਸੇਠੀ ਆਦਿ ਹਾਜ਼ਰ ਸਨ।

# ਇੰਗਲੈਂਡ 'ਚ ਪੰਜਾਬੀ ਨੌਜਵਾਨ ਦਾ ਬੇਰਹਿਮੀ ਨਾਲ ਕਤਲ

## ਤਿੰਨ ਭੈਣਾਂ ਦੇ ਇਕਲੌਤੇ ਭਰਾ ਦੀ ਮੌਤ ਨਾਲ ਪਰਵਾਰ 'ਚ ਸੋਗ ਦੀ ਲਹਿਰ

**ਪਰਵਾਰ ਦਾ ਰੋ-ਰੋ ਕੇ ਬੁਰਾ ਹਾਲ, ਕਰਜ਼ਾ ਚੁੱਕ ਕੇ ਪੁੱਤ ਨੂੰ ਵਿਦੇਸ਼ ਭੇਜਿਆ ਸੀ ਪਿਤਾ ਨੇ**

ਜਨ ਜਾਗਰਣ ਬਿਊਰੋ



**ਝਬਾਲ (ਪਰਗਟ ਸਿੰਘ ਸਿੱਧਵਾਂ):** ਇੰਗਲੈਂਡ ਤੋਂ ਇੱਕ ਬੇਹੱਦ ਦੁਖਦਾਈ ਖ਼ਬਰ ਸਾਹਮਣੇ ਆਈ ਹੈ, ਜਿੱਥੇ ਤਿੰਨ ਭੈਣਾਂ ਦੇ ਇਕਲੌਤੇ ਭਰਾ ਗੁਰਭੇਜ ਸਿੰਘ ਦਾ ਕਤਲ ਕਰ ਦਿੱਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਘਟਨਾ ਤੋਂ ਬਾਅਦ ਪਰਿਵਾਰ ਸਮੇਤ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਮ੍ਰਿਤਕ ਗੁਰਭੇਜ ਸਿੰਘ ਕਰੀਬ ਚਾਰ ਸਾਲ ਪਹਿਲਾਂ ਆਪਣੇ ਪਰਿਵਾਰ ਦੇ ਸੁਨਹਿਰੇ ਭਵਿੱਖ ਦੇ ਸੁਪਨੇ ਲੈ ਕੇ ਰੋਜ਼ੀ-ਰੋਟੀ ਦੀ ਭਾਲ ਵਿੱਚ ਇੰਗਲੈਂਡ ਗਿਆ ਸੀ। ਪਰਿਵਾਰ ਨੇ ਉਸ ਨੂੰ ਵਿਦੇਸ਼ ਭੇਜਣ ਲਈ ਬਹੁਤ ਮਿਹਨਤ ਕੀਤੀ ਸੀ ਅਤੇ ਕਰਜ਼ੇ ਦੀ ਪੰਡ ਚੁੱਕ ਕੇ ਉਸ ਨੂੰ ਵਿਦੇਸ਼ ਭੇਜਿਆ ਸੀ, ਤਾਂ ਜੋ ਘਰ ਦੀ ਆਰਥਿਕ ਹਾਲਤ ਸੁਧਰ ਸਕੇ। ਗੁਰਭੇਜ ਦੇ ਪਿਤਾ ਦਾ ਰੋ-ਰੋ ਕੇ ਬੁਰਾ ਹਾਲ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣੇ ਪੁੱਤ ਨੂੰ ਬਹੁਤ ਉਮੀਦਾਂ ਨਾਲ ਵਿਦੇਸ਼ ਭੇਜਿਆ ਸੀ, ਪਰ ਕਿਸਮਤ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ ਕਿਉਂਕਿ ਗੁਰਭੇਜ ਤਿੰਨ ਭੈਣਾਂ ਦਾ ਇਕਲੌਤਾ ਭਰਾ ਸੀ, ਜਿਸ ਦੇ ਸਿਰ ਤੋਂ ਭੈਣਾਂ ਨੇ ਆਪਣੇ ਭਰਾ ਦਾ ਸਾਇਆ ਗੁਆ ਦਿੱਤਾ ਹੈ। ਇਸ ਘਟਨਾ ਤੋਂ ਬਾਅਦ ਪਰਿਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਦਾ ਬੁਰਾ ਹਾਲ ਹੈ। ਪਰਿਵਾਰ ਨੇ ਭਾਰਤ ਸਰਕਾਰ ਅਤੇ ਵਿਦੇਸ਼ ਮੰਤਰਾਲੇ ਤੋਂ ਮੰਗ ਕੀਤੀ ਹੈ ਕਿ ਗੁਰਭੇਜ ਸਿੰਘ ਦੀ ਮ੍ਰਿਤਕ ਦੇਹ ਨੂੰ ਜਲਦ ਤੋਂ ਜਲਦ ਪੰਜਾਬ ਲਿਆਉਣ ਲਈ ਕਦਮ ਚੁੱਕੇ ਜਾਣ ਅਤੇ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ।

## ਸੰਖੇਪ ਖਬਰਾਂ

### ਫਿਰੋਜ਼ਪੁਰ ਮੰਡਲ 'ਚ ਇਕ ਦਿਨ ਵਿਚ ਰਿਕਾਰਡ ਤਿੰਨ ਰੈਕ ਟਰੈਕਟਰ ਲੋਡਿੰਗ


ਫਿਰੋਜ਼ਪੁਰ ਮੰਡਲ ਵਿਚ ਟਰੈਕਟਰ ਲੋਡਿੰਗ ਕਰਨ ਦੀ ਤਸਵੀਰ।

**ਫਿਰੋਜ਼ਪੁਰ (ਪ੍ਰੇਮ ਨਾਥ ਸ਼ਰਮਾ):** ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਵਿਚ ਫਿਰੋਜ਼ਪੁਰ ਮੰਡਲ ਦੀ ਬਿਜ਼ਨਸ ਡਿਵੈਲਪਮੈਂਟ ਯੂਨਿਟ ਨੇ ਇਕ ਹੋਰ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ ਹੈ। ਵੱਖ-ਵੱਖ ਹਿੱਸੇਦਾਰਾਂ ਨਾਲ ਬਿਹਤਰ ਤਾਲਮੇਲ ਅਤੇ ਨਿਰੰਤਰ ਯਤਨਾਂ ਦੇ ਨਤੀਜੇ ਵਜੋਂ ਮਿਤੀ 13 ਜੂਨ 2026 ਨੂੰ ਮੰਡਲ ਵਿਚ ਇੱਕੋ ਦਿਨ ਵਿਚ ਤਿੰਨ ਰੈਕ ਟਰੈਕਟਰਾਂ ਦੀ ਲੋਡਿੰਗ ਕੀਤੀ ਗਈ। ਇਸ ਰਿਕਾਰਡ ਲੋਡਿੰਗ ਨਾਲ ਨਾ ਸਿਰਫ਼ ਮੰਡਲ ਦੇ ਮਾਲ ਆਵਾਜਾਈ ਵਿਚ ਵਾਧਾ ਹੋਇਆ ਹੈ, ਸਗੋਂ ਰੇਲ ਮਾਲੀਏ ਵਿਚ ਵੀ ਜ਼ਿਕਰਯੋਗ ਵਾਧਾ ਦਰਜ ਕੀਤਾ ਗਿਆ ਹੈ। ਇਹ ਪ੍ਰਾਪਤੀ ਫਿਰੋਜ਼ਪੁਰ ਮੰਡਲ ਦੀ ਕੁਸ਼ਲ ਕਾਰਜਪ੍ਰਣਾਲੀ, ਪ੍ਰਭਾਵਸ਼ਾਲੀ ਮਾਰਕੀਟਿੰਗ ਯਤਨਾਂ ਅਤੇ ਗਾਹਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੁਵਿਧਾਜਨਕ ਸੇਵਾਵਾਂ ਦਾ ਨਤੀਜਾ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਮਾਲ ਢੋਆ-ਢੁਆਈ ਨੂੰ ਉਤਸ਼ਾਹਿਤ ਕਰਨ ਅਤੇ ਗਾਹਕਾਂ ਨੂੰ ਕਿਫਾਇਤੀ, ਸੁਰੱਖਿਅਤ, ਸਮਾਂਬੱਧ ਅਤੇ 'ਡੋਰ-ਟੂ-ਡੋਰ' ਸੇਵਾਵਾਂ ਉਪਲਬੱਧ ਕਰਾਉਣ ਲਈ ਨਿਰੰਤਰ ਯਤਨਸ਼ੀਲ ਹੈ।

### ਆਮ ਆਦਮੀ ਪਾਰਟੀ ਦੀ ਸਰਕਾਰ ਬਿਨਾਂ ਕਿਸੇ ਪੱਖਪਾਤ ਤੋਂ ਆਪਣਾ ਕੰਮ ਕਰ ਰਹੀ ਹੈ : ਦਫ਼ਤਰ ਇੰਚਾਰਜ ਬਲਵੰਤ ਲਾਡੀ



**ਗੁਰੂਹਰਸਹਾਏ (ਗੁਰਮੇਲ ਵਾਰਵਲ):** ਸੂਬੇ ਦੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਆਪਣੇ ਚਾਰ ਸਾਲਾ ਤੋ ਵੱਧ ਦੇ ਕਾਰਜਕਾਲ ਦੌਰਾਨ ਉਹ ਲੋਕ ਭਲਾਈ ਦੇ ਕੰਮ ਕੀਤੇ ਹਨ ਜੋ ਰਿਵਾਇਤੀ ਪਾਰਟੀਆ ਸੱਤਾ ਦੇ ਨਸ਼ੇ ਵਿਚ ਰਹਿਕੇ ਵੀ ਨਹੀ ਕਰ ਸਕੀਆ। ਜਿਸ ਕਰਕੇ ਆਮ ਆਦਮੀ ਪਾਰਟੀ ਦੇ ਕੀਤੇ ਕੰਮ ਬੋਲਦੇ ਹਨ ਇਹ ਪ੍ਰਗਟਾਵਾ ਹਲਕਾ ਵਿਧਾਇਕ ਫੌਜਾ ਸਿੰਘ ਸਰਾਰੀ ਦੇ ਮੁੱਖ ਦਫਤਰ ਦੇ ਦਫ਼ਤਰ ਇੰਚਾਰਜ ਬਲਵੰਤ ਸਿੰਘ ਲਾਡੀ ਨੇ ਚੋਣਵੇਂ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕੀਤਾ। ਉਹਨਾ ਦੱਸਿਆ ਕਿ ਮਾਨ ਸਰਕਾਰ ਦੀ ਲੋਕਪੱਖੀ ਸੋਚ ਸਦਕਾ ਪੰਜਾਬ ਸੂਬਾ ਤਰੱਕੀ ਦੀਆ ਬੁਲੰਦੀਆਂ ਨੂੰ ਛੂਹ ਰਿਹਾ ਹੈ ਉਹਨਾ ਨੇ ਦੱਸਿਆ ਕਿ ਅਜਿਹੀ ਸੋਚ ਨੂੰ ਅੱਗੇ ਵਧਾਉਂਦਿਆਂ ਹੋਇਆ ਹਲਕਾ ਗੁਰੂਹਰਸਹਾਏ ਤੋ ਆਮ ਆਮਦੀ ਪਾਰਟੀ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਹਲਕਾ ਗੁਰੂਹਰਸਹਾਏ ਨਾਲ ਸਬੰਧਤ ਸਹਿਰ ਵਾਸੀਆ ਅਤੇ ਹਲਕੇ ਦੇ ਵੱਖ-ਵੱਖ ਪਿੰਡਾ ਤੋ ਆਉਂਦੇ ਲੋਕਾ ਦੀ ਬਿਨਾ ਕਿਸੇ ਪੱਖਪਾਤ ਦੇ ਅਤੇ ਪਾਰਟੀ ਬਾਜੀ ਤੋ ਉਪਰ ਉਠ ਕੇ ਕੰਮ ਕਰਨ ਦੀ ਸੋਚ ਨੂੰ ਹਰ ਵਰਗ ਸਿੱਜਦਾ ਕਰ ਰਿਹਾ ਹੈ। ਦਫ਼ਤਰ ਇੰਚਾਰਜ ਬਲਵੰਤ ਸਿੰਘ ਲਾਡੀ ਨੇ ਕਿਹਾ ਕਿ ਹਲਕੇ ਨਾਲ ਸਬੰਧਤ ਹਰ ਵਰਗ ਆਪਣੀ ਮੁਸ਼ਕਲ ਨੂੰ ਲੈਕੇ ਰੁਕਣਾ ਬਸਤੀ ਆਨੰਦ ਨਿਵਾਸ ਬਣੇ ਮੁੱਖ ਦਫ਼ਤਰ ਵਿਖੇ ਲੈਕੇ ਆ ਸਕਦਾ ਹੈ ਅਤੇ ਉਸਦੀ ਮੁਸ਼ਕਲ ਦਾ ਹੱਲ ਕਰਕੇ ਤੋਰਿਆ ਜਾਵੇਗਾ।

# ਕੇਂਦਰ ਸਰਕਾਰ ਦਾ ਵੱਡਾ ਫੈਸਲਾ

## ਡੀਜ਼ਲ ਦੀ ਵਿਕਰੀ 'ਤੇ ਤੈਅ ਕੀਤੀ ਸੀਮਾ, ਪੈਟਰੋਲ ਪੰਪ 200 ਲੀਟਰ ਤੋਂ ਵੱਧ ਡੀਜ਼ਲ ਨਹੀਂ ਦੇਣਗੇ

- ਡੀਜ਼ਲ ਮੈਟਲ ਕੈਨਿਸ ਵਿੱਚ ਮਿਲੇਗਾ
- ਡੀਜ਼ਲ ਪਲਾਸਟਿਕ ਦੇ ਕੈਨਿਸ ਵਿੱਚ ਨਹੀਂ ਮਿਲੇਗਾ
- ਪੈਟਰੋਲ ਪੰਪ ਸੁੱਕਣ ਤੋਂ ਬਾਅਦ ਹੀ ਨਵੀਂ ਸਪਲਾਈ ਆਵੇਗੀ
- ਝੋਨੇ ਦੀ ਬਿਜਾਈ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ

ਜਨ ਜਾਗਰਣ ਬਿਊਰੋ

**ਮੋਗਾ (ਲਛਮਣ ਜੀਤ ਸਿੰਘ ਪੁਰਬਾ):** ਕੇਂਦਰ ਸਰਕਾਰ ਨੇ ਪੈਟਰੋਲ ਪੰਪਾਂ 'ਤੇ ਹਾਈ ਸਪੀਡ ਡੀਜ਼ਲ (HSD) ਦੀ ਵਿਕਰੀ ਨੂੰ ਸੀਮਤ ਕਰਨ ਦਾ ਫੈਸਲਾ ਕੀਤਾ ਹੈ। ਨਵੇਂ ਆਰਡਰ ਦੇ ਤਹਿਤ ਇੱਕ ਗਾਹਕ ਨੂੰ ਪ੍ਰਤੀ ਦਿਨ ਵੱਧ ਤੋਂ ਵੱਧ 200 ਲੀਟਰ ਡੀਜ਼ਲ ਦਿੱਤਾ ਜਾਵੇਗਾ। ਸਰਕਾਰ ਦਾ ਕਹਿਣਾ ਹੈ ਕਿ ਡੀਜ਼ਲ ਦੀ ਜਮ ?ਹਾਖੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਇਹ ਕਦਮ ਚੁੱਕਿਆ ਗਿਆ ਹੈ। ਇਸ ਸਬੰਧੀ ਅੱਜ ਮੋਗਾ ਜ਼ਿਲ੍ਹੇ ਦੇ ਪੈਟਰੋਲ ਪੰਪ ਮਾਲਕਾਂ ਨੇ ਪ੍ਰੈਸ ਕਾਨਫਰੰਸ ਕੀਤੀ। ਪੈਟਰੋਲ ਪੰਪ ਮਾਲਕਾਂ ਨੇ ਦੱਸਿਆ ਕਿ ਸਰਕਾਰ ਨੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ ਕਿ ਕਿਸੇ ਵੀ ਵਾਹਨ ਜਾਂ ਟਰੈਕਟਰ ਨੂੰ 200 ਲੀਟਰ ਤੋਂ ਵੱਧ ਦਾ ਡੀਜ਼ਲ ਨਹੀਂ ਮਿਲੇਗਾ ਅਤੇ ਨਾ ਹੀ ਪਲਾਸਟਿਕ ਦੇ ਡੱਬਿਆਂ ਵਿੱਚ ਡੀਜ਼ਲ ਮਿਲੇਗਾ। ਮੋਗਾ ਪੈਟਰੋਲ ਪੰਪ ਮਾਲਕਾਂ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜਿਨ੍ਹਾਂ ਲੋਕਾਂ ਨੂੰ ਕੰਮ ਜਾਂ ਹੋਰ ਮਸ਼ੀਨਰੀ ਲਈ ਡੀਜ਼ਲ ਲੈ ਕੇ ਜਾਣਾ ਪੈਂਦਾ ਹੈ, ਉਨ੍ਹਾਂ ਨੂੰ ਹੁਣ ਧਾਤ ਦੇ ਡੱਬਿਆਂ ਵਿੱਚ ਡੀਜ਼ਲ ਮਿਲੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਜੰਗ ਕਾਰਨ ਇਹ ਕਦਮ ਚੁੱਕਿਆ ਹੋ ਸਕਦਾ ਹੈ, ਜਦਕਿ ਉਨ੍ਹਾਂ ਦਾ ਕਹਿਣਾ ਸੀ ਕਿ ਸਰਕਾਰ ਨੇ ਇਹ ਕਦਮ ਕਾਲਾਬਾਜ਼ਾਰੀ ਨੂੰ ਰੋਕਣ ਅਤੇ ਜਮ ?ਹਾਖੋਰੀ ਨੂੰ ਰੋਕਣ ਲਈ ਚੁੱਕਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਹੁਣ ਸਾਡੀ ਸਪਲਾਈ ਵੀ ਕਾਫੀ ਘਟ ਗਈ ਹੈ, ਪੰਪ ਸੁੱਕਣ ਤੱਕ ਸਾਨੂੰ ਸਪਲਾਈ ਨਹੀਂ ਮਿਲੇਗੀ ਅਤੇ ਪੰਪ ਸੁੱਕਣ ਤੋਂ ਬਾਅਦ ਹੀ ਅਗਲੀ ਸਪਲਾਈ ਮਿਲੇਗੀ।

# ਕਰੰਟ ਲੱਗਣ ਨਾਲ ਲਾਈਨਮੈਨ ਦੀ ਮੌਤ


**ਸੁਲਤਾਨਪੁਰ ਲੋਧੀ (ਜਨ ਜਾਗਰਣ ਬਿਊਰੋ) :** ਇੱਥੋਂ ਨੇੜਲੇ ਪਿੰਡ ਟੂਰਨਾ 'ਚ ਡਿਊਟੀ ਦੌਰਾਨ ਕਰੰਟ ਲੱਗਣ ਕਾਰਨ ਬਿਜਲੀ ਵਿਭਾਗ ਦੇ ਲਾਈਨਮੈਨ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਓਂਕਾਰ ਸਿੰਘ ਸੈਹਬੀ (30) ਪੁੱਤਰ ਪਰਮਜੀਤ ਸਿੰਘ ਵਾਸੀ ਪਿੰਡ ਰਾਮਪੁਰ ਜਗੀਰ ਵਜੋਂ ਹੋਈ ਹੈ। ਜਾਣਕਾਰੀ ਮੁਤਾਬਕ ਓਂਕਾਰ ਸਿੰਘ ਪਿੰਡ ਟੂਰਨਾ ਵਿੱਚ ਬਿਜਲੀ ਲਾਈਨ ਦੀ ਮੁਰੰਮਤ ਦੇ ਕੰਮ 'ਚ ਰੁੱਝਿਆ ਹੋਇਆ ਸੀ। ਇਸ ਦੌਰਾਨ ਉਸ ਨੂੰ ਅਚਾਨਕ ਕਰੰਟ ਲੱਗ ਗਿਆ, ਜਿਸ ਕਾਰਨ ਉਹ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਿਆ। ਸਾਥੀ ਕਰਮਚਾਰੀਆਂ ਵੱਲੋਂ ਉਸ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ ਪਰ ਡਾਕਟਰ ਉਸ ਦੀ ਜਾਨ ਨਹੀਂ ਬਚਾ ਸਕੇ। ਉਧਰ, ਗੁੱਸੇ 'ਚ ਆਏ ਪਰਿਵਾਰਕ ਮੈਂਬਰਾਂ, ਪਿੰਡ ਵਾਸੀਆਂ, ਰਿਸ਼ਤੇਦਾਰਾਂ ਅਤੇ ਮੁਲਾਜ਼ਮ ਜਥੇਬੰਦੀਆਂ ਨੇ 66 ਕੇ. ਵੀ. ਬਿਜਲੀ ਸਬ ਸਟੇਸ਼ਨ ਲੋਹੀਆਂ ਖਾਸ ਦੇ ਬਾਹਰ ਧਰਨਾ ਲਗਾ ਕੇ ਸੜਕ ਜਾਮ ਕਰ ਦਿੱਤੀ ਅਤੇ ਵਿਭਾਗ ਦੇ ਸੰਬੰਧਿਤ ਅਧਿਕਾਰੀਆਂ ਖ਼ ?ਲਾਫ਼ ਫੌਜਦਾਰੀ ਕਾਰਵਾਈ ਦੀ ਮੰਗ ਕੀਤੀ। ਪ੍ਰਦਰਸ਼ਨਕਾਰੀਆਂ ਦਾ ਕਹਿਣਾ ਸੀ ਕਿ ਜੇ ਸੁਰੱਖਿਆ ਨਿਯਮਾਂ ਦੀ ਪਾਲਣਾ ਕੀਤੀ ਜਾਂਦੀ ਤਾਂ ਇਹ ਹਾਦਸਾ ਟਾਲਿਆ ਜਾ ਸਕਦਾ ਸੀ। ਉਨ੍ਹਾਂ ਮੰਗ ਕੀਤੀ ਕਿ ਘਟਨਾ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ ?ਲਾਫ਼ ਤੁਰੰਤ ਪਰਚਾ ਦਰਜ ਕੀਤਾ ਜਾਵੇ ਅਤੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਦੂਜੇ ਪਾਸੇ ਬਿਜਲੀ ਵਿਭਾਗ ਦੇ ਐੱਸਡੀਓ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਦੀ ਲਾਪ੍ਰਵਾਹੀ ਸਾਹਮਣੇ ਆਈ ਤਾਂ ਉਸ ਖ਼ਿਲਾਫ਼ ਬਣਦੀ ਵਿਭਾਗੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਹੌਂਡਾ ਸਿਟੀ ਕਾਰ ਦੀ ਤੇਜ਼ ਰਫ਼ਤਾਰ ਐਕਟਿਵਾ ਨਾਲ ਟੱਕਰ, ਐਕਟਿਵਾ ਚਾਲਕ ਦੀ ਮੌਤ

## ਆਸ-ਪਾਸ ਦੇ ਲੋਕਾਂ ਨੇ ਕਾਰ ਚਾਲਕ ਨੂੰ ਮੌਕੇ 'ਤੇ ਹੀ ਕਾਬੂ ਕੀਤਾ

- ਪੁਲਿਸ ਪਰਵਾਰ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰੇਗੀ

ਜਨ ਜਾਗਰਣ ਬਿਊਰੋ



**ਮੋਗਾ (ਲਛਮਣ ਜੀਤ ਸਿੰਘ ਪੁਰਬਾ):** ਮੋਗਾ ਦੇ ਨਿਗਾਹਾ ਰੋਡ 'ਤੇ ਅੱਜ ਉਸ ਸਮੇਂ ਹਾਦਸਾ ਵਾਪਰ ਗਿਆ ਜਦੋਂ ਨਿਗਾਹਾ ਰੋਡ 'ਤੇ ਤੇਜ਼ ਰਫਤਾਰ ਨਾਲ ਆ ਰਹੀ ਹੌਂਡਾ ਸਿਟੀ ਕਾਰ ਦੀ ਐਕਟਿਵਾ ਨਾਲ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ ਕਿ ਕਾਰ ਆਪਣਾ ਸੰਤੁਲਨ ਗੁਆ ਬੈਠੀ ਅਤੇ ਕਾਰ ਪਲਟ ਗਈ। ਇਸ ਹਾਦਸੇ 'ਚ ਐਕਟਿਵਾ ਸਵਾਰ ਅਸ਼ੋਕ ਕੁਮਾਰ ਉਮਰ ਕਰੀਬ 55-60 ਸਾਲ ਵਾਸੀ ਗਾਂਧੀ ਨਗਰ ਮੋਗਾ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ ਅਤੇ ਉਸ ਨੂੰ ਮੋਗਾ ਦੇ ਸਰਕਾਰੀ ਹਸਪਤਾਲ 'ਚ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਥੇ ਖੜ੍ਹੇ ਲੋਕਾਂ ਨੇ ਕਾਰ ਚਾਲਕ ਨੂੰ ਫੜ ਕੇ ਪੁਲਸ ਹਵਾਲੇ ਕਰ ਦਿੱਤਾ। ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਰਖਵਾ ਦਿੱਤਾ ਹੈ। ਮ੍ਰਿਤਕ ਦੇ ਰਿਸ਼ਤੇਦਾਰ ਡੇਵਿਡ ਨੇ ਦੱਸਿਆ ਕਿ ਅਸ਼ੋਕ ਕੁਮਾਰ ਫੈਕਟਰੀ ਤੋਂ ਕਿਸੇ ਕੰਮ ਲਈ ਵਾਪਸ ਆ ਰਿਹਾ ਸੀ ਤਾਂ ਦੂਜੇ ਪਾਸੇ ਤੇਜ਼ ਰਫਤਾਰ ਨਾਲ ਆ ਰਹੀ ਹੌਂਡਾ ਸਿਟੀ ਕਾਰ ਨੇ ਉਸ ਦੀ ਐਕਟਿਵਾ ਨੂੰ ਟੱਕਰ ਮਾਰ ਦਿੱਤੀ। ਉਥੇ ਖੜ੍ਹੇ ਲੋਕਾਂ ਨੇ ਕਾਰ ਚਾਲਕ ਨੂੰ ਫੜ ਲਿਆ। ਅਸੀਂ ਇਨਸਾਫ਼ ਦੀ ਮੰਗ ਕਰਦੇ ਹਾਂ। ਮੌਕੇ 'ਤੇ ਮੌਜੂਦ ਇੱਕ ਵਿਅਕਤੀ ਨੇ ਦੱਸਿਆ ਕਿ ਇੱਕ ਪਾਸੇ ਤੋਂ ਐਕਟਿਵਾ ਸਵਾਰ ਆ ਰਿਹਾ ਸੀ ਅਤੇ ਕਾਰ ਕਾਫੀ ਤੇਜ਼ ਰਫਤਾਰ ਨਾਲ ਆ ਰਹੀ ਸੀ, ਜਿਸ ਦੀ ਐਕਟਿਵਾ ਨਾਲ ਟੱਕਰ ਹੋ ਗਈ ਅਤੇ ਐਕਟਿਵਾ ਸਵਾਰ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ। ਇੱਕ ਬਹੁਤ ਛੋਟਾ ਮੁੰਡਾ ਕਾਰ ਚਲਾ ਰਿਹਾ ਸੀ। ਐਕਟਿਵਾ ਸਵਾਰ ਨੂੰ ਜ਼ਖਮੀ ਹਾਲਤ ਵਿਚ ਹਸਪਤਾਲ ਲਿਜਾਇਆ ਗਿਆ ਅਤੇ ਕਾਰ ਵੀ ਪਲਟ ਗਈ ਅਤੇ ਹੁਣ ਪਤਾ ਲੱਗਾ ਹੈ ਕਿ ਐਕਟਿਵਾ ਸਵਾਰ ਦੀ ਮੌਤ ਹੋ ਗਈ ਹੈ। ਹਾਦਸਾ ਬਹੁਤ ਭਿਆਨਕ ਸੀ। ਉਕਤ ਥਾਣਾ ਮੁਖੀ ਕਮਲ ਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਨਿਗਾਹ ਰੋਡ 'ਤੇ ਹੌਂਡਾ ਸਿਟੀ ਅਤੇ ਐਕਟਿਵਾ ਦਾ ਐਕਸੀਡੈਂਟ ਹੋਇਆ ਹੈ ਅਤੇ ਸਾਡੇ ਈ.ਓ. ਉਕਤ ਐਕਟਿਵਾ ਸਵਾਰ ਅਸ਼ੋਕ ਕੁਮਾਰ ਜਿਸ ਦੀ ਉਮਰ 50 ਸਾਲ ਤੋਂ ਉਪਰ ਹੈ, ਦੀ ਮੌਤ ਹੋ ਗਈ ਹੈ। ਪਰਿਵਾਰਕ ਮੈਂਬਰ ਉਸ ਦੀ ਸ਼ਨਾਖਤ ਕਰਨਗੇ ਅਤੇ ਦਿੱਤੇ ਬਿਆਨਾਂ ਅਨੁਸਾਰ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ।

# ਨਸ਼ਿਆਂ ਵਿਰੁਧ ਫਰੀਦਕੋਟ ਪੁਲਿਸ ਦਾ ਵੱਡਾ ਐਕਸ਼ਨ

## ਜੈਤੋ ਸਬ-ਡਵੀਜ਼ਨ ਦੇ ਪਿੰਡਾਂ 'ਚ CASO ਆਪਰੇਸ਼ਨ ਡੀ.ਐਸ.ਪੀ ਇਕਬਾਲ ਸਿੰਘ ਦੀ ਅਗਵਾਈ ਹੇਠ ਸ਼ੱਕੀ ਠਿਕਾਣਿਆਂ 'ਤੇ ਛਾਪੇਮਾਰੀ

- ਅਪਰਾਧਿਕ ਰਿਕਾਰਡ ਵਾਲੇ ਵਿਅਕਤੀਆਂ ਦੀ ਕੀਤੀ ਚੈਕਿੰਗ

ਜਨ ਜਾਗਰਣ ਬਿਊਰੋ



**ਜੈਤੋ (ਮਨਜੀਤ ਸਿੰਘ ਢੱਲਾ):** ਨਸ਼ਿਆਂ ਅਤੇ ਅਪਰਾਧਿਕ ਗਤੀਵਿਧੀਆਂ 'ਤੇ ਨਕੇਲ ਕੱਸਣ ਦੇ ਮਕਸਦ ਨਾਲ ਇਕਬਾਲ ਸਿੰਘ ਸੰਧੂ, ਡੀ.ਐਸ.ਪੀ. (ਸਬ-ਡਵੀਜ਼ਨ) ਜੈਤੋ ਦੀ ਅਗਵਾਈ ਹੇਠ ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਵੱਡੇ ਪੱਧਰ 'ਤੇ 'ਕਾਰਡਨ ਐਂਡ ਸਰਚ ਆਪਰੇਸ਼ਨ' (CASO) ਚਲਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਜੈਤੋ ਨੇ ਦੱਸਿਆ ਕਿ ਨਸ਼ੇ ਦੇ ਖਾਤਮੇ ਲਈ ਫਰੀਦਕੋਟ ਪੁਲਿਸ ਵੱਲੋਂ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਇਹ ਸਰਚ ਆਪਰੇਸ਼ਨ ਵੀ ਉਸੇ ਮੁਹਿੰਮ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਆਪਰੇਸ਼ਨ ਦੌਰਾਨ ਪੁਲਿਸ ਮੁਲਾਜ਼ਮਾਂ ਦੀਆਂ ਵਿਸ਼ੇਸ਼ ਟੀਮਾਂ ਗਠਿਤ ਕਰਕੇ ਵੱਖ-ਵੱਖ ਸ਼ੱਕੀ ਠਿਕਾਣਿਆਂ 'ਤੇ ਅਚਨਚੇਤ ਛਾਪੇਮਾਰੀ ਅਤੇ ਚੈਕਿੰਗ ਕੀਤੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਜਿਨ੍ਹਾਂ ਵਿਅਕਤੀਆਂ ਖ਼ ?ਲਾਫ਼ ਪਹਿਲਾਂ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲੇ ਦਰਜ ਹਨ ਜਾਂ ਜਿਨ੍ਹਾਂ ਦਾ ਅਪਰਾਧਿਕ ਰਿਕਾਰਡ ਰਿਹਾ ਹੈ, ਉਨ੍ਹਾਂ ਦੇ ਟਿਕਾਣਿਆਂ 'ਤੇ ਵੀ ਪੁਲਿਸ ਪਾਰਟੀਆਂ ਵੱਲੋਂ ਰੇਡ ਕਰਕੇ ਤਲਾਸ਼ੀ ਲਈ ਗਈ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਨਸ਼ਿਆਂ ਅਤੇ ਅਪਰਾਧ ਵਿਰੁੱਧ ਅਜਿਹੀਆਂ ਕਾਰਵਾਈਆਂ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਸਮਾਜ ਨੂੰ ਨਸ਼ਾ-ਮੁਕਤ ਅਤੇ ਸੁਰੱਖਿਅਤ ਬਣਾਇਆ ਜਾ ਸਕੇ।

# ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਵੱਲੋਂ ਬੀ.ਫਾਰਮ ਦੂਜੇ ਸਮੈਸਟਰ ਦੇ ਵਿਦਿਆਰਥੀਆਂ ਦਾ ਸਨਮਾਨ

ਜਨ ਜਾਗਰਣ ਬਿਊਰੋ

**ਮੋਗਾ (ਲਛਮਣ ਜੀਤ ਸਿੰਘ ਪੁਰਬਾ):** ਪੰਜਾਬ ਦੀ ਪ੍ਰਮੁੱਖ ਸਿੱਖਿਆ ਸੰਸਥਾ ਆਈ.ਐਸ.ਐਫ. ਕਾਲਜ ਆਫ ਫਾਰਮੇਸੀ, ਮੋਗਾ ਵਿਖੇ ਬੀ.ਫਾਰਮ ਦੂਜੇ ਸਮੈਸਟਰ ਦੇ ਉਹਨਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਜਿਨ੍ਹਾਂ ਦੀ ਹਾਜ਼ਰੀ 90 ਫੀਸਦੀ ਤੋਂ ਵੱਧ ਰਹੀ। ਇਸ ਮੌਕੇ ਸੰਸਥਾ ਦੇ ਚੇਅਰਮੈਨ ਸ਼੍ਰੀ ਪ੍ਰਵੀਣ ਗਰਗ, ਵਿਸ਼ੇਸ਼ ਮਹਿਮਾਨ ਰਿਸ਼ੀ ਮਨਚੰਦਾ ਅਤੇ ਹਰਸ਼ ਗੋਇਲ ਦੇ ਨਾਲ ਸੰਸਥਾ ਦੇ ਡਾਇਰੈਕਟਰ ਡਾ. ਜੀ. ਡੀ. ਗੁਪਤਾ, ਆਈ.ਐਸ.ਐਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ, ਡੀਨ ਸਟੂਡੈਂਟ ਵੈਲਫੇਅਰ ਡਾ. ਜੀ. ਐਸ. ਸ਼ਰਮਾ, ਡੀਨ ਇਗਜ਼ਾਮੀਨੇਸ਼ਨ ਇੰਜੀ. ਜਸਪ੍ਰੀਤ ਇੰਦਰ ਸਿੰਘ, ਵਿਭਾਗ ਮੁਖੀ ਡਾ. ਬਾਲਕ ਦਾਸ, ਡਾ. ਸੌਰਭ ਕੋਸੇ, ਡਾ. ਸੰਤ ਕੁਮਾਰ ਵਰਮਾ, ਡਾ. ਖੜਗ ਰਾਜ, ਪਲੇਸਮੈਂਟ ਅਫਸਰ ਡਾ. ਅਮਨਦੀਪ ਸਿੰਘ ਅਤੇ ਹੋਰ ਫੈਕਲਟੀ ਮੈਂਬਰ ਹਾਜ਼ਰ ਸਨ। ਇਸ ਦੌਰਾਨ ਬੀ.ਫਾਰਮ ਦੂਜੇ ਸਮੈਸਟਰ ਦੇ ਵਿਦਿਆਰਥੀ ਪ੍ਰਿੰਸ ਕੁਮਾਰ ਨੂੰ 98 ਫੀਸਦੀ ਹਾਜ਼ਰੀ ਲਈ ਸਰਟੀਫਿਕੇਟ ਅਤੇ ਨਕਦ ਇਨਾਮ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ 90 ਫੀਸਦੀ ਤੋਂ ਵੱਧ ਹਾਜ਼ਰੀ ਵਾਲੇ ਹੋਰ ਵਿਦਿਆਰਥੀਆਂ ਨੂੰ ਵੀ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਏ ਵਿਦਿਆਰਥੀਆਂ ਵਿੱਚ ਜਸ਼ਨਪ੍ਰੀਤ ਕੌਰ, ਮੁਸਕਾਨ ਕੁਮਾਰੀ, ਜਸਵੀਰ ਸਿੰਘ, ਅੰਕੁਰ ਉਪਾਧਿਆਇ, ਅਮਨ ਕੁਮਾਰ, ਮਨਵੀਰ ਕੌਰ, ਅਰਸ਼ਦੀਪ ਕੌਰ, ਅਨੁਪਮਾ, ਆਰਵੀਰ, ਕੁਮਾਰੀ ਸਵਾਤੀ, ਆਰਵ ਪ੍ਰਜਾਪਤੀ, ਅੰਜਲੀ ਕੁਮਾਰੀ, ਅਮਿਤ ਕੁਮਾਰ, ਲਵਿਸ ਮਿੱਤਲ, ਹਰਸ਼ਿਤਾ, ਅੰਕਿਤ ਕੁਮਾਰ ਸਿੰਘ, ਗੌਤਮ ਭਾਰਦਵਾਜ, ਆਸ਼ੂਤੋਸ਼ ਕੁਮਾਰ, ਅੰਕਿਤ ਕੁਮਾਰ, ਪ੍ਰਭਲੀਨ ਕੌਰ, ਰਜ਼ੀਆ ਬੇਗਮ ਅਤੇ ਸ਼ਿਵਮ ਕੁਮਾਰ ਸ਼ਾਮਲ ਸਨ। ਸੰਸਥਾ ਦੇ ਡਾਇਰੈਕਟਰ ਡਾ. ਜੀ. ਡੀ. ਗੁਪਤਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਚੇਅਰਮੈਨ ਪ੍ਰਵੀਣ ਗਰਗ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸੰਸਥਾ ਦਾ ਪ੍ਰਬੰਧਨ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਨਿਰੰਤਰ ਕੰਮ ਕਰ ਰਿਹਾ ਹੈ ਅਤੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਲਗਾਤਾਰ ਸਨਮਾਨਿਤ ਕਰ ਰਿਹਾ ਹੈ। ਚੇਅਰਮੈਨ ਪ੍ਰਵੀਣ ਗਰਗ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਉਣ ਵਾਲੇ ਸੈਸ਼ਨ ਵਿੱਚ ਉਮੀਦ ਹੈ ਕਿ ਪੂਰੀ ਕਲਾਸ ਇਸ ਸਨਮਾਨ ਨੂੰ ਪ੍ਰਾਪਤ ਕਰੇਗੀ ਅਤੇ ਵੱਧ ਤੋਂ ਵੱਧ ਨਿਯਮਿਤ ਕਲਾਸਾਂ ਵਿੱਚ ਹਾਜ਼ਰੀ ਲਗਾ ਕੇ ਆਪਣੇ ਭਵਿੱਖ ਨੂੰ ਹੋਰ ਰੌਸ਼ਨ ਬਣਾਏਗੀ।ਸਮਾਗਮ ਦਾ ਸੰਚਾਲਨ ਸਾਨੀਆ ਗਰੋਵਰ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ।

# 1 ਜੁਲਾਈ ਤੋਂ ਬਾਬਾ ਬਰਫਾਨੀ ਭਗਤਾਂ ਲਈ ਭੰਡਾਰਾ ਸ਼ੁਰੂ ਹੋਵੇਗਾ: ਚੰਦਰਸ਼ੇਖਰ ਸੂਦ

## ਭੰਡਾਰਾ ਦੀ ਤਿਆਰੀਆਂ ਨੂੰ ਲੈਕੇ ਸਾਰੀਆਂ ਸ਼ਾਖਾਵਾਂ ਦੀ ਹੋਈ ਮੀਟਿੰਗ

ਜਨ ਜਾਗਰਣ ਬਿਊਰੋ



**ਮੋਗਾ (ਲਛਮਣ ਜੀਤ ਸਿੰਘ ਪੁਰਬਾ):** ਬਾਬਾ ਬਰਫਾਨੀ ਸੇਵਾ ਮੰਡਲ ਰਜਿਸਟਰ ਮੋਗਾ ਵੱਲੋਂ 24 ਵੇ ਵਿਸ਼ਾਲ ਭੰਡਾਰੇ ਦੀ ਤਿਆਰੀ ਜੋਰ ਸ਼ੋਰ ਨਾਲ ਚਲ ਰਹੀ ਹੈ। ਇਸ ਮੌਕੇ ਤੇ ਪੰਜਾਬ ਦੀਆਂ ਸਾਰੀਆਂ ਸ਼ਾਖਾਵਾਂ ਦੀ ਸੰਯੁਕਤ ਮੀਟਿੰਗ ਲਾਲਾ ਲਾਲਚੰਦ ਧਰਮਸ਼ਾਲਾ ਵਿਖੇ ਹੋਈ। ਸਮਾਗਮ ਦੀ ਸ਼ੁਰੂਆਤ ਪ੍ਰਧਾਨ ਚੰਦਰਸ਼ੇਖਰ ਸੂਦ ਅਤੇ ਮੰਡਲ ਦੇ ਸਾਰੇ ਮੈਂਬਰਾਂ ਵੱਲੋਂ ਗਣਪਤੀ ਪੂਜਨ ਅਤੇ ਸ਼ਿਵ ਪੂਜਨ ਨਾਲ ਕੀਤੀ ਗਈ। ਭਜਨ ਗਾਇਕ ਮਹੇਸ਼ ਚੋਪੜਾ ਵੱਲੋਂ ਗਣਪਤੀ ਵੰਦਨਾ ਨਾਲ ਭਜਨਾਂ ਦੀ ਸ਼ੁਰੂਆਤ ਕੀਤੀ ਗਈ। ਗਾਇਕ ਮਹੇਸ਼ ਚੋਪੜਾ ਨੇ ਸਾਰੇ ਆਏ ਹੋਏ ਭਗਤਾਂ ਨੂੰ ਸੁੰਦਰ ਸੁੰਦਰ ਭਜਨ ਸੁਣਾਕੇ ਨੱਚਣ ਤੇ ਮਜਬੂਰ ਕਰ ਦਿੱਤਾ। ਮੀਟਿੰਗ ਦੀ ਕਾਰਵਾਈ ਅੱਗੇ ਵਧਾਉਂਦੇ ਹੋਏ ਪ੍ਰਧਾਨ ਚੰਦਰਸ਼ੇਖਰ ਸੂਦ ਨੇ ਦੱਸਿਆ ਕਿ ਬਾਬਾ ਬਰਫਾਨੀ ਸੇਵਾ ਮੰਡਲ ਵੱਲੋਂ ਆਯੋਜਿਤ 24ਵਾਂ ਵਿਸ਼ਾਲ ਭੰਡਾਰਾ ਭੋਲੇ ਨਾਥ ਦੀ ਕਿਰਪਾ ਅਤੇ ਸਾਰੀਆਂ ਸ਼ਾਖਾਵਾਂ ਅਤੇ ਸ਼ਹਿਰੀ ਵਾਸੀਆਂ ਦੇ ਸਹਿਯੋਗ ਨਾਲ ਛੰਨ ਅਰੋੜਿਆ 'ਚ 1 ਜੁਲਾਈ ਤੋਂ ਸ਼ੁਰੂ ਹੋ ਜਾਵੇਗਾ। ਭੰਡਾਰੇ 'ਚ ਲੱਗਣ ਵਾਲੇ ਬਿਜਲੀ ਦੇ ਸਮਾਨ ਦੇ ਦੋ ਟਰੱਕ 24 ਜੂਨ ਨੂੰ ਬਰਫਾਨੀ ਭਵਨ ਤੋਂ ਰਵਾਨਾ ਕੀਤੇ ਜਾਣਗੇ। ਰਾਸ਼ਨ ਸਮੱਗਰੀ ਦੇ ਟਰੱਕ 28 ਜੂਨ, ਐਤਵਾਰ ਨੂੰ ਬਰਫਾਨੀ ਭਵਨ ਤੋਂ ਰਵਾਨਾ ਹੋਣਗੇ ਅਤੇ ਭੰਡਾਰਾ ਸਥਾਨ ਤੇ 1 ਜੁਲਾਈ ਨੂੰ ਹਵਨ ਯਗ ਦੇ ਨਾਲ ਵਿਸ਼ਾਲ ਭੰਡਾਰੇ ਦੀ ਸ਼ੁਰੂਆਤ ਹੋਵੇਗੀ। ਭੰਡਾਰੇ ਦੀ ਸ਼ੁਰੂਆਤ ਦਾ ਸਮਾਗਮ 5 ਜੁਲਾਈ ਨੂੰ ਛੰਨ ਅਰੋੜਿਆ 'ਚ ਹੋਵੇਗਾ, ਜਿਸ 'ਤੇ ਸਾਰੇ ਸ਼ਾਖਾਵਾਂ ਅਤੇ ਮੋਗਾ ਤੋਂ ਸ਼ਹਿਰੀ ਵਾਸੀ ਸ਼ਾਮਲ ਹੋਣਗੇ। ਪ੍ਰਧਾਨ ਚੰਦਰਸ਼ੇਖਰ ਸੂਦ ਨੇ ਸ਼ਾਖਾਵਾਂ ਅਤੇ ਮੋਗਾ ਵਾਸੀਆਂ ਦਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਭਰਪੂਰ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਹਨਾਂ ਹੋਰ ਦੱਸਿਆ ਕਿ ਭੰਡਾਰੇ ਦੀ ਥਾਂ 'ਤੇ ਬਹੁਤ ਵੱਡੇ 2 ਹਾਲ ਕਮਰੇ ਬਣ ਚੁੱਕੇ ਹਨ ਜਿਸ 'ਚ ਹਰ ਰੋਜ਼ ਸੈਂਕੜੇ ਯਾਤਰੀ ਵਿਸ਼ਰਾਮ ਦਾ ਲਾਭ ਲੈਂਦੇ ਹਨ। ਇਹ ਭੰਡਾਰਾ ਸਾਰੇ ਯਾਤਰੀਆਂ ਲਈ 24 ਘੰਟੇ ਖੁਲਾ ਰਹਿੰਦਾ ਹੈ, ਜਿਸ 'ਚ ਯਾਤਰੀਆਂ ਦੀ ਸਹੂਲਤ ਲਈ ਸਵੇਰੇ ਦੀ ਚਾਹ, ਜਲ ਦੁਪਹਿਰ ਦਾ ਭੋਜਨ, ਸ਼ਾਮ ਦੀ ਚਾਹ, ਰਾਤ ਦਾ ਭੋਜਨ, ਰਾਤ ਵਿਸ਼ਰਾਮ ਨਾਲ- ਨਾਲ ਮੁਫ਼ਤ ਮੈਡੀਕਲ ਸਹੂਲਤ ਵੀ ਉਪਲਬਧ ਕਰਵਾਈ ਜਾਂਦੀ ਹੈ। ਇਹ ਸਾਰਾ ਕੰਮ ਦਾਨੀਆਂ ਵੱਲੋਂ ਦਿੱਤੇ ਦਾਨ ਨਾਲ ਹੀ ਸੰਭਵ ਹੈ। ਪ੍ਰਧਾਨ ਚੰਦਰਸ਼ੇਖਰ ਸੂਦ ਨੇ ਹੋਰ ਦੱਸਿਆ ਕਿ ਪਿਛਲੇ ਸਾਲ ਵੀ ਬਾਬਾ ਬਰਫਾਨੀ ਸੇਵਾ ਮੰਡਲ ਮੋਗਾ ਨੂੰ ਜੰਮੂ-ਕਸ਼ਮੀਰ ਦੇ ਰਾਜਪਾਲ ਮਨੋਜ ਸਿਨਹਾ ਵੱਲੋਂ ਕਟਰਾ 'ਚ ਆਯੋਜਿਤ ਮੀਟਿੰਗ 'ਚ ਵਿਸ਼ੇਸ਼ ਸਨਮਾਨ ਦਿੱਤਾ ਗਿਆ ਸੀ। ਸਮਾਗਮ ਵਿੱਚ ਬਾਘਾਪੁਰਾਣਾ ਤੋਂ ਪ੍ਰਵੀਨ ਗੋਇਲ ਅਤੇ ਉਹਦੇ ਸਾਥੀ, ਤਲਵੰਡੀ ਭਾਈ ਤੋਂ ਸੁਰਿੰਦਰ ਕੁਮਾਰ, ਅਜੈ ਤਲਵਾਰ, ਅਸ਼ਵਨੀ ਕੁਮਾਰ, ਮੁਦਕੀ ਤੋਂ ਕਮਲ ਅਗਰਵਾਲ ਆਪਣੇ ਸਾਥੀਆਂ ਸਮੇਤ, ਫਿੱਲੌਰ ਤੋਂ ਮੈਡਮ ਅਨੁਰਾਧਾ , ਜੀਰਾ ਤੋਂ ਗਿਆਨ ਸਿੰਘ, ਅਸ਼ੋਕ , ਗਣੇਸ਼ ਬੰਸਲ ਚੜਿਕ, ਰਾਮਪੁਰਾ ਫੂਲ ਤੋਂ ਬਲਜੀਤ, ਗਗਨ ਗੁਪਤਾ, ਬਠਿੰਡਾ ਤੋਂ ਸੁਰਿੰਦਰ ਜਿੰਦਲ, ਕੇਵਲ ਬੰਸਲ, ਫਗਵਾੜਾ ਤੋਂ ਸੰਜੀਵ, ਰਾਜ ਕੁਮਾਰ ਸ਼ਰਮਾ, ਭਗਤਾ ਭਾਈ ਤੋਂ ਡਾ. ਸੰਜੀਵ ਗੁਪਤਾ, ਭਿੰਡਰ ਕਲਾਂ ਤੋਂ ਕੁਲਦੀਪ ਗਰਗ, ਅੰਮ੍ਰਿਤਸਰ ਤੋਂ ਨਰੇਂਦਰ ਚਾਵਲਾ, ਧਰਮਕੋਟ ਤੋਂ ਦੀਪਕ ਬੰਸਲ, ਜਗਮੋਹਨ, ਖੰਨਾ ਤੋਂ ਅਭਿਸ਼ੇਕ ਸ਼ਰਮਾ ਆਪਣੀ ਟੀਮ ਨਾਲ ਹਾਜਰ ਹੋਏ। ਮਹੇਸ਼ ਚੋਪੜਾ ਦੇ ਨਾਲ-ਨਾਲ ਅਜੈ ਗਰਗ ਜੀ ਵੱਲੋਂ ਗਾਏ ਭਜਨ "ਬਮ ਭੋਲੇ ਬਮ"ਅਤੇ "ਚਲੋ ਬੁਲਾਵਾ ਆਇਆ ਹੈ"ਉੱਤੇ ਸ਼ਰਧਾਲੂ ਝੂਮਦੇ ਹੋਏ ਨਜ਼ਰ ਆਏ। "ਬਮ ਬਮ ਭੋਲੇ"ਦੇ ਜੈਕਾਰਿਆਂ ਨਾਲ ਸਾਰਾ ਪੰਡਾਲ ਗੂੰਜ ਰਿਹਾ ਸੀ। ਮੀਟਿੰਗ ਦੇ ਅੰਤ ਵਿਖੇ ਪ੍ਰਧਾਨ ਚੰਦਰਸ਼ੇਖਰ ਸੂਦ ਨੇ ਵਿਸ਼ਾਲ ਭੰਡਾਰੇ ਦੀ ਰੂਪਰੇਖਾ ਤਿਆਰ ਕਰਦਿਆਂ ਸਾਰੇ ਮੈਂਬਰਾਂ ਨੂੰ ਉਹਨਾਂ ਦੀਆਂ ਡਿਉਟੀਆਂ ਬਾਰੇ ਪ੍ਰੇਰਿਤ ਕੀਤਾ। ਉਹਨਾਂ ਦੱਸਿਆ ਕਿ ਇਸ ਵਾਰ ਭੰਡਾਰਾ ਥਾਂ 'ਤੇ ਸਫਾਈ ਅਤੇ ਬਿਜਲੀ ਵਿਭਾਗ ਦਾ ਕੰਮ ਬੜੇ ਜੋਰਾਂ ਨਾਲ ਚਲ ਰਿਹਾ ਹੈ। ਇਸ ਵਾਰ ਸੁਰੱਖਿਆ ਦਾ ਵੀ ਪੂਰਾ ਧਿਆਨ ਰੱਖਿਆ ਜਾਵੇਗਾ ਅਤੇ ਭੰਡਾਰੇ ਵਾਲੇ ਸਥਾਨ 'ਤੇ ਅਰਧ-ਸੈਨਿਕ ਬਲਾਂ ਦੀ ਤੈਨਾਤੀ ਕੀਤੀ ਗਈ ਹੈ। ਸਾਰੇ ਮੈਂਬਰਾਂ ਅਤੇ ਸ਼ਾਖਾਵਾਂ ਤੋਂ ਆਏ ਮੈਂਬਰਾਂ ਨੂੰ ਸਮ੍ਰਿਤੀ ਚਿਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸੁਰੇਸ਼ ਰਾਵਲ, ਸੁਰਿੰਦਰ ਬਿੱਟਾ, ਸਚਿਨ ਜਿੰਦਲ, ਵਰਿੰਦਰ ਕਾਲੜਾ, ਅਨਿਲ ਗੁਪਤਾ, ਸੁਰਿੰਦਰ ਗਰਗ, ਸੁਧੀਰ ਸੂਦ, ਸੁਸ਼ੀਲ ਗੁਪਤਾ, ਸਾਜਨ, ਅਜੈ ਗਰਗ, ਪ੍ਰਦੀਪ ਹੰਸ, ਦੀਪਕ ਰੇਹਾਨ, ਸੰਜੇ ਨੋਹਰੀਆ, ਅਜੇ ਸਹਾਨੀ, ਪੰਕਜ ਬੰਸਲ, ਰਿਸ਼ੂ ਸੂਦ, ਨੀਰੂ ਮਿੱਤਲ, ਪੰਕਜ ਮਿੱਤਲ, ਸੰਜੀਵ ਸੂਦ, ਅਜੇ ਸੱਚਰ, ਹੈਪੀ ਗ੍ਰੋਵਰ, ਮਿੰਕਲ ਅਰੋੜਾ, ਅਮਨਦੀਪ ਅਰੋੜਾ, ਰਾਜਾ, ਅਮਨ, ਰੋਹਿਤ, ਰਾਹੁਲ ਅਗਰਵਾਲ, ਸੁਨੀਲ ਸਚਦੇਵਾ, ਅਜੇ ਹਾਂਡਾ, ਸਚਿਨ ਵਰਮਾ, ਵਿਕਕੀ, ਰਮੇਸ਼, ਰਾਕੇਸ਼, ਅਨਿਲ ਗਾਬਾ, ਸੋਹਨ ਲਾਲ, ਸੋਨੂ ਦੂਆ, ਲਲਿਤ ਦੀਵਾਨ, ਟੋਨੀ ਆਦਿ ਮੈਂਬਰ ਹਾਜਰ ਸਨ।

# ਪੰਜਾਬ ਵਿੱਚ ਭਾਜਪਾ ਦਾ ਉਭਾਰ ਖੇਤਰੀ ਪਾਰਟੀਆਂ ਲਈ ਖਤਰੇ ਦੀ ਘੰਟੀ: ਮੁਖਤਿਆਰ ਸਿੰਘ ਦੀਨਾ ਸਾਹਿਬ



ਨਿਹਾਲ ਸਿੰਘ ਵਾਲਾ 14 ਜੂਨ (ਮਿੰਟੂ ਖੁਰਮੀ ਹਿੰਮਤਪੁਰਾ) ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਮੁਖਤਿਆਰ ਸਿੰਘ ਦੀਨਾ ਸਾਹਿਬ ਨੇ ਕਿਹਾ ਹੈ ਕਿ ਜਿਵੇਂ-ਜਿਵੇਂ ਪੰਜਾਬ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਤਿਵੇਂ-ਤਿਵੇਂ ਭਾਰਤੀ ਜਨਤਾ ਪਾਰਟੀ (ਭਾਜਪਾ) ਸੂਬੇ ਵਿੱਚ ਆਪਣਾ ਪ੍ਰਭਾਵ ਵਧਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਹੋਰ ਸੂਬਿਆਂ ਵਾਂਗ ਪੰਜਾਬ ਵਿੱਚ ਵੀ ਰਾਜਨੀਤਿਕ ਸਮੀਕਰਨ ਬਦਲਣ ਦੀ ਰਣਨੀਤੀ ਅਪਣਾਈ ਹੋਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਮਹਾਰਾਸ਼ਟਰ ਅਤੇ ਹੋਰ ਸੂਬਿਆਂ ਵਿੱਚ ਖੇਤਰੀ ਪਾਰਟੀਆਂ ਨੂੰ ਕਮਜ਼ੋਰ ਕਰਨ ਤੋਂ ਬਾਅਦ ਹੁਣ ਭਾਜਪਾ ਦਾ ਅਗਲਾ ਨਿਸ਼ਾਨਾ ਪੰਜਾਬ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਰਵਾਇਤੀ ਪਾਰਟੀਆਂ ਅੰਦਰੂਨੀ ਧੜੇਬੰਦੀ ਅਤੇ ਲੀਡਰਸ਼ਿਪ ਸੰਕਟ ਦਾ ਸਾਹਮਣਾ ਕਰ ਰਹੀਆਂ ਹਨ, ਜਿਸਦਾ ਲਾਭ ਭਾਜਪਾ ਚੁੱਕਣਾ ਚਾਹੁੰਦੀ ਹੈ। ਮੁਖਤਿਆਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਖ-ਵੱਖ ਧੜਿਆਂ ਵਿੱਚ ਵੰਡਿਆ ਹੋਇਆ ਹੈ, ਜਦਕਿ ਕਾਂਗਰਸ ਵਿੱਚ ਕਈ ਮੁੱਖ ਮੰਤਰੀ ਅਹੁਦੇ ਦੇ ਦਾਅਵੇਦਾਰ ਹਨ। ਬਹੁਜਨ ਸਮਾਜ ਪਾਰਟੀ ਅਤੇ ਖੱਬੇ ਪੱਖ ਦੀਆਂ ਪਾਰਟੀਆਂ ਦਾ ਜਨ ਅਧਾਰ ਵੀ ਪਹਿਲਾਂ ਨਾਲੋਂ ਕਾਫ਼ੀ ਘਟਿਆ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਭਾਜਪਾ ਦਾ ਮੁੱਖ ਮੁਕਾਬਲਾ ਆਮ ਆਦਮੀ ਪਾਰਟੀ ਨਾਲ ਹੈ ਅਤੇ ਇਸੇ ਲਈ ਉਹ ਪੰਜਾਬ ਵਿੱਚ ਦਲ-ਬਦਲੂ ਆਗੂਆਂ ਨੂੰ ਆਪਣੇ ਨਾਲ ਜੋੜਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਇੱਕ ਵਿਲੱਖਣ ਸੂਬਾ ਹੈ, ਜਿੱਥੇ ਕਿਸਾਨਾਂ ਅਤੇ ਮਜ਼ਦੂਰਾਂ ਨੇ ਕਿਸਾਨ ਅੰਦੋਲਨ ਦੌਰਾਨ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ। ਇਸ ਦੇ ਬਾਵਜੂਦ ਅਜੇ ਤੱਕ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਦੀ ਕਾਨੂੰਨੀ ਗਾਰੰਟੀ ਨਹੀਂ ਮਿਲੀ ਅਤੇ ਨਾ ਹੀ ਕਰਜ਼ਾ ਮੁਆਫ਼ੀ, ਦਰਿਆਈ ਪਾਣੀਆਂ ਅਤੇ ਬੀਬੀਐਮਬੀ ਵਿੱਚ ਪੰਜਾਬ ਦੀ ਨੁਮਾਇੰਦਗੀ ਵਰਗੇ ਮੁੱਦੇ ਹੱਲ ਹੋਏ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਭਾਜਪਾ ਨੂੰ ਲੋਕਾਂ ਦਾ ਵੱਡਾ ਸਮਰਥਨ ਮਿਲਣਾ ਮੁਸ਼ਕਿਲ ਹੈ, ਜਦਕਿ ਸ਼ਹਿਰੀ ਖੇਤਰਾਂ ਵਿੱਚ ਹੋਈਆਂ ਸਥਾਨਕ ਚੋਣਾਂ ਦੇ ਨਤੀਜੇ ਵੀ ਇਸ ਗੱਲ ਦਾ ਸੰਕੇਤ ਦੇ ਚੁੱਕੇ ਹਨ। ਉਨ੍ਹਾਂ ਦਾ ਕਹਿਣਾ ਸੀ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੇ ਮੁੱਦੇ ਹੱਲ ਕੀਤੇ ਬਿਨਾਂ ਕਿਸੇ ਵੀ ਪਾਰਟੀ ਲਈ ਉਨ੍ਹਾਂ ਦਾ ਭਰੋਸਾ ਜਿੱਤਣਾ ਆਸਾਨ ਨਹੀਂ ਹੋਵੇਗਾ। ਮੁਖਤਿਆਰ ਸਿੰਘ ਨੇ ਕਿਹਾ ਕਿ ਪੰਜਾਬ ਅੱਜ ਨਸ਼ਿਆਂ, ਗੈਂਗਸਟਰਵਾਦ, ਬੇਰੁਜ਼ਗਾਰੀ, ਮਹਿੰਗਾਈ ਅਤੇ ਪਰਵਾਸ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਉਨ੍ਹਾਂ ਅਫ਼ਸੋਸ ਪ੍ਰਗਟਾਇਆ ਕਿ ਇਹ ਅਹਿਮ ਮੁੱਦੇ ਸਿਆਸੀ ਪਾਰਟੀਆਂ ਦੀਆਂ ਚੋਣ ਰੈਲੀਆਂ ਅਤੇ ਭਾਸ਼ਣਾਂ ਵਿੱਚ ਪ੍ਰਮੁੱਖਤਾ ਨਾਲ ਨਹੀਂ ਉਠਾਏ ਜਾ ਰਹੇ। ਉਨ੍ਹਾਂ ਪੰਜਾਬ ਦੇ ਮੀਡੀਆ ਨੂੰ ਅਪੀਲ ਕੀਤੀ ਕਿ ਉਹ ਆਮ ਲੋਕਾਂ ਅਤੇ ਪੰਜਾਬ ਦੇ ਅਸਲ ਮੁੱਦਿਆਂ ਦੀ ਆਵਾਜ਼ ਬਣੇ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਜੁੜੇ ਮਸਲਿਆਂ ਨੂੰ ਉਜਾਗਰ ਕਰਨਾ ਮੀਡੀਆ ਦੀ ਵੱਡੀ ਜ਼ਿੰਮੇਵਾਰੀ ਹੈ ਅਤੇ ਪੰਜਾਬ ਦੇ ਭਵਿੱਖ ਲਈ ਇਹ ਲਾਜ਼ਮੀ ਵੀ ਹੈ।

# ਦਲਿਤ ਸਮਾਜ ਸੇਵਾ ਸੰਗਠਨ ਨੇ ਨਿਸ਼ਕਾਮ ਸੇਵਾ ਕਰਨ ਵਾਲੀਆਂ ਸ਼ਖਸ਼ੀਅਤਾਂ ਨੂੰ ਦਿੱਤੀਆਂ ਜਿੰਮੇਵਾਰੀਆਂ

## ਦਲਿਤ ਸਮਾਜ ਦੇ ਹੱਕਾਂ ਅਤੇ ਭਲਾਈ ਲਈ ਸੰਗਠਨ ਲਗਾਤਾਰ ਕਾਰਜਸ਼ੀਲ - ਡਾ. ਹਰਮੇਸ਼ ਸਿੰਘ



ਸੁਨਾਮ ਊਧਮ ਸਿੰਘ ਵਾਲਾ, 14 ਜੂਨ (ਰਾਜੂ ਸਿੰਗਲਾ/ਰਾਜੇਸ਼ ਕੁਮਾਰ ): ਦਲਿਤ ਸਮਾਜ ਸੇਵਾ ਸੰਗਠਨ ਦੇ ਸੂਬਾ ਪ੍ਰਧਾਨ ਡਾ. ਹਰਮੇਸ਼ ਸਿੰਘ ਹਿਆਣਾ ਨੇ ਸੰਗਠਨ ਦੀ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਦੇ ਨਿਵਾਸ ਸਥਾਨ ਸੁਨਾਮ ਵਿਖੇ ਪਹੁੰਚ ਕੇ ਸੰਗਠਨ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਸੰਗਠਨ ਵੱਲੋਂ ਸਮਾਜ ਭਲਾਈ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਸਮਾਜ ਨੂੰ ਇਕਜੁੱਟ ਹੋ ਕੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਹਿਆਣਾ ਨੇ ਕਿਹਾ ਕਿ ਦਲਿਤ ਸਮਾਜ ਦੇ ਹੱਕਾਂ ਅਤੇ ਭਲਾਈ ਲਈ ਸੰਗਠਨ ਲਗਾਤਾਰ ਕਾਰਜ ਕਰ ਰਿਹਾ ਹੈ ਅਤੇ ਸੰਗਠਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਮਿਸ਼ਨ ਨੂੰ ਅੱਗੇ ਵਧਾਉਣ ਲਈ ਹਰ ਮੈਂਬਰ ਦੀ ਭੂਮਿਕਾ ਅਹਿਮ ਹੈ। ਉਹਨਾਂ ਕਿਹਾ ਕਿ ਬਾਬਾ ਸਾਹਿਬ ਦਾ ਮਿਸ਼ਨ ਕੇਵਲ ਨਾਅਰੇ ਲਗਾਉਣ ਜਾਂ ਦਿਨ ਮਨਾਉਣ ਨਾਲ ਪੂਰਾ ਨਹੀਂ ਹੋਵੇਗਾ, ਇਹ ਉਦੋਂ ਹੀ ਪੂਰਾ ਹੋ ਸਕਦਾ ਹੈ ਜਦੋਂ ਅਸੀਂ ਉਨ੍ਹਾਂ ਦੇ ਦੱਸੇ ਹੋਏ ਰਾਹ ਪੜ੍ਹੋ, ਜੁੜੋ ਅਤੇ ਸੰਘਰਸ਼ ਕਰੋ ਨੂੰ ਆਪਣੇ ਅਮਲੀ ਜੀਵਨ ਵਿੱਚ ਉਤਾਰਾਂਗੇ। ਉਹਨਾਂ ਕਿਹਾ ਕਿ ਬਾਬਾ ਸਾਹਿਬ ਨੇ ਭਾਰਤੀ ਸੰਵਿਧਾਨ ਰਾਹੀਂ ਹਰ ਨਾਗਰਿਕ ਨੂੰ ਬਰਾਬਰ ਦੇ ਅਧਿਕਾਰ ਦਿੱਤੇ ਹਨ, ਪਰ ਇਨ੍ਹਾਂ ਅਧਿਕਾਰਾਂ ਦੀ ਰਾਖੀ ਕਰਨਾ ਸਾਡਾ ਫ਼ਰਜ਼ ਹੈ। ਉਹਨਾਂ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ, ਯੁੱਗ ਪੁਰਸ਼ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਸੁਪਨਿਆਂ ਦਾ ਸਮਾਜ ਸਿਰਜਣ ਅਤੇ ਉਨ੍ਹਾਂ ਦੇ ਮਿਸ਼ਨ ਨੂੰ ਪੂਰਾ ਕਰਨ ਲਈ ਨਵੀਂ ਪੀੜ੍ਹੀ ਨੂੰ ਉੱਚ ਸਿੱਖਿਆ ਅਤੇ ਵਿਗਿਆਨਕ ਸੋਚ ਨਾਲ ਜੋੜਣ ਦੇ ਟੀਚੇ ਨੂੰ ਲੈ ਕੇ ਅੱਜ ਦੇਸ਼ ਭਰ ਵਿੱਚ ਵੱਖ-ਵੱਖ ਸੰਗਠਨ ਕਾਰਜਸ਼ੀਲ ਹਨ। ਇਸ ਦੌਰਾਨ ਡਾ. ਹਰਮੇਸ਼ ਸਿੰਘ ਹਿਆਣਾ ਨੇ ਸੰਗਠਨ ਪ੍ਰਤੀ ਨਿਸਵਾਰਥ ਭਾਵਨਾ ਨਾਲ ਸੇਵਾਵਾਂ ਨਿਭਾਉਣ ਵਾਲੇ ਰਣਜੀਤ ਕੌਰ ਨੂੰ ਮਾਲਵਾ ਜੋਨ ਪ੍ਰਧਾਨ ਇਸਤਰੀ ਵਿੰਗ, ਸੋਮਾ ਰਾਣੀ ਨੂੰ ਇਸਤਰੀ ਵਿੰਗ ਜ਼ਿਲ੍ਹਾ ਪ੍ਰਧਾਨ, ਬਲਵਿੰਦਰ ਕੁਮਾਰ (ਨਿੱਕੂ) ਨੂੰ ਜ਼ਿਲ੍ਹਾ ਯੂਥ ਪ੍ਰਧਾਨ, ਅਸ਼ੋਕ ਕੁਮਾਰ ਨੂੰ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਸੱਤ ਪਾਲ ਨੂੰ ਤਹਿਸੀਲ ਪ੍ਰਧਾਨ ਅਤੇ ਕਮਲਜੀਤ ਕੌਰ ਨੂੰ ਚੇਅਰਪਰਸਨ ਜ਼ਿਲ੍ਹਾ ਲੁਧਿਆਣਾ ਦੇ ਨਿਯੁਕਤੀ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਨਵੇਂ ਨਿਯੁਕਤ ਹੋਏ ਆਹੁਦੇਦਾਰਾਂ ਨੇ ਸੰਗਠਨ ਦੀ ਹੋਰ ਵੀ ਚੜ੍ਹਤ ਲਈ ਪ੍ਰਣ ਲਿਆ ਅਤੇ ਸੰਗਠਨ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਸੰਗਠਨ ਦੇ ਸੂਬਾ ਪ੍ਰੈਸ ਸਕੱਤਰ ਹਾਕਮ ਸਿੰਘ ਭੱਟੀ, ਹਰਜਸ ਸਿੰਘ ਪ੍ਰਧਾਨ, ਹਰਵਿੰਦਰ ਸਿੰਘ ਪਪਨ, ਜ਼ਿਲ੍ਹੇਦਾਰ ਪ੍ਰਧਾਨ ਦੇਸ ਰਾਜ, ਪਰਮਜੀਤ ਕੌਰ, ਸੁਖਵਿੰਦਰ ਕੌਰ, ਹਰਪ੍ਰੀਤ ਕੌਰ, ਖੁਸ਼ੀ, ਊਸ਼ਾ ਰਾਣੀ, ਪਰਮੀਲਾ, ਰੁਪਿੰਦਰ ਕੌਰ, ਅਮਰਜੀਤ ਕੌਰ, ਇੰਦੂ ਰਾਣੀ, ਬਲਜੀਤ ਕੌਰ ਅਤੇ ਸਰਬਜੀਤ ਕੌਰ ਵੀ ਮੌਜੂਦ ਸਨ।

# ਸਰਕਾਰ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀਆਂ ਮੰਨੀਆਂ ਹੋਈਆਂ ਮੰਗਾਂ ਤੁਰੰਤ ਕਰੇ ਲਾਗੂ : ਗੋਇਲ

## ਜੱਥੇਬੰਦਕ ਢਾਂਚੇ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕਰਨ ਦਾ ਸੱਦਾ - ਆਗੂ



ਨਿਹਾਲ ਸਿੰਘ ਵਾਲਾ, ਬਾਘਾ ਪੁਰਾਣਾ 14 ਜੂਨ (ਮਿੰਟੂ ਖੁਰਮੀ ,ਜਗਤਾਰ ਸਰਾਂ ) ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ , ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ , ਸੂਬਾ ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ, ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ , ਸੀਨੀਅਰ ਵਾਇਸ ਪ੍ਰਧਾਨ ਜਸਵਿੰਦਰ ਸਿੰਘ ਖੀਵਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਲੰਘੀ 11 ਅਪ੍ਰੈਲ ਨੂੰ ਸੰਗਰੂਰ ਵਿਖੇ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਚੋਣਾਂ ਮੌਕੇ ਅਤੇ ਨਵੰਬਰ 2024'ਚ ਐਸੋਸੀਏਸ਼ਨ ਦੇ ਸੂਬਾਈ ਵਫ਼ਦ ਨਾਲ ਹੋਈ ਪੈਨਲ ਮੀਟਿੰਗ 'ਚ ਸ਼ਾਰਟ ਟਰਮ ਟ੍ਰੇਨਿੰਗ ਦੇ ਕੇ ਮੁਢੱਲੀਆਂ ਸਿਹਤ ਸੇਵਾਵਾਂ ਦੇਣ ਦੇ ਕੀਤੇ ਵਾਅਦੇ ਨੂੰ ਪੂਰਾ ਕਰਵਾਉਣ ਲਈ ਕੀਤੀ ਵਿਸ਼ਾਲ ਰੈਲੀ ਦੇ ਦਬਾਅ ਸਦਕਾ ਐਸੋਸੀਏਸ਼ਨ ਦੇ ਵਫਦ ਨਾਲ 16 ਅਪ੍ਰੈਲ ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਕੈਬਨਿਟ ਸਬ ਕਮੇਟੀ ਜਿਸ 'ਚ ਮਾਨਯੋਗ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਸਿਹਤ ਸਕੱਤਰ ਸਮੇਤ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਹਾਜ਼ਰੀ 'ਚ ਮਾਨਤਾ ਦੇਣ ਦੀ ਚਿਰੋਕਣੀ ਮੰਗ ਨੂੰ ਸ਼ਾਰਟ ਟਰਮ ਟ੍ਰੇਨਿੰਗ ਉਪਰੰਤ ਮਾਨਤਾ ਦੇਣ ਸਬੰਧੀ ਖੁੱਲ ਕੇ ਵਿਚਾਰ ਵਟਾਂਦਰੇ ਅਤੇ ਵਿਉਂਤਬੰਦੀ ਨੂੰ ਨੇਪਰੇ ਚਾੜ੍ਹਨ ਲਈ ਸਿਹਤ ਸਕੱਤਰ ਅਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਸੀ।ਜਿਸ ਸਬੰਧੀ ਐਸੋਸੀਏਸ਼ਨ ਵੱਲੋਂ ਲਗਾਤਾਰ ਹੁਣ ਵੀ ਲਗਾਤਾਰ ਯਤਨ ਜਾਰੀ ਹਨ। ਉਹਨਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮੰਨੀਆ ਗਈਆਂ ਮੰਗਾਂ ਲਾਗੂ ਕਰਵਾਉਣ ਲਈ ਹੋਰ ਸਾਰਥਿਕ ਉਪਰਾਲੇ ਕਰਨ ਦੀ ਲੋੜ ਤੇ ਜ਼ੋਰ ਦਿੰਦਿਆਂ ਤਿਆਰ ਬਰ ਤਿਆਰ ਰਹਿਣ ਦਾ ਸੱਦਾ ਦਿੱਤਾ ਅਤੇ ਨਿੱਜਤਾ ਤੋਂ ਉੱਪਰ ਉੱਠ ਕੇ ਲਾਮਬੰਦੀ ਕਰਨ ਤੋਂ ਇਲਾਵਾ ਚੱਲ ਰਹੀ ਪਿਰਤ ਅਨੁਸਾਰ ਭਰਾਤਰੀ ਸਾਂਝ ਨਿਭਾਉਂਦਿਆਂ ਹੱਕ ਮੰਗਦੇ ਲੋਕਾਂ ਤੇ ਹੋ ਰਹੇ ਸਰਕਾਰੀ ਜ਼ਬਰ ਦੀ ਨਿਖੇਧੀ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਲੋਕਾਂ/ਜੱਥੇਬੰਦੀਆਂ ਦਾ ਸਮੱਰਥਨ ਕਰਦਿਆਂ ਸ਼ਮੂਲੀਅਤ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਐਸੋਸੀਏਸ਼ਨ ਪੂਰੀ ਤਰ੍ਹਾਂ ਸੰਘਰਸ਼ ਦੇ ਪਿੜ 'ਚ ਚਟਾਨ ਵਾਂਗ ਖੜ੍ਹੀ ਹੈ। ਉਹਨਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਹੇਠਲੇ ਪੱਧਰ 'ਤੇ ਜੱਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸੰਘਰਸ਼ ਲਈ ਹਮੇਸ਼ਾ ਤੱਤਪਰ ਰਹਿਣ ਦੀ ਅਪੀਲ ਵੀ ਕੀਤੀ। ਇਸ ਸਮੇਂ ਸੂਬਾ ਪ੍ਰੈਸ ਸਕੱਤਰ ਚਮਕੌਰ ਸਿੰਘ, ਸੀਨੀਅਰ ਵਾਇਸ ਪ੍ਰਧਾਨ ਅਵਤਾਰ ਸਿੰਘ ਅਤੇ ਸੀ ਆਰ ਸ਼ੰਕਰ , ਲੀਗਲ ਅਡਵਾਈਜ਼ਰ ਜਸਵਿੰਦਰ ਸਿੰਘ ਭੋਗਲ, ਵਾਇਸ ਪ੍ਰਧਾਨ ਗੁਲਜੀਤ ਸਿੰਘ, ਵਾਇਸ ਪ੍ਰਧਾਨ ਦਿਲਦਾਰ ਸਿੰਘ ਚਾਹਲ, ਵਾਇਸ ਪ੍ਰਧਾਨ ਅਰਜਿੰਦਰ ਸਿੰਘ ਕੋਹਾਲੀ, ਵਾਇਸ ਪ੍ਰਧਾਨ ਗੁਰਦੀਪ ਸਿੰਘ ਘੁੱਦਾ, ਸਹਾਇਕ ਸਕੱਤਰ ਸੁਖਚੈਨ ਸਿੰਘ ਅਤੇ ਰਣਜੀਤ ਸਿੰਘ ਸੋਹੀ, ਸਹਾਇਕ ਕੈਸ਼ੀਅਰ ਤਾਰਾ ਚੰਦ ਭਾਵਾ, ਮਨਜੀਤ ਸਿੰਘ, ਅਵਤਾਰ ਸਿੰਘ ਸ਼ਾਹਪੁਰ, ਰਜਿੰਦਰ ਸਿੰਘ ਔਲਖ, ਰਾਕੇਸ਼ ਬਸੀ , ਆਨੰਦ ਵਾਲੀਆ, ਬਲਵੀਰ ਸਿੰਘ ਅਤੇ ਸੱਤਪਾਲ ਰਿਸ਼ੀ ਨੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਸਾਫ਼ ਸੁਥਰੀਆਂ ਸੇਵਾਵਾਂ ਦਿੰਦਿਆਂ ਸੂਬਾ ਕਮੇਟੀ ਵੱਲੋਂ ਉਲੀਕੇ ਹਰ ਪ੍ਰੋਗਰਾਮ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹਨ ਲਈ ਵੀ ਕਿਹਾ।

# ਬੋਹਾ ਤੋਂ ਲਾਪਤਾ ਸਿਹਤ ਵਿਭਾਗ ਦੇ ਕਰਮਚਾਰੀ ਭੁਪਿੰਦਰ ਕੁਮਾਰ ਭਿੰਦਾ ਦੀ ਲਾਸ਼ ਭਾਖੜਾ ਨਹਿਰ ਵਿੱਚੋਂ ਬਰਾਮਦ



ਸਰਦੂਲਗੜ੍ਹ 14 ਜੂਨ: (ਗੁਰਮੇਲ ਭੰਮਾ )-ਪਿਛਲੇ ਦਿਨੀਂ ਬੋਹਾ ਤੋਂ ਲਾਪਤਾ ਹੋਏ ਸਿਹਤ ਵਿਭਾਗ ਦੇ ਕਰਮਚਾਰੀ ਭੁਪਿੰਦਰ ਕੁਮਾਰ ਉਰਫ਼ ਭਿੰਦਾ (52) ਪੁੱਤਰ ਤਰਸੇਮ ਕੁਮਾਰ ਵਾਸੀ ਬੋਹਾ, ਜ਼ਿਲ੍ਹਾ ਮਾਨਸਾ ਦੀ ਲਾਸ਼ ਅੱਜ ਥਾਣਾ ਝੁਨੀਰ ਅਧੀਨ ਪੈਂਦੇ ਪਿੰਡ ਮਾਖੇਵਾਲਾ ਨੇੜੇ ਮੇਨ ਬਰਾਂਚ ਭਾਖੜਾ ਨਹਿਰ ਵਿੱਚੋਂ ਬਰਾਮਦ ਹੋ ਗਈ।ਜਾਣਕਾਰੀ ਅਨੁਸਾਰ ਭੁਪਿੰਦਰ ਕੁਮਾਰ 12 ਜੂਨ ਨੂੰ ਅਚਾਨਕ ਲਾਪਤਾ ਹੋ ਗਏ ਸਨ। ਉਨ੍ਹਾਂ ਦੀ ਭਾਲ ਦੌਰਾਨ ਉਨ੍ਹਾਂ ਦਾ ਮੋਟਰਸਾਈਕਲ ਅਤੇ ਚੱਪਲਾਂ ਰੋਜਾਵਾਲੀ ਨੇੜੇ ਮੇਨ ਬਰਾਂਚ ਭਾਖੜਾ ਕੋਲੋਂ ਮਿਲੀਆਂ ਸਨ। ਇਸ ਤੋਂ ਬਾਅਦ ਸ਼ੱਕ ਦੇ ਆਧਾਰ 'ਤੇ ਐਨ.ਡੀ.ਆਰ.ਐਫ. ਦੀਆਂ ਟੀਮਾਂ, ਗੋਤਾਖੋਰਾਂ ਅਤੇ ਸਮਾਜ ਸੇਵੀ ਲੋਕਾਂ ਦੀ ਮਦਦ ਨਾਲ ਭਾਖੜਾ ਨਹਿਰ ਵਿੱਚ ਲਗਾਤਾਰ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਸੀ।ਤਲਾਸ਼ੀ ਦੌਰਾਨ ਅੱਜ 14 ਜੂਨ ਨੂੰ ਉਨ੍ਹਾਂ ਦੀ ਮ੍ਰਿਤਕ ਦੇਹ ਪਿੰਡ ਮਾਖੇਵਾਲਾ ਨੇੜੇ ਭਾਖੜਾ ਨਹਿਰ ਵਿੱਚੋਂ ਬਰਾਮਦ ਹੋਈ।ਇਸ ਸਬੰਧੀ ਥਾਣਾ ਝੁਨੀਰ ਦੇ ਐਸ.ਐਚ.ਓ. ਭੁਪਿੰਦਰਜੀਤ ਸਿੰਘ ਨੇ ਦੱਸਿਆ ਕਿ ਲਾਪਤਾ ਵਿਅਕਤੀ ਭੁਪਿੰਦਰ ਕੁਮਾਰ ਦੀ ਲਾਸ਼ ਭਾਖੜਾ ਨਹਿਰ ਨੇੜੇ ਪਿੰਡ ਮਾਖੇਵਾਲਾ ਵਿਖੇ ਬਰਾਮਦ ਹੋਣ ਉਪਰੰਤ ਉਸ ਨੂੰ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਬੁਢਲਾਡਾ ਭੇਜਿਆ ਗਿਆ ਹੈ, ਜਿੱਥੇ ਪੋਸਟਮਾਰਟਮ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਥਾਣਾ ਬੋਹਾ ਪੁਲਿਸ ਵੱਲੋਂ ਕੀਤੀ ਜਾ ਰਹੀ ਹੈ, ਕਿਉਂਕਿ ਲਾਪਤਾ ਹੋਣ ਸਬੰਧੀ ਮਾਮਲਾ ਥਾਣਾ ਬੋਹਾ ਵਿਖੇ ਦਰਜ ਹੈ।

# ਸੁਰੱਖਿਆ ਦੇ ਮੱਦੇਨਜ਼ਰ ਸਮਾਜ ਸੇਵੀ ਰਾਜੀਵ ਗਰਗ ਨੇ ਡਿਲੀਵਰੀ ਦੌਰਾਨ ਚਿਹਰਾ ਢਕਣ 'ਤੇ ਰੋਕ ਲਗਾਉਣ ਦੀ ਕੀਤੀ ਮੰਗ

ਸੰਗਰੂਰ, 14 ਜੂਨ ( ਰਾਜੂ ਸਿੰਗਲਾ/ਰਾਜੇਸ਼ ਕੁਮਾਰ): ਹਲਕਾ ਸੁਨਾਮ ਦੇ ਪ੍ਰਸਿੱਧ ਸਮਾਜ ਸੇਵੀ ਰਾਜੀਵ ਗਰਗ ਨੇ ਆਮ ਜਨਤਾ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਪੁਲਿਸ ਪ੍ਰਸ਼ਾਸਨ ਦੇ ਉਚ ਅਧਿਕਾਰੀਆਂ ਨੂੰ ਈ-ਮੇਲ ਰਾਹੀਂ ਮੰਗ ਪੱਤਰ ਭੇਜਿਆ ਹੈ। ਇਸ ਈ-ਮੇਲ ਰਾਹੀਂ ਉਨ੍ਹਾਂ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਹੈ ਕਿ ਵੱਖ-ਵੱਖ ਕੋਰੀਅਰ ਅਤੇ ਫੂਡ ਡਿਲੀਵਰੀ ਕਰਨ ਵਾਲੇ ਕਰਮਚਾਰੀਆਂ ਵੱਲੋਂ ਡਿਲੀਵਰੀ ਦੌਰਾਨ ਆਪਣਾ ਚਿਹਰਾ ਪੂਰੀ ਤਰ੍ਹਾਂ ਢਕਣ 'ਤੇ ਰੋਕ ਲਗਾਉਣ ਲਈ ਤੁਰੰਤ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਜਾਣ। ਪੁਲਿਸ ਪ੍ਰਸ਼ਾਸਨ ਨੂੰ ਭੇਜੇ ਗਏ ਇਸ ਈ-ਮੇਲ ਪੱਤਰ ਵਿੱਚ ਰਾਜੀਵ ਗਰਗ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅਕਸਰ ਦੇਖਿਆ ਜਾਂਦਾ ਹੈ ਕਿ ਡਿਲੀਵਰੀ ਕਰਮਚਾਰੀ ਘਰਾਂ ਅਤੇ ਦਫ਼ਤਰਾਂ ਵਿੱਚ ਸਾਮਾਨ ਪਹੁੰਚਾਉਣ ਸਮੇਂ ਮਾਸਕ, ਹੈਲਮੇਟ ਜਾਂ ਹੋਰ ਕੱਪੜਿਆਂ ਨਾਲ ਆਪਣਾ ਚਿਹਰਾ ਪੂਰੀ ਤਰ੍ਹਾਂ ਢੱਕ ਕੇ ਰੱਖਦੇ ਹਨ ਅਤੇ ਅਜਿਹੀ ਸਥਿਤੀ ਵਿੱਚ ਕਿਸੇ ਵੀ ਸ਼ੱਕੀ ਵਿਅਕਤੀ ਦੀ ਅਸਲ ਪਛਾਣ ਕਰਨਾ ਬੇਹੱਦ ਮੁਸ਼ਕਿਲ ਹੋ ਜਾਂਦਾ ਹੈ, ਜਿਸਦਾ ਫਾਇਦਾ ਚੁੱਕ ਕੇ ਕੋਈ ਵੀ ਸਮਾਜ ਵਿਰੋਧੀ ਅਨਸਰ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇ ਸਕਦਾ ਹੈ। ਰਾਜੀਵ ਗਰਗ ਨੇ ਪੁਲਿਸ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸਬੰਧਤ ਡਿਲੀਵਰੀ ਕੰਪਨੀਆਂ ਅਤੇ ਏਜੰਸੀਆਂ ਨੂੰ ਸਖ਼ਤ ਹੁਕਮ ਦਿੱਤੇ ਜਾਣ ਕਿ ਉਹ ਆਪਣੇ ਕਰਮਚਾਰੀਆਂ ਨੂੰ ਡਿਲੀਵਰੀ ਸਮੇਂ ਚਿਹਰਾ ਸਾਫ਼ ਅਤੇ ਸਪੱਸ਼ਟ ਰੱਖਣ ਦੇ ਨਿਰਦੇਸ਼ ਦੇਣ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸਬ ਡਵੀਜ਼ਨ ਮੂਨਕ ਵਿਖੇ 1 ਮੁਕੱਦਮਾ ਦਰਜ, 1 ਮੁਲਜ਼ਮ ਗ੍ਰਿਫਤਾਰ



ਮੂਨਕ, 14 ਜੂਨ (ਗੁਰਮੇਲ ਸਿੰਘ ਸੰਗਤਪੁਰਾ) ; ਡਾ ਰਵਜੋਤ ਗਰੇਵਾਲ, ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਬ ਡਵੀਜਨ ਮੂਨਕ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 08.06.2026 ਤੋਂ 14.06.2026 ਤੱਕ ਡਰੱਗ ਦਾ 01 ਮੁਕੱਦਮਾ ਦਰਜ ਕਰਕੇ 01 ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ 40 ਨਸ਼ੀਲੀਆਂ ਗੋਲੀਆਂ ਅਤੇ 04 ਗ੍ਰਾਮ ਚਿੱਟਾ/ਹੈਰੋਇੰਨ ਬ੍ਰਾਮਦ ਕਰਵਾਏ ਗਏ ਤੇ 27 ਐਨ.ਡੀ.ਪੀ.ਐਸ ਤਹਿਤ 01 ਮੁਕੱਦਮਾ ਦਰਜ ਕਰਕੇ ਕਥਿਤ ਦੋਸ਼ੀ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਤੇ ਨਸ਼ੇ ਦੀ ਦਲਦਲ ਵਿੱਚ ਫਸੇ 15 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚੋ ਦਵਾਈ ਦਿਲਵਾਈ ਗਈ ।ਵੱਖ ਵੱਖ ਧਾਰਾਵਾਂ ਤਹਿਤ ਦਰਜ ਹੋਏ ਮੁਕੱਦਮਿਆ ਵਿੱਚ 26 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ 117 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆ ਦੀ ਚੈਕਿੰਗ ਕਰਕੇ 56 ਵਿਅਕਤੀਆਂ ਵਿਰੁੱਧ 172 ਬੀਐਨਐਸ?ਐਸ ਤਹਿਤ ਕਾਰਵਾਈ ਕੀਤੀ ਗਈ ਅਤੇ 22 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਐਸ ਐਸ ਪੀ ਸਾਹਿਬਾਂ ਨੇ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਬਾਬਾ ਲੱਖ ਦਾਤਾ ਲਾਲਾ ਵਾਲੇ ਪੀਰ ਦੀ ਦਰਗਾਹ 'ਤੇ ਸਲਾਨਾ ਜੋੜ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਭਰਿਆ

## ਹਜ਼ਾਰਾਂ ਚ ਸੰਗਤਾਂ ਨੇ ਟੇਕਿਆ ਮੱਥਾ, ਐਡੀਸ਼ਨਲ ਐਸਐਚਓ ਚੰਨਾ ਸਿੰਘ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ, ਕਮੇਟੀ ਵੱਲੋਂ ਕੀਤਾ ਗਿਆ ਸਨਮਾਨਿਤ



ਖਨੌਰੀ 14 ਜੂਨ (ਸਤਨਾਮ ਸਿੰਘ ਕੰਬੋਜ ) : ਖਨੌਰੀ ਦੇ ਨਜ਼ਦੀਕੀ ਪਿੰਡ ਸ਼ਤਰਾਨਾ ਵਿਖੇ ਬਾਬਾ ਲੱਖ ਦਾਤਾ ਲਾਲਾ ਵਾਲੇ ਪੀਰ ਦੀ ਦਰਗਾਹ 'ਤੇ ਹਰ ਸਾਲ ਦੀ ਤਰ੍ਹਾਂ 30 ਜੇਠ ਦਾ ਸਲਾਨਾ ਜੋੜ ਮੇਲਾ ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਦਰਗਾਹ 'ਤੇ ਨਤਮਸਤਕ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਮੇਲੇ ਦੌਰਾਨ ਧਾਰਮਿਕ ਸਮਾਗਮ, ਕਵਾਲੀਆਂ ਅਤੇ ਲੰਗਰਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿੱਥੇ ਸੰਗਤ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਪੂਰਾ ਇਲਾਕਾ ਭਗਤੀਮਈ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ।ਇਸ ਮੌਕੇ ਥਾਣਾ ਖਨੌਰੀ ਦੇ ਐਡੀਸ਼ਨਲ ਐਸਐਚਓ ਸਬ ਇੰਸਪੈਕਟਰ ਚੰਨਾ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਦਰਗਾਹ 'ਤੇ ਮੱਥਾ ਟੇਕ ਕੇ ਇਲਾਕੇ ਦੀ ਖੁਸ਼ਹਾਲੀ ਅਤੇ ਅਮਨ-ਸ਼ਾਂਤੀ ਲਈ ਅਰਦਾਸ ਕੀਤੀ। ਬਾਬਾ ਲਾਲਾ ਵਾਲਾ ਪੀਰ ਦਰਗਾਹ ਪ੍ਰਬੰਧਕ ਕਮੇਟੀ ਵੱਲੋਂ ਚੰਨਾ ਸਿੰਘ ਨੂੰ ਸਿਰੋਪਾ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਕਮੇਟੀ ਮੈਂਬਰਾਂ ਨੇ ਦੱਸਿਆ ਕਿ ਇਹ ਜੋੜ ਮੇਲਾ ਇਲਾਕੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਦਾ ਪ੍ਰਤੀਕ ਹੈ, ਜਿਸ ਵਿੱਚ ਹਰ ਸਾਲ ਦੂਰ-ਦੂਰ ਤੋਂ ਸੰਗਤਾਂ ਪਹੁੰਚਦੀਆਂ ਹਨ। ਉਨ੍ਹਾਂ ਨੇ ਮੇਲੇ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲੀਆਂ ਸਮੂਹ ਸੰਗਤਾਂ ਅਤੇ ਪ੍ਰਸ਼ਾਸਨ ਦਾ ਧੰਨਵਾਦ ਵੀ ਕੀਤਾ।

# ਟਰੱਕਾਂ ਵਿੱਚੋਂ ਚਾਰ ਬੈਟਰੀਆਂ ਚੋਰੀ

ਗੁਰਦਾਸਪੁਰ, 14 ਜੂਨ (ਜਨ ਜਾਗਰਣ ਬਿਊਰੋ)-ਗੁਰਦਾਸਪੁਰ ਤੋਂ ਦੌਰਾਗਲਾ ਰੋਡ ਤੇ ਸਥਿਤ ਅੱਡਾ ਮਗਰਮੂਦੀਆਂ ਵਿਖੇ ਘਰ ਦੇ ਬਾਹਰ ਖੜ੍ਹੇ ਕੀਤੇ ਦੋ ਟਰੱਕਾਂ ਵਿੱਚੋਂ ਅਣਪਛਾਤੇ ਚੋਰ ਚਾਰ ਬੈਟਰੀਆਂ ਚੋਰੀ ਕਰਕੇ ਫਰਾਰ ਹੋ ਗਿਆ। ਕਰੀਬ ਛੇ ਮਹੀਨੇ ਪਹਿਲਾਂ ਵੀ ਇਸੇ ਘਰ ਦੇ ਅੰਦਰ ਵੜ ਕੇ ਚੋਰ ਜੇਸੀਬੀ ਅਤੇ ਟਿੱਪਰਾਂ ਦੀਆਂ ਅੱਠ ਬੈਟਰੀਆਂ ਚੋਰੀ ਕਰਕੇ ਲੈ ਗਏ ਸੀ ਤੇ ਛੇ ਮਹੀਨੇ ਬਾਅਦ ਇਹ ਦੂਜੀ ਘਟਨਾ ਹੋਈ ਹੈ । ਚੋਰ ਸੀਸੀਟੀਵੀ ਕੈਮਰੇ ਵਿੱਚ ਵੀ ਕੈਦ ਹੋਇਆ ਹੈ। ਜਾਣਕਾਰੀ ਦਿੰਦੇ ਹੋਏ ਪ੍ਰੀਤ ਜੇਸੀਬੀ ਦੇ ਮਾਲਕ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਦੋ ਟਰੱਕ ਘਰ ਦੇ ਬਾਹਰ ਖੜ੍ਹੇ ਕੀਤੇ ਹੋਏ ਸਨ। ਸਵੇਰੇ ਜਦੋਂ ਉਨ੍ਹਾਂ ਨੇ ਟਰੱਕਾਂ ਦੀ ਜਾਂਚ ਕੀਤੀ ਤਾਂ ਉਨ੍ਹਾਂ ਵਿੱਚੋਂ ਚਾਰ ਬੈਟਰੀਆਂ ਗਾਇਬ ਮਿਲੀਆਂ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਇੱਕ ਵਾਰ ਚੋਰਾਂ ਵੱਲੋਂ ਇਸੇ ਤਰ੍ਹਾਂ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ ਸੀ ਅਤੇ ਹੁਣ ਦੂਜੀ ਵਾਰ ਫਿਰ ਚੋਰੀ ਹੋਣ ਨਾਲ ਉਨ੍ਹਾਂ ਨੂੰ ਆਰਥਿਕ ਨੁਕਸਾਨ ਝੱਲਣਾ ਪਿਆ ਹੈ। ਮਨਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸੰਬੰਧੀ ਦੌਰਾਗਲਾ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

# ਨੇਕੀ ਫਾਉਂਡੇਸ਼ਨ ਬੁਢਲਾਡਾ ਵੱਲੋਂ ਸਵ. ਮਾਸਟਰ ਰਾਜੇਸ਼ ਕੁਮਾਰ ਦੀ ਯਾਦ ਵਿੱਚ ਲਗਾਇਆ ਮੁਫ਼ਤ ਅੱਖਾਂ ਦਾ ਚੈੱਕਅੱਪ ਅਤੇ ਅਪ੍ਰੇਸ਼ਨ ਕੈਂਪ

## 200 ਤੋਂ ਵੱਧ ਮਰੀਜਾਂ ਦਾ ਕੀਤਾ ਮੁਫ਼ਤ ਚੈੱਕਅੱਪ; 25 ਲੋੜਵੰਦਾਂ ਨੂੰ ਅਪ੍ਰੇਸ਼ਨ ਅਤੇ ਲੈਂਜ਼ ਪਾਉਣ ਲਈ ਰਾਮਪੁਰਾ ਹਸਪਤਾਲ ਭੇਜਿਆ



ਬੁਢਲਾਡਾ, 14 ਜੂਨ ( ਸੋਨੂੰ ਕਟਾਰੀਆ ) ਮਾਨਵਤਾ ਦੀ ਸੇਵਾ ਨੂੰ ਸਮਰਪਿਤ ਸੰਸਥਾ ਨੇਕੀ ਫਾਉਂਡੇਸ਼ਨ ਬੁਢਲਾਡਾ ਵੱਲੋਂ ਸਵ. ਮਾਸਟਰ ਰਾਜੇਸ਼ ਕੁਮਾਰ (ਭੀਖੀ) ਜੀ ਦੀ ਪਹਿਲੀ ਬਰਸੀ ਮੌਕੇ ਉਨ੍ਹਾਂ ਦੀ ਯਾਦ ਵਿੱਚ ਇੱਕ ਵਿਸ਼ਾਲ ਮੁਫ਼ਤ ਅੱਖਾਂ ਦਾ ਚੈੱਕਅੱਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਗਿਆ। ਇਹ ਕੈਂਪ ਸਥਾਨਕ 'ਸ਼੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ (ਸਾਈਟ), ਸਾਹਮਣੇ ਰੇਲਵੇ ਸਟੇਸ਼ਨ, ਨੇੜੇ 639 ਪੱਲੇਦਾਰ ਯੂਨੀਅਨ, ਬੁਢਲਾਡਾ' ਵਿਖੇ ਬੜੀ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ। ਇਸ ਕੈਂਪ ਦੌਰਾਨ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਰਾਮਪੁਰਾ ਫੂਲ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਕੈਂਪ ਵਿੱਚ ਪਹੁੰਚੇ ਲਗਭਗ 200 ਮਰੀਜਾਂ ਦੀਆਂ ਅੱਖਾਂ ਦਾ ਮੁਫ਼ਤ ਚੈੱਕਅੱਪ ਕੀਤਾ ਗਿਆ ਅਤੇ ਫਾਉਂਡੇਸ਼ਨ ਵੱਲੋਂ ਉਨ੍ਹਾਂ ਨੂੰ ਲੋੜੀਂਦੀਆਂ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਗਈਆਂ। ਜਾਂਚ ਦੌਰਾਨ ਚਿੱਟੇ ਮੋਤੀਏ ਤੋਂ ਪੀੜਤ 25 ਮਰੀਜਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਨੂੰ ਮੁਫ਼ਤ ਅਪ੍ਰੇਸ਼ਨ ਅਤੇ ਲੈਂਜ਼ ਪਾਉਣ ਲਈ ਰਾਮਪੁਰਾ ਹਸਪਤਾਲ ਵਿਖੇ ਭੇਜਿਆ ਗਿਆ। ਨੇਕੀ ਫਾਉਂਡੇਸ਼ਨ ਦੇ ਮੈਂਬਰਾਂ ਨੇ ਦੱਸਿਆ ਕਿ ਅਪ੍ਰੇਸ਼ਨ ਵਾਲੇ ਮਰੀਜ਼ਾਂ ਨੂੰ ਹਸਪਤਾਲ ਤੱਕ ਲੈ ਕੇ ਜਾਣ, ਵਾਪਸ ਲਿਆਉਣ ਅਤੇ ਉੱਥੇ ਰਹਿਣ-ਖਾਣ ਦਾ ਸਾਰਾ ਪ੍ਰਬੰਧ ਸੰਸਥਾ ਵੱਲੋਂ ਕੀਤਾ ਜਾ ਰਿਹਾ ਹੈ।ਮਰੀਜ਼ਾਂ ਕੋਲੋਂ ਕਿਸੇ ਵੀ ਪ੍ਰਕਾਰ ਦਾ ਕੋਈ ਖ਼ਰਚਾ ਨਹੀਂ ਲਿਆ ਗਿਆ। ਸਮਾਗਮ ਦੌਰਾਨ ਨੇਕੀ ਫਾਉਂਡੇਸ਼ਨ ਦੇ ਪ੍ਰਬੰਧਕਾਂ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਚ ਯੋਗਦਾਨ ਪਾਉਣ ਅਤੇ ਮਾਸਟਰ ਰਾਜੇਸ਼ ਕੁਮਾਰ ਜੀ ਦੀ ਯਾਦ ਨੂੰ ਬਰਕਰਾਰ ਰੱਖਣ ਲਈ ਉਹਨਾਂ ਦੇ ਪਰਿਵਾਰ ਪਤਨੀ ਬਬੀਤਾ ਰਾਣੀ ਅਤੇ ਪੁੱਤਰ ਦਿਸ਼ਾਂਤ ਗੋਇਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਉਹਨਾਂ ਨਾਲ ਹੋਰ ਪਰਿਵਾਰਿਕ ਮੈਂਬਰ ਰਾਜ ਕੁਮਾਰ ਅਤੇ ਇੰਦਰ ਗਰਗ ਮੌਜੂਦ ਰਹੇ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਮਰੀਜ਼ਾਂ ਨੇ ਨੇਕੀ ਫਾਉਂਡੇਸ਼ਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਂਪ ਗਰੀਬ ਅਤੇ ਲੋੜਵੰਦ ਲੋਕਾਂ ਲਈ ਵਰਦਾਨ ਸਾਬਤ ਹੁੰਦੇ ਹਨ। ਕੈਂਪ ਨੂੰ ਸਫ਼ਲ ਬਣਾਉਣ ਵਿੱਚ ਫਾਉਂਡੇਸ਼ਨ ਦੇ ਸਮੂਹ ਮੈਂਬਰਾਂ ਅਤੇ ਸੇਵਾਦਾਰਾਂ ਨੇ ਦਿਨ-ਰਾਤ ਇੱਕ ਕਰਕੇ ਆਪਣਾ ਅਹਿਮ ਯੋਗਦਾਨ ਪਾਇਆ। ਅਗਲਾ ਕੈਂਪ 12 ਜੁਲਾਈ 2026 ਨੂੰ ਇਸੇ ਥਾਂ ਉੱਤੇ ਲੱਗੇਗਾ।

# ਸਹਾਇਕ ਥਾਣੇਦਾਰ ਜਜ਼ਵਿੰਦਰ ਸਿੰਘ ਨੇ ਸੰਭਾਲੀ ਸਿਟੀ ਚੌਂਕੀ ਪਾਤੜਾਂ ਦੀ ਕਮਾਨ



ਖਨੌਰੀ , 14 ਜੂਨ ( ਸਤਨਾਮ ਸਿੰਘ ਕੰਬੋਜ ) ਸਹਾਇਕ ਥਾਣੇਦਾਰ ਜਜ਼ਵਿੰਦਰ ਸਿੰਘ ਨੇ ਸਿਟੀ ਚੌਂਕੀ ਪਾਤੜਾਂ ਦੇ ਇੰਚਾਰਜ ਵਜੋਂ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਇਸ ਤੋਂ ਪਹਿਲਾਂ ਥਾਣਾ ਸੰਭੂ ਅਧੀਨ ਚੌਂਕੀ ਤੇਪਲਾ ਵਿਖੇ ਤਾਇਨਾਤ ਸਨ, ਜਿੱਥੇ ਉਨ੍ਹਾਂ ਨੇ ਕਰੀਬ 16 ਮਹੀਨੇ ਆਪਣੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾਵੇਗਾ ਅਤੇ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਸਿਟੀ ਚੌਂਕੀ ਇੰਚਾਰਜ ਜਸਵਿੰਦਰ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਮੁਖੀ ਪਟਿਆਲਾ ਦੇ ਐਸਐਸਪੀ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਾਨੂੰਨ-ਵਿਵਸਥਾ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਵੇਗਾ। ਉਨ੍ਹਾਂ ਸ਼ਰਾਰਤੀ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੋਂ ਤੁਰੰਤ ਬਾਜ਼ ਆ ਜਾਣ, ਨਹੀਂ ਤਾਂ ਉਨ੍ਹਾਂ ਨੂੰ ਜਲਦੀ ਹੀ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇਗਾ ਅਤੇ ਲੋਕਾਂ ਦੀ ਸੁਰੱਖਿਆ ਲਈ ਪੁਲਿਸ ਹਰ ਸਮੇਂ ਵਚਨਬੱਧ ਰਹੇਗੀ।

